ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

YouTube https://youtu.be/LQwolgxDu7I

awazeqaumtvpunjab@gmail.com

ਵੀਰਵਾਰ, 29 ਅਗਸਤ 2024 (ਨਾਨਕਸ਼ਾਹੀ ਸੰਮਤ : ੫੫੬, ੧੪ ਭਾਦਰੋਂ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243

## ਪਠਾਨਕੋਟ ਵਿਚ ਫਿਰ ਦੇਖੇ ਗਏ ਸ਼ੱਕੀ

# ਵੱਡੀ ਗਿਣਤੀ ਪੁਲਸ ਫੋਰਸ ਤਾਇਨਾਤ

**ਪਠਾਨਕੋਟ, 28 ਅਗਸਤ (ਆਵਾਜ਼ਿ ਕੌਮ ਬਿਊਰੋ)**-ਸਰਹੱਦੀ ਖੇਤਰ ਦੇ ਪੁਲਸ ਸਟੇਸ਼ਨ ਤਾਰਾਗੜ੍ਹ ਅਧੀਨ ਆਉਂਦੇ ਪਿੰਡ ਛੋੜੀਆਂ ਵਿਖੇ ਤਿੰਨ ਸ਼ੱਕੀ ਵਿਅਕਤੀ ਵੇਖਣ ਦਾ ਸਮਾਚਾਰ ਪ੍ਰਾਪਤ ਹੋਇਆ ਹੈ। ਜਿਸ ਤੋਂ ਉਪਰੰਤ ਪੁਲਸ ਵੱਲੋਂ ਪੂਰੇ ਇਲਾਕੇ ਅੰਦਰ ਭਾਰੀ ਫੋਰਸ ਨਾਲ ਸਰਚ ਅਭਿਆਨ ਸ਼ੁਰੂ ਕਰ ਦਿੱਤਾ ਗਿਆ ਹੈ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਪਿੰਡ ਦੇ ਸਰਪੰਚ ਸੁਨੀਲ ਕੁਮਾਰ ਨੇ ਦੱਸਿਆ ਕਿ ਸਾਡੇ ਪਿੰਡ ਦੇ ਬਾਹਰਵਾਰ ਇੱਕ ਇਕੱਲਾ ਘਰ ਹੈ, ਇਸ ਘਰ ਵਿੱਚ ਸਵੇਰੇ 11 ਵਜੇ ਦੇ ਕਰੀਬ ਘਰ 'ਚ ਇਕੱਲੀ ਔਰਤ ਮੌਜੂਦ ਸੀ ਜਦ ਘਰ ਦਾ ਮੇਨ ਗੇਟ ਖੜਕਾਇਆ ਗਿਆ ਤਾਂ ਉਸ ਵਲੋਂ ਗੇਟ ਤਾਂ ਨਹੀਂ ਖੋਲਿਆ ਗਿਆ ਪਰ ਛੱਤ 'ਤੇ ਚੜ੍ਹ ਕੇ ਜਦ ਦੇਖਿਆ ਤਾਂ ਗੇਟ ਦੇ ਕੋਲ ਤਿੰਨ ਸ਼ੱਕੀ ਵਿਅਕਤੀ ਖੜ੍ਹੇ ਸਨ। ਇਨ੍ਹਾਂ ਸ਼ੱਕੀ ਵਿਅਕਤੀਆਂ ਵੱਲੋਂ ਔਰਤ ਕੋਲੋਂ ਕੁਝ ਪੈਸਿਆਂ ਦੀ ਮੰਗ ਕੀਤੀ ਗਈ ਪਰ ਔਰਤ ਵੱਲੋਂ ਜਦ ਇਹਨਾਂ ਸ਼ੱਕੀ ਵਿਅਕਤੀਆਂ ਬਾਰੇ ਪਿੰਡ



ਵਾਸੀਆਂ ਨੂੰ ਜਾਣਕਾਰੀ ਦਿੱਤੀ ਤਾਂ ਪਿੰਡ ਵਾਸੀਆਂ ਦੇ ਮੌਕੇ 'ਤੇ ਆਉਣ ਤੋਂ ਪਹਿਲਾਂ ਹੀ ਇਹ ਸ਼ੱਕੀ ਵਿਅਕਤੀ ਨੇੜੇ ਕਮਾਦ ਦੇ ਖੇਤਾਂ ਵਿੱਚ ਵੜ ਗਏ। ਇਸ ਮੌਕੇ ਸਰਪੰਚ ਸੁਨੀਲ ਕੁਮਾਰ ਨੇ ਦੱਸਿਆ ਕਿ ਉਸ ਔਰਤ ਵੱਲੋਂ ਦੱਸਿਆ ਗਿਆ ਹੈ ਕਿ ਦੋ ਵਿਅਕਤੀਆਂ ਵੱਲੋਂ ਆਰਮੀ ਵਰਦੀ ਵਰਗੇ ਕੱਪੜੇ ਪਾਏ ਹੋਏ ਸਨ ਅਤੇ ਇੱਕ ਵੱਲੋਂ ਸੈਂਡੋ ਬਨੈਨ ਅਤੇ ਨਿੱਕਰ ਪਾਈ ਹੋਈ ਸੀ. ਇਨ੍ਹਾਂ ਵੱਲੋਂ ਕਾਲੇ ਕੱਪੜੇ ਨਾਲ ਆਪਣੇ ਮੂੰਹ ਬੰਨ੍ਹੇ ਹੋਏ ਸਨ ਅਤੇ ਇੱਕ ਵਿਅਕਤੀ ਵੱਲੋਂ ਆਪਣੀ ਪਿੱਠ ਤੇ ਪਿੱਠੂ ਬੈਗ ਪਾਇਆ ਹੋਇਆ ਸੀ। ਸਰਪੰਚ ਵੱਲੋਂ ਇਸ ਸਬੰਧੀ ਥਾਣਾ ਤਾਰਾਗੜ੍ਹ ਅੰਦਰ ਸੂਚਿਤ ਕੀਤਾ ਗਿਆ ਤੁਰੰਤ ਇਲਾਕੇ ਦੇ ਡੀ. ਐੱਸ. ਪੀ. ਸੁਖਜਿੰਦਰ ਸਿੰਘ ਸਮੇਤ ਭਾਰੀ ਗਿਣਤੀ 'ਚ ਪੁਲਸ ਫੋਰਸ ਨਾਲ ਪਹੁੰਚ ਗਈ ਜਿਸ ਤੋਂ ਉਪਰੰਤ ਪੂਰੇ ਇਲਾਕੇ ਅੰਦਰ ਸਰਚ ਅਭਿਆਨ ਸ਼ੁਰੂ ਕਰ ਦਿੱਤਾ ਗਿਆ। ਇਸ ਮੌਕੇ ਐੱਸ. ਐੱਸ. ਪੀ. ਪਠਾਨਕੋਟ ਦਲਜਿੰਦਰ ਸਿੰਘ ਢਿੱਲੋਂ ਵੀ ਮੌਕੇ 'ਤੇ ਪਹੁੰਚੇ। ਉਹਨਾਂ ਪੱਤਰਕਾਰਾਂ ਨੂੰ ਦੱਸਿਆ ਕਿ ਇਸ ਸੂਚਨਾ ਮਿਲਣ ਉਪਰੰਤ ਪੁਲਸ ਦੀ ਭਾਰੀ ਫੋਰਸ ਇਥੇ ਪਹੁੰਚ ਗਈ ਹੈ ਅਤੇ ਇਲਾਕੇ ਅੰਦਰ ਸਰਚ ਅਭਿਆਨ ਚਲਾਇਆ ਜਾ ਰਿਹਾ ਹੈ।

Exclusive News

## ਜਲੰਧਰ 'ਚ ਪੁਲਸ ਤੇ ਨਸ਼ਾ ਤਸਕਰਾਂ ਵਿਚਾਲੇ ਚੱਲੀਆਂ ਗੋਲੀਆਂ

**ਜਲੰਧਰ, 28 ਅਗਸਤ (ਆਵਾਜ਼ਿ ਕੌਮ ਬਿਊਰੋ)**-ਜਲੰਧਰ ਤੋਂ ਇਸ ਸਮੇਂ ਦੀ ਵੱਡੀ ਖ਼ਬਰ ਸਾਹਮਣੇ ਆ ਰਹੀ ਹੈ। ਲਾਜਪਤ ਨੰਗਰ 'ਚ ਬੁੱਧਵਾਰ ਨੂੰ ਨਸ਼ਾ ਤਸਕਰਾਂ ਅਤੇ ਪੁਲਸ ਵਿਚਾਲੇ ਗੋਲੀਆਂ ਚੱਲ ਗਈਆਂ। ਇਸ ਦੌਰਾਨ ਇਕ ਤਸਕਰ ਨੂੰ ਗੋਲੀ ਲੱਗੀ ਹੈ, ਜੋ ਕਿ ਜ਼ਖ਼ਮੀ ਹੋ ਗਿਆ ਹੈ। ਉਸ ਨੂੰ ਹਸਪਤਾਲ 'ਚ ਦਾਖਲ ਕਰਵਾਇਆ ਗਿਆ ਹੈ। ਦੱਸ ਦੇਈਏ ਕਿ ਜਲੰਧਰ ਦੇ ਪੁਲਸ ਕਮਿਸ਼ਨਰ ਸਵਪਨ ਸ਼ਰਮਾ ਨੇ ਅਪਰਾਧੀਆਂ ਖ਼ਿਲਾਫ ਮੁਹਿੰਮ ਛੇੜੀ ਹੋਈ ਹੈ। ਆਏ ਦਿਨ ਪੁਲਸ ਕਿਸੇ ਨਾ ਕਿਸੇ ਵੱਡੇ ਅਪਰਾਧੀ ਨੂੰ ਗ੍ਰਿਫਤਾਰ ਕਰ ਰਹੀ ਹੈ। ਦੱਸਿਆ ਜਾ ਰਿਹਾ ਹੈ ਕਿ ਪੁਲਸ ਵਲੋਂ ਚਲਾਈ ਗਈ ਮੁਹਿੰਮ ਦੌਰਾਨ ਅੱਜ ਕੁੱਝ ਤਸਕਰਾਂ ਵਲੋਂ ਨਸ਼ਾ ਸਪਲਾਈ ਕੀਤੇ ਜਾਣ ਦੀ ਸੂਚਨਾ ਮਿਲੀ ਸੀ, ਜਿਸ ਤੋਂ ਬਾਅਦ ਪੁਲਸ ਟੀਮ ਵਲੋਂ ਤੁਰੰਤ ਕਾਰਵਾਈ ਕੀਤੀ ਗਈ। ਇਸ ਦੌਰਾਨ ਨਸ਼ਾ ਤਸਕਰਾਂ ਦਾ ਪਿੱਛਾ ਕਰਨ ਗਈ ਪੁਲਸ 'ਤੇ ਤਸਕਰਾਂ ਨੇ ਗੋਲੀਆਂ ਚਲਾ ਦਿੱਤੀਆਂ, ਜਿਸ ਦੀ ਜਵਾਬੀ ਕਾਰਵਾਈ 'ਚ ਇਕ ਤਸਕਰ ਜ਼ਖ਼ਮੀ ਹੋ ਗਿਆ। ਜਾਣਕਾਰੀ ਮਿਲੀ ਹੈ ਕਿ ਇਸ ਦੌਰਾਨ ਪੁਲਸ ਨੇ ਸਮੱਗਲਰਾਂ ਕੋਲੋਂ ਹਥਿਆਰ ਅਤੇ ਨਸ਼ੀਲੇ ਪਦਾਰਥ ਬਰਾਮਦ ਕੀਤੇ ਹਨ। ਫਿਲਹਾਲ ਪੁਲਸ ਵੱਲੋਂ ਅਗਲੇਰੀ ਕਾਰਵਾਈ ਕੀਤੀ ਜਾ ਰਹੀ ਹੈ।

## ਜੰਮੂ-ਕਟੜਾ ਐਕਸਪ੍ਰੈਸ ਵੇਅ 'ਤੇ ਖੜਕੀਆਂ ਡਾਂਗਾਂ! ਪੰਜਾਬ ਸਰਕਾਰ ਨੇ ਕਬਜ਼ਾ ਲੈਣ ਲਈ ਭੇਜੀ ਪੁਲਿਸ, ਅੱਗੋਂ ਕਿਸਾਨਾਂ ਨੇ ਕਰਤਾ ਵੱਡਾ ਐਕਸ਼ਨ

**ਚੰਡੀਗੜ੍ਹ, 28 ਅਗਸਤ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਦੇ ਮਲੇਰਕੋਟਲਾ 'ਚ ਜੰਮੂ-ਕਟੜਾ ਐਕਸਪ੍ਰੈਸ ਵੇਅ ਲਈ ਜ਼ਮੀਨ ਐਕਵਾਇਰ ਕਰਨ ਨੂੰ ਲੈ ਕੇ ਕਿਸਾਨਾਂ ਤੇ ਪੁਲਿਸ ਵਿਚਾਲੇ ਝੜਪ ਹੋ ਗਈ। ਕਿਸਾਨਾਂ ਨੇ ਪੁਲਿਸ ਦੇ ਬੈਰੀਕੇਡ ਤੋੜ ਦਿੱਤੇ। ਇਸ ਤੋਂ ਬਾਅਦ ਇੱਥੇ ਸਥਿਤੀ ਤਣਾਅਪੂਰਨ ਬਣੀ ਹੋਈ ਹੈ। ਪ੍ਰਸ਼ਾਸਨ ਨੇ ਕੱਲ੍ਹ ਮੰਗਲਵਾਰ ਨੂੰ ਇੱਥੇ ਜ਼ਮੀਨ ਐਕੁਆਇਰ ਕੀਤੀ ਸੀ। ਇਸ ਤੋਂ ਬਾਅਦ ਬੁੱਧਵਾਰ ਨੂੰ ਭਾਰਤੀ ਕਿਸਾਨ ਯੂਨੀਅਨ (ਉਗਰਾਹਾਂ) ਦੇ ਮੈਂਬਰ ਰੋਸ ਪ੍ਰਦਰਸ਼ਨ ਕਰਨ ਪਹੁੰਚ ਗਏ। ਉਨ੍ਹਾਂ ਪੁਲਿਸ ਵੱਲੋਂ ਲਾਏ ਟਿੱਪਰਾਂ ਨੂੰ ਵੀ ਧੱਕਾ ਦੇ ਕੇ ਉਥੋਂ ਹਟਾ ਦਿੱਤਾ। ਦੱਸ ਦਈਏ ਕਿ ਇਸ ਮਾਮਲੇ ਨੂੰ ਲੈ ਕੇ ਬੁੱਧਵਾਰ ਦੇਰ ਸ਼ਾਮ ਦਿੱਲੀ 'ਚ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਅਗਵਾਈ 'ਚ ਉੱਚ ਪੱਧਰੀ ਮੀਟਿੰਗ ਹੋਣ ਜਾ ਰਹੀ ਹੈ। ਮੀਟਿੰਗ ਵਿੱਚ NHAI ਦੇ ਅਧਿਕਾਰੀਆਂ ਤੋਂ ਇਲਾਵਾ ਪੰਜਾਬ ਸਰਕਾਰ ਦੇ ਅਧਿਕਾਰੀਆਂ ਨੂੰ ਵੀ ਬੁਲਾਇਆ ਗਿਆ ਹੈ। ਇਸ ਮੀਟਿੰਗ ਵਿੱਚ ਦਿੱਲੀ-ਅੰਮ੍ਰਿਤਸਰ-ਕਟੜਾ ਐਕਸਪ੍ਰੈਸ ਹਾਈਵੇਅ ਦੀ ਜ਼ਮੀਨ ਐਕਵਾਇਰ ਕਰਨ ਸਬੰਧੀ ਆ ਰਹੀਆਂ ਮੁਸ਼ਕਲਾਂ ਸਮੇਤ ਸਾਰੇ ਮੁੱਦਿਆਂ 'ਤੇ ਰਿਪੋਰਟ ਪੇਸ਼ ਕੀਤੀ ਜਾਵੇਗੀ। ਦੂਜੇ ਪਾਸੇ ਪੰਜਾਬ ਤੇ ਹਰਿਆਣਾ ਹਾਈ ਕੋਰਟ ਵੀ ਜ਼ਮੀਨ ਐਕਵਾਇਰ ਨੂੰ ਲੈ ਕੇ ਸਖ਼ਤ ਹੈ। ਹਾਲ ਹੀ ਵਿੱਚ ਹੋਈ ਸੁਣਵਾਈ ਵਿੱਚ ਹਾਈਕੋਰਟ ਨੇ ਪੰਜਾਬ ਸਰਕਾਰ ਨੂੰ ਦੋ ਹਫ਼ਤਿਆਂ ਵਿੱਚ ਜ਼ਮੀਨ ਐਕਵਾਇਰ ਕਰਨ ਦੀ ਪ੍ਰਕਿਰਿਆ ਪੂਰੀ ਕਰਨ ਲਈ ਕਿਹਾ ਹੈ। ਪੰਜਾਬ ਸਰਕਾਰ ਵੱਲੋਂ ਇਸ ਮਾਮਲੇ ਵਿੱਚ 6 ਸਤੰਬਰ ਨੂੰ ਹਾਈਕੋਰਟ ਵਿੱਚ ਜਵਾਬ ਦਾਖ਼ਲ ਕੀਤਾ ਜਾਣਾ ਹੈ। ਦਰਅਸਲ ਜਿਵੇਂ ਹੀ ਪ੍ਰਧਾਨ ਮੰਤਰੀ ਦਫ਼ਤਰ ਵੱਲੋਂ NHAI ਦੇ ਪ੍ਰੋਜੈਕਟਾਂ ਨੂੰ ਲੈ ਕੇ ਮੀਟਿੰਗ ਰੱਖੀ ਗਈ, ਪੰਜਾਬ ਸਰਕਾਰ ਵੀ ਸਰਗਰਮ ਹੋ ਗਈ। ਮੁੱਖ ਸਕੱਤਰ ਅਨੁਰਾਗ ਵਰਮਾ ਦੀ ਤਰਫੋਂ ਡੀਜੀਪੀ ਗੌਰਵ ਯਾਦਵ ਨੂੰ ਪੱਤਰ ਲਿਖਿਆ ਗਿਆ। ਉਨ੍ਹਾਂ ਪੱਤਰ ਵਿੱਚ ਲਿਖਿਆ ਸੀ ਕਿ ਪ੍ਰਧਾਨ ਮੰਤਰੀ 28 ਅਗਸਤ ਨੂੰ ਦਿੱਲੀ-ਅੰਮ੍ਰਿਤਸਰ-ਕਟੜਾ ਐਕਸਪ੍ਰੈਸ ਵੇਅ ਦੀ ਪ੍ਰਗਤੀ ਦੀ ਸਮੀਖਿਆ ਕਰਨਗੇ। ਇਸ ਸਬੰਧੀ ਡਿਪਟੀ ਕਮਿਸ਼ਨਰਾਂ ਨਾਲ ਸਮੀਖਿਆ ਕਰਨ 'ਤੇ ਪਤਾ ਲੱਗਾ ਹੈ ਕਿ ਦੋ ਬਹੁਤ ਹੀ ਛੋਟੇ ਹਿੱਸਿਆਂ ਮਲੇਰਕੋਟਲਾ (1.34 ਕਿਲੋਮੀਟਰ ਦੀ) ਤੇ ਕਪੂਰਥਲਾ (ਲਗਪਗ 1.25 ਕਿਲੋਮੀਟਰ) ਵਿਖੇ ਕਬਜ਼ਾ ਅਜੇ ਲਿਆ ਜਾਣਾ ਹੈ। ਇਹ 27 ਅਗਸਤ, 2024 ਤੱਕ ਲਿਆ ਜਾਣਾ ਹੈ। ਅਜਿਹੇ 'ਚ ਦੋਵਾਂ ਥਾਵਾਂ 'ਤੇ ਪੁਲਿਸ ਫੋਰਸ ਮੁਹੱਈਆ ਕਰਵਾਈ ਜਾਵੇ।

## ਸਿੱਧੂ ਮੂਸੇਵਾਲਾ ਕਤਲ ਕੇਸ 'ਚ ਅਦਾਲਤ ਦੀ ਵੱਡੀ ਕਾਰਵਾਈ

**ਮਾਨਸਾ, 28 ਅਗਸਤ (ਆਵਾਜ਼ਿ ਕੌਮ ਬਿਊਰੋ)**-ਮਾਨਸਾ ਪੁਲਸ ਦੀ ਅਪਰਾਧ ਜਾਂਚ ਏਜੰਸੀ (ਸੀ. ਆਈ. ਏ) ਦੀ ਹਿਰਾਸਤ ਵਿਚੋਂ ਸਿੱਧੂ ਮੂਸੇਵਾਲਾ ਕਤਲ ਕੇਸ ਦੇ ਮੁਲਜ਼ਮ ਗੈਂਗਸਟਰ ਦੀਪਕ ਉਰਫ ਟੀਨੂੰ ਦੇ ਫਰਾਰ ਹੋਣ ਦੇ ਕਰੀਬ ਦੋ ਸਾਲ ਬਾਅਦ ਜ਼ਿਲ੍ਹਾ ਅਦਾਲਤ ਨੇ ਤਤਕਾਲੀ ਸੀ. ਆਈ. ਏ. ਇੰਚਾਰਜ ਪ੍ਰਿਤਪਾਲ ਸਿੰਘ ਸਣੇ 10 ਮੁਲਜ਼ਮਾਂ ਖ਼ਿਲਾਫ਼ ਦੋਸ਼ ਆਇਦ ਕੀਤੇ ਹਨ। ਮਾਨਸਾ ਦੇ ਜੁਡੀਸ਼ੀਅਲ ਮੈਜਿਸਟਰੇਟ ਨੇ ਧਾਰਾ 222 (ਸਜ਼ਾ ਅਧੀਨ ਵਿਅਕਤੀ ਨੂੰ ਫੜਨ ਲਈ ਪਾਬੰਦ ਜਾਂ ਕਾਨੂੰਨੀ ਤੌਰ 'ਤੇ ਵਚਨਬੱਧ ਜਨਤਕ ਸੇਵਕ ਦੇ ਹਿੱਸੇ ਨੂੰ ਫੜਨ ਲਈ ਜਾਣਬੁੱਝ ਕੇ ਅਣਗਹਿਲੀ), 224 (ਕਿਸੇ ਵਿਅਕਤੀ ਵਲੋਂ ਉਸਦੀ ਕਾਨੂੰਨੀ ਸ਼ੰਕਾ ਦਾ ਵਿਰੋਧ ਜਾਂ ਰੁਕਾਵਟ), 225 ਤਹਿਤ ਦੋਸ਼ ਆਇਦ ਕਰਨ ਦਾ ਹੁਕਮ ਦਿੱਤਾ। ਬਰਖਾਸਤ ਐੱਸਆਈ ਦੇ



ਖ਼ਿਲਾਫ ਭਾਰਤੀ ਦੰਡਾਵਲੀ (ਆਈਪੀਸੀ) ਦੀ 216 (ਅਪਰਾਧੀਆਂ ਨੂੰ ਪਨਾਹ ਦੇਣ ਵਾਲੇ) ਅਤੇ 120-ਬੀ (ਅਪਰਾਧਿਕ ਸਾਜ਼ਿਸ਼ ਦੀ ਸਜ਼ਾ) ਅਤੇ ਆਰਮਜ਼ ਐਕਟ ਦੀ ਧਾਰਾ 25 (ਜਨਤਕ ਸੇਵਕ ਦੇ ਹਿੱਸੇ 'ਤੇ ਫੜਨਾ ਛੱਡਣਾ, ਜਾਂ ਭੱਜਣ) ਪ੍ਰਿਤਪਾਲ ਸਿੰਘ, ਦੀਪਕ ਟੀਨੂੰ, ਜਤਿੰਦਰ ਕੌਰ ਉਰਫ ਜੋਤੀ, ਕੁਲਦੀਪ ਸਿੰਘ ਕੋਹਲੀ, ਰਾਜਵੀਰ ਕਜਾਮਾ, ਰਜਿੰਦਰ ਸਿੰਘ ਉਰਫ ਗੋਰਾ, ਬਿੱਟੂ, ਸਰਬਜੋਤ ਸਿੰਘ, ਚਿਰਾਗ ਅਤੇ ਸੁਨੀਲ ਕੁਮਾਰ ਲੋਹੀਆ ਸ਼ਾਮਲ ਹਨ। ਅਦਾਲਤ ਨੇ ਮੁਲਜ਼ਮ ਦੀ ਰਿਹਾਈ ਦੀ ਅਰਜ਼ੀ ਖਾਰਜ ਕਰ ਦਿੱਤੀ ਹੈ। ਅਦਾਲਤ ਨੇ ਸਰਬਜੋਤ ਸਿੰਘ ਖਿਲਾਫ ਗੈਰ-ਜ਼ਮਾਨਤੀ ਵਾਰੰਟ ਵੀ ਜਾਰੀ ਕੀਤੇ ਹਨ, ਜੋ ਜ਼ਮਾਨਤ 'ਤੇ ਹੈ ਪਰ ਸੁਣਵਾਈ ਤੋਂ ਬਚਿਆ ਹੈ। ਅਦਾਲਤ ਨੇ ਦੋਸ਼ੀ ਕੋਹਲੀ ਵੱਲੋਂ ਡਿਸਚਾਰਜ ਦੀ ਮੰਗ ਸਬੰਧੀ ਦਾਇਰ ਅਰਜ਼ੀਆਂ ਨੂੰ ਵੀ ਖਾਰਜ ਕਰ ਦਿੱਤਾ। ਅਦਾਲਤ ਨੇ ਇਸਤਗਾਸਾ ਪੱਖ ਦੇ ਸਬੂਤਾਂ 'ਤੇ ਸੁਣਵਾਈ ਸ਼ੁਰੂ ਕਰਨ ਲਈ ਇਸ ਮਾਮਲੇ ਦੀ ਸੁਣਵਾਈ 5 ਸਤੰਬਰ ਲਈ ਤੈਅ ਕੀਤੀ ਹੈ। ਵਰਨਣਯੋਗ ਹੈ ਕਿ ਜੁਲਾਈ ਵਿਚ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਨੇ ਪ੍ਰਿਤਪਾਲ ਦੀ ਜ਼ਮਾਨਤ ਅਰਜ਼ੀ ਖਾਰਜ ਕਰਦਿਆਂ ਹੇਠਲੀ ਅਦਾਲਤ ਨੂੰ ਛੇ ਮਹੀਨਿਆਂ ਵਿਚ ਮੁਕੱਦਮੇ ਦੀ ਸੁਣਵਾਈ ਮੁਕੰਮਲ ਕਰਨ ਦਾ ਹੁਕਮ ਦਿੱਤਾ ਸੀ। ਮੂਸੇਵਾਲਾ ਕਤਲ ਕਾਂਡ ਦਾ ਇਹ ਮੁਲਜ਼ਮ ਗੈਂਗਸਟਰ ਦੀਪਕ ਟੀਨੂੰ 1 ਅਕਤੂਬਰ ਨੂੰ ਮਾਨਸਾ ਸੀ.ਆਈ.ਏ. ਯੂਨਿਟ ਦੀ ਕਸਟਡੀ ਤੋਂ ਫਰਾਰ ਹੋ ਗਿਆ ਸੀ ਅਤੇ ਉਸ ਵੇਲੇ ਪੰਜਾਬ ਪੁਲਸ ਨੇ ਗ੍ਰਿਫ਼ਤਾਰ ਕਰਕੇ ਯੂਨਿਟ ਦੇ ਇੰਚਾਰਜ ਐੱਸਆਈ ਪ੍ਰਿਤਪਾਲ ਸਿੰਘ ਨੂੰ ਬਰਖਾਸਤ ਕਰ ਦਿੱਤਾ ਸੀ, ਜੋ ਗਾਇਕ ਦੇ ਕਤਲ ਕੇਸ ਦੀ ਜਾਂਚ ਕਰ ਰਹੀ ਐੱਸਆਈਟੀ ਦਾ ਵੀ ਮੈਂਬਰ ਸੀ। ਪੁਲਸ ਨੇ ਦਾਅਵਾ ਕੀਤਾ ਕਿ ਪ੍ਰਿਤਪਾਲ ਟੀਨੂੰ ਦੇ ਭੱਜਣ ਦੀ ਸਾਜ਼ਿਸ਼ ਦਾ ਹਿੱਸਾ ਸੀ। ਟੀਨੂੰ ਨੂੰ ਦਿੱਲੀ ਪੁਲਸ ਨੇ 19 ਅਕਤੂਬਰ ਨੂੰ ਰਾਜਸਥਾਨ ਦੇ ਅਜਮੇਰ ਤੋਂ ਹਥਿਆਰਾਂ ਸਮੇਤ ਗ੍ਰਿਫ਼ਤਾਰ ਕੀਤਾ ਸੀ। ਬਾਅਦ ਵਿਚ ਪੰਜਾਬ ਪੁਲਸ ਉਸ ਨੂੰ ਦਿੱਲੀ ਤੋਂ ਟਰਾਂਜ਼ਿਟ ਰਿਮਾਂਡ 'ਤੇ ਲੈ ਕੇ ਆਈ ਸੀ। ਦਸੰਬਰ 2022 ਵਿਚ ਮਾਨਸਾ ਪੁਲਸ ਨੇ 10 ਮੁਲਜ਼ਮਾਂ ਖ਼ਿਲਾਫ਼ ਚਾਰਜਸ਼ੀਟ ਦਾਖ਼ਲ ਕੀਤੀ ਸੀ। ਚਾਰਜਸ਼ੀਟ ਵਿਚ ਦਾਅਵਾ ਕੀਤਾ ਗਿਆ ਕਿ ਪ੍ਰਿਤਪਾਲ ਟੀਨੂੰ ਨੂੰ ਇਕ ਨਿੱਜੀ ਕਾਰ ਵਿਚ ਮਾਨਸਾ ਸ਼ਹਿਰ ਵਿਚ ਜ਼ਿਲ੍ਹਾ ਪ੍ਰਸ਼ਾਸਨ ਦੇ ਹਾਊਸਿੰਗ ਕੰਪਲੈਕਸ ਵਿਚ ਸਥਿਤ ਉਸ ਦੀ ਸਰਕਾਰੀ ਰਿਹਾਇਸ਼ ਤੱਕ ਲੈ ਗਿਆ ਸੀ।

## ਡਿੰਪੀ ਢਿੱਲੋਂ ਨੇ ਫੜ ਲਿਆ 'ਆਪ' ਦਾ ਝਾੜੂ! ਗਿੱਦੜਬਾਹਾ 'ਚ ਕਰਨਗੇ ਬਾਦਲਾਂ ਦਾ 'ਸਫਾਇਆ'

**ਚੰਡੀਗੜ੍ਹ, 28 ਅਗਸਤ (ਆਵਾਜ਼ਿ ਕੌਮ ਬਿਊਰੋ)**-ਗਿੱਦੜਬਾਹਾ ਤੋਂ ਸ਼੍ਰੋਮਣੀ ਅਕਾਲੀ ਦਲ ਨੂੰ ਅਲਵਿਦਾ ਕਹਿਣ ਵਾਲੇ ਸੁਖਬੀਰ ਬਾਦਲ ਦੇ ਨਜ਼ਦੀਕੀ ਤੇ ਹਲਕਾ ਇੰਚਾਰਜ ਹਰਦੀਪ ਸਿੰਘ ਡਿੰਪੀ ਢਿੱਲੋਂ ਅੱਜ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋ ਗਏ ਹਨ। ਉਨ੍ਹਾਂ ਨੂੰ ਸੀਐਮ ਭਗਵੰਤ ਮਾਨ ਨੇ ਪਾਰਟੀ ਵਿੱਚ ਸ਼ਾਮਲ ਕਰਵਾਇਆ। ਇਸ ਮਗਰੋਂ ਦਾਅਵਾ ਕੀਤਾ ਜਾ ਰਿਹਾ ਹੈ ਕਿ ਗਿੱਦੜਬਾਹਾ ਜ਼ਿਮਨੀ ਚੋਣ ਵਿੱਚ ਡਿੰਪੀ ਢਿੱਲੋਂ 'ਆਪ' ਦੇ ਝਾੜੂ ਨਾਲ ਬਾਦਲਾਂ ਦਾ ਸਫਾਇਆ ਕਰਨਗੇ। ਦੱਸ ਦਈਏ ਕਿ ਅਕਾਲੀ ਦਲ ਛੱਡਣ ਸਮੇਂ ਡਿੰਪੀ ਢਿੱਲੋਂ ਨੇ ਸਪੱਸ਼ਟ ਕੀਤਾ ਸੀ ਕਿ ਉਹ ਮਨਪ੍ਰੀਤ ਬਾਦਲ ਕਾਰਨ ਪਾਰਟੀ ਛੱਡ ਰਹੇ ਹਨ। ਉਨ੍ਹਾਂ ਦਾ ਇਲਜ਼ਾਮ ਸੀ ਕਿ ਭਾਵੇਂ ਮਨਪ੍ਰੀਤ ਬਾਦਲ ਬੀਜੇਪੀ ਵਿੱਚ ਚਲੇ ਗਏ ਹਨ ਪਰ ਜਦੋਂ ਵੀ ਉਹ ਇਲਾਕੇ ਦਾ ਦੌਰਾ ਕਰਦੇ ਹਨ ਤਾਂ ਕਹਿੰਦੇ ਹਨ ਕਿ ਸੁਖਬੀਰ ਬਾਦਲ ਤੇ ਉਨ੍ਹਾਂ ਦੇ ਸਬੰਧ ਬਹੁਤ ਚੰਗੇ ਹਨ। ਇਹ ਦੋਵੇਂ ਘਿਓ-ਖਿਚੜੀ ਵਾਂਗ ਹਨ। ਅਜਿਹੇ 'ਚ ਵਰਕਰ ਵੀ ਭੰਬਲਭੂਸੇ 'ਚ ਹਨ। ਉਨ੍ਹਾਂ ਸੁਖਬੀਰ ਬਾਦਲ ਨੂੰ ਇਸ ਸਬੰਧੀ ਸਥਿਤੀ ਸਪੱਸ਼ਟ ਕਰਨ ਲਈ ਵੀ ਕਿਹਾ ਸੀ ਪਰ ਉਹ ਕੁਝ ਨਹੀਂ ਦੱਸ ਰਹੇ ਸੀ। ਨਾ ਤਾਂ ਉਹ ਉਥੋਂ ਚੋਣ ਲੜਨ ਦੀ ਗੱਲ ਕਰ ਰਹੇ ਸਨ ਤੇ ਨਾ ਹੀ ਉਨ੍ਹਾਂ ਨੂੰ ਉਮੀਦਵਾਰ ਐਲਾਨਿਆ ਗਿਆ ਸੀ। ਭਾਈ-ਭਤੀਜਾਵਾਦ ਉਨ੍ਹਾਂ ਦੀ ਦੋਸਤੀ ਉਪਰ ਭਾਰੀ ਪੈ ਗਿਆ।



## ਸਾਬਕਾ ਕੈਬਨਿਟ ਮੰਤਰੀ ਸੁੰਦਰ ਸ਼ਾਮ ਅਰੋੜਾ ਮੁੜ ਕਾਂਗਰਸ 'ਚ ਹੋਏ ਸ਼ਾਮਲ

**ਚੰਡੀਗੜ੍ਹ, 28 ਅਗਸਤ (ਆਵਾਜ਼ਿ ਕੌਮ ਬਿਊਰੋ)**-ਭਾਜਪਾ ਨੂੰ ਅੱਜ ਉਸ ਸਮੇਂ ਵੱਡਾ ਝਟਕਾ ਲੱਗਿਆ ਜਦੋਂ ਸਾਬਕਾ ਕੈਬਨਿਟ ਮੰਤਰੀ ਸੁੰਦਰ ਸ਼ਾਮ ਅਰੋੜਾ ਨੇ ਕਾਂਗਰਸ ਵਿਚ ਘਰ ਵਾਪਸੀ ਕਰ ਲਈ। ਪੰਜਾਬ ਕਾਂਗਰਸ ਦੇ ਇੰਚਾਰਜ ਦੇਵੇਂਦਰ ਯਾਦਵ ਨੇ ਉਨ੍ਹਾਂ ਨੂੰ ਪਾਰਟੀ ਵਿਚ ਸ਼ਾਮਲ ਕੀਤਾ। ਸ਼ਾਮ ਸੁੰਦਰ ਅਰੋੜਾ ਨੂੰ ਰਿਸ਼ਵਤ ਦੇ ਇਲਜ਼ਾਮ ਹੇਠ ਵਿਜੀਲੈਂਸ ਵੱਲੋਂ ਗ੍ਰਿਫ਼ਤਾਰ ਕੀਤਾ ਗਿਆ ਸੀ। ਉਨ੍ਹਾਂ 'ਤੇ ਵਿਜੀਲੈਂਸ ਅਧਿਕਾਰੀ ਨੂੰ 50 ਲੱਖ ਦੀ ਰਿਸ਼ਵਤ ਦੇਣ ਦੇ ਦੋਸ਼ ਲਗਾਏ ਗਏ ਸਨ। ਦੱਸਣਯੋਗ ਹੈ ਕਿ ਸੁੰਦਰ ਸ਼ਾਮ ਅਰੋੜਾ ਪਿੰਡ ਗੜ੍ਹਦੀਵਾਲਾ ਦੇ ਰਹਿਣ ਵਾਲੇ ਹਨ। 1980 ਦੇ ਦਹਾਕੇ 'ਚ ਉਹ ਗੜ੍ਹਦੀਵਾਲਾ ਛੱਡ ਕੇ ਹੁਸ਼ਿਆਪੁਰ ਚਲੇ ਗਏ, ਜਿੱਥੇ ਉਨ੍ਹਾਂ ਨੇ ਕੋਤਵਾਲੀ ਬਾਜ਼ਾਰ 'ਚ ਦੁਕਾਨ ਖੋਲ੍ਹੀ ਸੀ। ਬਾਅਦ ਵਿੱਚ ਉਨ੍ਹਾਂ ਇਕ ਗੈਸ ਏਜੰਸੀ ਖੋਲ੍ਹੀ ਅਤੇ ਨਾਲ ਹੀ ਜ਼ਮੀਨ ਦੀ ਖ਼ਰੀਦੋ-ਫਰੋਖਤ ਦਾ ਕੰਮ ਸ਼ੁਰੂ ਕੀਤਾ। 2017 ਦੀਆਂ ਚੋਣਾਂ ਵਿੱਚ ਵੀ ਸੁੰਦਰ ਸ਼ਾਮ ਅਰੋੜਾ ਨੂੰ ਜਿੱਤ ਹਾਸਲ ਹੋਈ।



## ਅੰਮ੍ਰਿਤਸਰ ਏਅਰਪੋਰਟ 'ਤੇ ਚੂਹਿਆਂ ਦਾ ਕਬਜ਼ਾ



**ਅੰਮ੍ਰਿਤਸਰ, 28 ਅਗਸਤ (ਆਵਾਜ਼ਿ ਕੌਮ ਬਿਊਰੋ)**-ਅੰਮ੍ਰਿਤਸਰ ਸਥਿਤ ਸ਼੍ਰੀ ਗੁਰੂ ਰਾਮਦਾਸ ਜੀ ਅੰਤਰਰਾਸ਼ਟਰੀ ਹਵਾਈ ਅੱਡੇ 'ਤੇ ਚੂਹੇ ਕਬਜ਼ਾ ਜਮਾਂ ਰਹੇ ਹਨ। ਇੱਕ ਯਾਤਰੀ ਨੇ ਲਾਉਂਜ ਵਿੱਚ ਚੂਹਿਆਂ ਦੀ ਦਹਿਸ਼ਤ ਦੀ ਵੀਡੀਓ ਬਣਾ ਕੇ ਵਾਇਰਲ ਕਰ ਦਿੱਤੀ ਹੈ। ਹੁਣ ਸਵਾਲ ਉੱਠ ਰਹੇ ਹਨ ਕਿ ਜੇਕਰ ਇਸ ਕਾਰਨ ਕਿਸੇ ਦੀ ਸਿਹਤ ਵਿਗੜਦੀ ਹੈ ਤਾਂ ਕੌਣ ਜ਼ਿੰਮੇਵਾਰ ਹੋਵੇਗਾ। ਹਾਸਲ ਜਾਣਕਾਰੀ ਮੁਤਾਬਕ ਯਾਤਰੀ ਕੁਨਾਲ ਸ਼ਰਮਾ ਨੇ ਅੰਮ੍ਰਿਤਸਰ ਏਅਰਪੋਰਟ 'ਤੇ ਸਥਿਤ ਪ੍ਰਾਈਮਸ ਲੌਂਜ 'ਚ ਇੱਕ ਵੀਡੀਓ ਬਣਾਈ ਜਿਸ 'ਚ ਇੱਕ ਚੂਹਾ ਕੁਰਸੀਆਂ ਤੇ ਮੇਜ਼ਾਂ 'ਤੇ ਛਾਲਾਂ ਮਾਰ ਰਿਹਾ ਹੈ। ਇਸ ਤੋਂ ਬਾਅਦ ਉਸ ਨੇ ਦੱਸਿਆ ਕਿ ਅੱਜ ਸਵੇਰੇ ਉਹ ਅੰਮ੍ਰਿਤਸਰ ਤੋਂ ਲਖਨਊ ਲਈ ਫਲਾਈਟ ਰਾਹੀਂ ਜਾ ਰਿਹਾ ਸੀ। ਇਸ ਦੌਰਾਨ ਉਸ ਨੇ ਏਅਰਪੋਰਟ 'ਤੇ ਬਣੇ ਲਾਉਂਜ ਤੇ ਬਾਰ 'ਚ ਨਾਸ਼ਤਾ ਕੀਤਾ ਸੀ। ਯਾਤਰੀ ਨੇ ਦੱਸਿਆ ਕਿ ਉਸ ਨੇ ਲਾਉਂਜ ਤੇ ਬਾਰ ਦੇ ਸਾਰੇ ਮੇਜ਼ਾਂ ਤੇ ਕੁਰਸੀਆਂ 'ਤੇ ਚੂਹਿਆਂ ਨੂੰ ਘੁੰਮਦੇ ਦੇਖਿਆ। ਯਾਤਰੀ ਨੇ ਕਿਹਾ ਕਿ ਜੇਕਰ ਸਾਰੇ ਮੇਜ਼ਾਂ ਤੇ ਕੁਰਸੀਆਂ 'ਤੇ ਚੂਹੇ ਘੁੰਮਦੇ ਰਹਿਣ ਤਾਂ ਉਥੇ ਨਾਸ਼ਤਾ ਕਰਨ ਆਉਣ ਵਾਲੇ ਯਾਤਰੀਆਂ ਦੀ ਸਿਹਤ ਨਾਲ ਖਿਲਵਾੜ ਹੋ ਸਕਦਾ ਹੈ। ਕੁਨਾਲ ਨੇ ਵੀਡੀਓ ਰਾਹੀਂ ਏਅਰਪੋਰਟ ਪ੍ਰਸ਼ਾਸਨ ਤੋਂ ਪੁੱਛਿਆ ਕਿ ਜੇਕਰ ਯਾਤਰੀਆਂ ਦੀ ਸਿਹਤ ਨੂੰ ਕੁਝ ਹੁੰਦਾ ਹੈ ਤਾਂ ਕੌਣ ਜ਼ਿੰਮੇਵਾਰ ਹੋਵੇਗਾ। ਕੁਨਾਲ ਨੇ ਕਿਹਾ ਕਿ ਅਜਿਹੀਆਂ ਕਾਰਵਾਈਆਂ ਅੰਤਰਰਾਸ਼ਟਰੀ ਹਵਾਈ ਅੱਡੇ ਦੇ ਅਨੁਕੂਲ ਨਹੀਂ। ਉਨ੍ਹਾਂ ਇਸ ਸਬੰਧੀ ਸ਼ਿਕਾਇਤ ਤੇ ਸੁਝਾਅ ਬਾਕਸ ਵਿੱਚ ਸੁਝਾਅ ਵੀ ਪਾ ਕੇ ਪ੍ਰਸ਼ਾਸਨ ਤੋਂ ਕਾਰਵਾਈ ਦੀ ਮੰਗ ਕੀਤੀ ਹੈ। ਦੱਸ ਦਈਏ ਕਿ ਅੰਮ੍ਰਿਤਸਰ ਦੇ ਸ੍ਰੀ ਗੁਰੂ ਰਾਮਦਾਸ ਜੀ ਅੰਤਰਰਾਸ਼ਟਰੀ ਹਵਾਈ ਅੱਡੇ ਤੋਂ ਯੂਕੇ ਤੇ ਕੈਨੇਡਾ ਲਈ ਸਿੱਧੀਆਂ ਉਡਾਣਾਂ ਦੀ ਲਗਾਤਾਰ ਮੰਗ ਹੈ। ਇਸ ਦੇ ਨਾਲ ਹੀ ਕਈ ਸੰਸਥਾਵਾਂ ਲੋਕਾਂ ਨੂੰ ਅਪੀਲ ਕਰ ਰਹੀਆਂ ਹਨ ਕਿ ਉਹ ਦਿੱਲੀ ਤੋਂ ਉਡਾਣਾਂ ਲੈਣ ਦੀ ਬਜਾਏ ਅੰਮ੍ਰਿਤਸਰ ਹਵਾਈ ਅੱਡੇ ਨੂੰ ਤਰਜੀਹ ਦੇਣ ਪਰ ਅਜਿਹੀਆਂ ਵੀਡੀਓਜ਼ ਲੋਕਾਂ ਦਾ ਭਰੋਸਾ ਢਾਹ ਦਿੰਦੀਆਂ ਹਨ। ਹਾਲਾਂਕਿ ਇਸ ਮਾਮਲੇ 'ਚ ਅਧਿਕਾਰੀਆਂ ਵੱਲੋਂ ਕੋਈ ਬਿਆਨ ਨਹੀਂ ਆਇਆ ਪਰ ਲੋਕ ਇਸ ਨੂੰ ਸੋਸ਼ਲ ਮੀਡੀਆ 'ਤੇ ਖੂਬ ਟ੍ਰੋਲ ਕਰ ਰਹੇ ਹਨ।

ਸਿੰਘ ਸਾਹਿਬ ਭਾਈ ਜਸਵੀਰ ਸਿੰਘ ਜੀ ਰੋਡੇ (ਸਾਬਕਾ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ) ਦੀ ਪ੍ਰੇਰਨਾ ਸਦਕਾ

www.nsycuk.com

ਸਾਲਾਨਾ ਯਾਤਰਾ 20 ਫਰਵਰੀ ਤੋਂ 12 ਮਾਰਚ 2025 ਤੱਕ

# ਪੰਜ ਤਖ਼ਤ ਸਾਹਿਬਾਨ ਅਤੇ ਹੋਰ ਇਤਿਹਾਸਕ ਗੁਰਦੁਆਰਿਆਂ ਦੀ ਸਾਲਾਨਾ ਯਾਤਰਾ


ਸ੍ਰੀ ਅਕਾਲ ਤਖ਼ਤ ਸਾਹਿਬ


ਤਖ਼ਤ ਸ੍ਰੀ ਪਟਨਾ ਸਾਹਿਬ


ਤਖ਼ਤ ਸ੍ਰੀ ਕੇਸਗੜ੍ਹ ਸਾਹਿਬ


ਤਖ਼ਤ ਸ੍ਰੀ ਦਮਦਮਾ ਸਾਹਿਬ


ਤਖ਼ਤ ਸ੍ਰੀ ਹਜ਼ੂਰ ਸਾਹਿਬ

## ਯਾਤਰਾ ਗੁਰਦੁਆਰਾ ਦੂਖ ਨਿਵਾਰਣ ਸਾਹਿਬ, ਗੁਰੂ ਤੇਗ ਬਹਾਦਰ ਨਗਰ, ਜਲੰਧਰ ਤੋਂ

20 ਫਰਵਰੀ 2025, ਦਿਨ ਵੀਰਵਾਰ ਨੂੰ ਸਵੇਰੇ ਠੀਕ 8 ਵਜੇ ਆਰੰਭ ਹੋਵੇਗੀ, ਸੰਗਤਾਂ ਸਵੇਰੇ 7.30 ਵਜੇ ਤੱਕ ਪਹੁੰਚਣ ਦੀ ਕਿਰਪਾ ਕਰਨ। 12 ਮਾਰਚ 2025, ਦਿਨ ਬੁੱਧਵਾਰ ਨੂੰ ਉਕਤ ਗੁਰਦੁਆਰਾ ਸਾਹਿਬ ਵਿਖੇ ਹੀ ਯਾਤਰਾ ਦੀ ਸਮਾਪਤੀ ਹੋਵੇਗੀ।



ਸੀਮਤ ਸੀਟਾਂ ਜਲਦੀ ਬੁਕਿੰਗ ਕਰਵਾਉ ਜੀ

**ਬਾਹਰਲੇ ਦੇਸ਼ਾਂ ਤੋਂ ਜਾਣ ਵਾਲੇ ਯਾਤਰੀ ਦਾ ਖਰਚ 400 ਪੌਂਡ ਅਤੇ ਪੱਕੇ ਤੌਰ 'ਤੇ ਭਾਰਤ ਵਿਚ ਰਹਿ ਰਹੇ ਯਾਤਰੀ ਦਾ ਖਰਚਾ 20 ਹਜ਼ਾਰ ਰੁਪਏ ਹੈ**

ਨੋਟ: ਵਿਦੇਸ਼ਾਂ ਤੋਂ ਸੰਗਤਾਂ ਆਪੋ-ਆਪਣੀਆਂ ਟਿਕਟਾਂ ਲੈ ਕੇ ਪੰਜਾਬ ਪਹੁੰਚਣਗੀਆਂ। ਯਾਤਰਾ ਏਅਰ ਕੰਡੀਸ਼ਨਰ ਕੋਚਾਂ ਵਿੱਚ ਕਰਵਾਈ ਜਾਵੇਗੀ। ਇੰਗਲੈਂਡ, ਅਮਰੀਕਾ, ਕੈਨੇਡਾ ਜਾਂ ਦੁਨੀਆਂ ਦੇ ਕਿਸੇ ਵੀ ਦੇਸ਼ ਵਿੱਚ ਰਹਿੰਦੇ ਸ਼ਰਧਾਲੂ ਇਸ ਯਾਤਰਾ ਵਿੱਚ ਜਾਲ ਲਈ ਸੰਪਰਕ ਕਰ ਸਕਦੇ ਹਨ। ਭਾਰਤ ਦੇ ਪੱਕੇ ਵਸਨੀਕ ਰਿਸ਼ਤੇਦਾਰਾਂ/ ਮਿੱਤਰਾਂ ਦੀ ਬੁਕਿੰਗ ਵੀ ਇੱਥੇ ਯੂ.ਕੇ. ਵਿੱਚ ਤੁਸੀਂ ਕਰਵਾ ਸਕਦੇ ਹੋ।

ਗੁ. ਸ੍ਰੀ ਗੁਰੂ ਤੇਗ ਬਹਾਦਰ, ਜਲੰਧਰ ਤੋਂ ਸ਼ੁਰੂਆਤ, ਗੁ. ਸ਼ਹੀਦ ਬੇਅੰਤ ਸਿੰਘ, ਗੁ. ਗੁਰੂ ਕਾ ਲਾਹੌਰ, ਗੁ. ਸੁਹੇਲਾ ਸਾਹਿਬ, ਤਖ਼ਤ ਸ੍ਰੀ ਕੇਸਗੜ੍ਹ ਸਾਹਿਬ, ਸ੍ਰੀ ਆਨੰਦਪੁਰ ਸਾਹਿਬ, ਬਾਉਲੀ ਸਾਹਿਬ, ਗੁ. ਨਾਢਾ ਸਾਹਿਬ, ਗੁ. ਸ੍ਰੀ ਕ੍ਰਿਪਾਲ ਸ਼ਿਲਾ, ਗੁ. ਸ੍ਰੀ ਪਾਉਂਟਾ ਸਾਹਿਬ, ਗੁ. ਦਸਤਾਰ ਅਸਥਾਨ, ਗੁ. ਭੰਗਾਣੀ ਸਾਹਿਬ, ਗੁ. ਤੀਰਗੜ੍ਹੀ ਸਾਹਿਬ, ਗੁ. ਨਾਨਕਮਤਾ ਸਾਹਿਬ, ਗੁ. ਬਾਬਾ ਅਲਮਸਤ ਸਾਹਿਬ, ਗੁ. ਭੰਡਾਰਾ ਸਾਹਿਬ, ਗੁ. ਦੁੱਧ ਵਾਲਾ ਖੂਹ, ਬਾਉਲੀ ਸਾਹਿਬ, ਗੁ. ਭਗਤ ਕਬੀਰ ਜੀ ਮਗਹਰ,ਤਖ਼ਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ, ਗੁ. ਗਊ ਘਾਟ, ਗੁ. ਤਾਕੀ ਸਾਹਿਬ, ਗੁ. ਗੁਰੂ ਕਾ ਬਾਗ ਪਟਨਾ ਸਾਹਿਬ, ਗੁ. ਕੰਗਣ ਘਾਟ, ਮਾਤਾ ਗੁਜਰੀ ਜੀ ਦਾ ਖੂਹ, ਗੁ. ਬਾਲ ਲੀਲ੍ਹਾ, ਗੁ. ਹਾਂਡੀ ਸਾਹਿਬ, ਗੁ. ਸ਼ੀਤਲ ਕੁੰਡ ਰਾਜਗੀਰ, ਗੁ. ਗਵਾਰੀ ਘਾਟ ਸਾਹਿਬ ਜੱਬਲਪੁਰ, ਤਖ਼ਤ ਸੱਚਖੰਡ ਸ੍ਰੀ ਹਜ਼ੂਰ ਸਾਹਿਬ, ਗੁ. ਰਤਨਗੜ੍ਹ ਸਾਹਿਬ, ਗੁ. ਨਾਨਕਸਰ, ਗੁ. ਸੰਗਤ ਸਾਹਿਬ, ਗੁ. ਮਾਤਾ ਸਾਹਿਬ ਦੇਵਾਂ ਜੀ, ਗੁ. ਅੰਗੀਠਾ ਸਾਹਿਬ ਸੰਤ ਬਾਬਾ ਨਿਧਾਨ ਸਿੰਘ ਜੀ-ਸੰਤ ਬਾਬਾ ਹਰਨਾਮ ਸਿੰਘ ਜੀ, ਗੁ. ਭਜਨਗੜ੍ਹ ਸਾਹਿਬ, ਗੁ. ਨਾਨਕ ਝੀਰਾ ਸਾਹਿਬ, ਗੁ. ਹੀਰਾ ਘਾਟ, ਗੁ. ਮਾਲਟੇਕੜੀ ਸਾਹਿਬ, ਗੁ. ਨਗੀਨਾ ਘਾਟ, ਗੁ. ਬੰਦਾ ਘਾਟ, ਦੇਹੁਰਾ ਭਗਤ ਨਾਮਦੇਵ ਜੀ, ਗੁ. ਬੜੀ ਸੰਗਤ ਸਾਹਿਬ ਬੁਰਹਾਨਪੁਰ, ਗੁ. ਦੱਖਣੀ ਓਅੰਕਾਰ ਸਾਹਿਬ, ਗੁ. ਸਾਹਿਬ ਬੇਟਮਾ ਇੰਦੌਰ, ਗੁ. ਦਾਤਾ ਬੰਦੀ ਛੋੜ ਗਵਾਲੀਅਰ, ਗੁ. ਦੂਖ ਨਿਵਾਰਨ ਸਾਹਿਬ ਆਗਰਾ, ਤਖ਼ਤ ਸ੍ਰੀ ਦਮਦਮਾ ਸਾਹਿਬ ਤਲਵੰਡੀ ਸਾਬੋ, ਭਾਈ ਡੱਲੇ ਦੀ ਹਵੇਲੀ, ਭੋਰਾ ਬਾਬਾ ਦੀਪ ਸਿੰਘ ਜੀ, ਗੁ. ਬਾਬਾ ਬੀਰ ਸਿੰਘ ਧੀਰ ਸਿੰਘ, ਗੁ. ਦਮਦਮਾ ਸਾਹਿਬ, ਗੁਰਦੁਆਰਾ ਬੁੰਗਾ ਮਸਤੂਆਣਾ, ਗੁਰੂਸਰ ਮਹਿਰਾਜ, ਗੁ. ਜ਼ਫਰਨਾਮਾ ਸਾਹਿਬ, ਗੁਰਦੁਆਰਾ ਟੁੱਟੀ ਗੰਢੀ ਸਾਹਿਬ, ਗੁ. ਤੰਬੂ ਸਾਹਿਬ ਸ੍ਰੀ ਮੁਕਤਸਰ ਸਾਹਿਬ, ਸ੍ਰੀ ਤਰਨਤਾਰਨ ਸਾਹਿਬ, ਛੇਹਰਟਾ ਸਾਹਿਬ, ਸ੍ਰੀ ਅਕਾਲ ਤਖ਼ਤ ਸਾਹਿਬ, ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਤੋਂ ਜਲੰਧਰ ਵਾਪਸੀ ਹੋਵੇਗੀ।

**ਯਾਤਰੂ ਟਰੈਵਲ ਇੰਸ਼ੋਰੈਂਸ ਖੁਦ ਜ਼ਰੂਰ ਕਰਵਾਉਣ। ਤੁਸੀਂ ਆਪਣੇ ਨਾਂਅ ਇੰਗਲੈਂਡ ਦੇ ਵੱਖ-ਵੱਖ ਸ਼ਹਿਰਾਂ ਵਿਚ ਵੀ ਸਾਡੇ ਸੇਵਾਦਾਰਾਂ ਨੂੰ ਦੇ ਸਕਦੇ ਹੋ। ਵਧੀਆ ਰਿਹਾਇਸ਼ ਅਤੇ ਮੁੱਢਲੀ ਡਾਕਟਰੀ ਸਹਾਇਤਾ ਦਾ ਖਾਸ ਪ੍ਰਬੰਧ ਕੀਤਾ ਜਾਂਦਾ ਹੈ।**

## ਗੁਰੂ ਪੰਥ ਦੇ ਦਾਸ: ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂਕੇ


| | | | |
|---|---|---|---|
| ਭਾਈ ਰਘਵੀਰ ਸਿੰਘ ਮਾਲੜੀ ਨੋਟਿੰਘਮ | +44 7813953484 | ਭਾਈ ਅਮਰੀਕ ਸਿੰਘ ਤੂਰ ਡਰਬੀ | +44 7539243163 |
| ਭਾਈ ਰਘਵੀਰ ਸਿੰਘ ਵਾਲਸਾਲ | +44 7976210161 | ਬੀਬੀ ਜਸਵਿੰਦਰ ਕੌਰ ਥਾਂਦੀ ਕਵੈਂਟਰੀ | +44 7895666314 |
| ਭਾਈ ਬਲਜੀਤ ਸਿੰਘ ਕੰਗ | +44 7780605230 | ਭਾਈ ਕਪਤਾਨ ਸਿੰਘ ਵੁਲਵਰਹੈਂਪਟਨ | +44 7788283485 |

ਨੋਟ: ਕਿਸੇ ਜਥੇਬੰਦੀ ਜਾਂ ਨਿੱਜੀ ਲਾਭ ਦੀ ਬਜਾਇ ਇਸ ਯਾਤਰਾ ਕਮੇਟੀ ਦਾ ਗਠਨ ਸੰਗਤਾਂ ਦੀ ਸੇਵਾ ਲਈ ਕੀਤਾ ਗਿਆ ਹੈ, ਇਕੱਤਰ ਮਾਇਆ ਗੁਰਦੁਆਰਾ ਸਾਹਿਬਾਨ ਦੀ ਸੇਵਾ ਵਿੱਚ ਹੀ ਲਾਈ ਜਾਂਦੀ ਹੈ।

Nankana Sahib Yatra Committee U.K, 21 Hazel Ave, Littleover, Derby De23 7HA
www.nsycuk.com, E-Mail: nsycuk1469@gmail.com
ਪਿਛਲੇ ਸਾਲਾਂ ਦੀਆਂ ਯਾਤਰਾ ਤਸਵੀਰਾਂ ਦੇਖਣ ਲਈ ਸਾਡੇ ਫੇਸਬੁੱਕ ਪੇਜ Nankana Sahib Yatra Commitee UK ਅਤੇ ਵੈੱਬਸਾਈਟ ਤੇ ਜ਼ਰੂਰ ਜਾਉ ਜੀ

ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear death of conscience is a sure death

Sant Jarnail Singh Ji Khalsa Bhindranwale

www.damdamitaksal.net



ਦਮਦਮੀ ਟਕਸਾਲ

ਨਾਮ ਜਪੋ ਕਿਰਤ ਕਰੋ ਵੰਡ ਛਕੋ — Naam Japo Kirat Karo Vand Shako

ਜਥਾ ਭਿੰਡਰਾਂ (ਮਹਿਤਾ)

www.damdamitaksal.net

ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥ — WAHEGURU JI KA KHALSA WAHEGURU JI KI FATEH

ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ

Khande Bate di Pahul Shak Ke Guru Wale Bano

ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ

Join Gurbani Santhia and Gurmat Sikhia

ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ

Learn Kirtan Katha Kavishri and Dhadi Waran

ਗੁਰਮੁਖੀ ਪੰਜਾਬੀ ਸਿੱਖੋ

Learn Gurmukhi Punjabi

ਗਤਕਾ ਸਿੱਖੋ Learn Gatka

www.damdamitaksal.net



ਆਵਾਜ਼ਿ ਕੌਮ — Daily Newspaper from U.K.

Publisher/Chief Editor **Raghbir Singh Walsal**

E-mail : awazeqaumtv@gmail.com

www.awazeqaumtv.com

for AWAZE QAUM Channel

https://youtu.be/LQwolgxDu7I

Contact :
+447458381111
+447976210161
+919729091243

ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk


**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ


24 SERVICE EVERYDAY HOURS

100% VEGETARIAN — PURE AND NATURAL

Enjoy Real Taste of PUNJAB

KD

FULLY A.C. HALL

**Khehra VAISHNO DHABA**

BREAKFAST LUNCH DINNER

OUR SPECIALIZATION : Au Important Ingredients used to Prepare Dishes are Grown in our own farmes.

Soup
Burger
Sandwich
Pizza
Grilled Breads
Continental Fast Food
Tandoori Snacks
Tandoori Breads
Biryani Khas
Beverages
Shakes
Desserts
Punjabi Snacks
South Indian
Kathi Roll
Pasta
Chines Food
Raita Salad

V.P.O. Mallian
Jalandhar-Amritsar G.T. Road
NEAR JANDIALA GURU
Contact
98610-00057, 99152-32757



We Accept Online & Card Payment



ਪੰਜਾਬੀ

ਸਿੱਖੋ ਬੋਲੋ ਪੜ੍ਹੋ ਲਿਖੋ

ਮਾਂ ਬੋਲੀ ਪੰਜਾਬੀ ਨੂੰ ਪਿਆਰ ਕਰੋ — Love Maa Boli Punjabi

| | | | | |
|---|---|---|---|---|
| ੳ | ਅ | ੲ | ਸ | ਹ |
| ਕ | ਖ | ਗ | ਘ | ਙ |
| ਚ | ਛ | ਜ | ਝ | ਞ |
| ਟ | ਠ | ਡ | ਢ | ਣ |
| ਤ | ਥ | ਦ | ਧ | ਨ |
| ਪ | ਫ | ਬ | ਭ | ਮ |
| ਯ | ਰ | ਲ | ਵ | ੜ |
| ਸ਼ | ਖ਼ | ਗ਼ | ਜ਼ | ਫ਼ |
| ਲ਼ | | | | |

ਮੁਕਤਾ, ਕੰਨਾ, ਸਿਹਾਰੀ, ਬਿਹਾਰੀ, ਔਂਕੜ, ਦੁਲੈਂਕੜ, ਲਾਂ, ਦੁਲਾਵਾਂ, ਹੋੜਾ, ਕਨੌੜਾ, ਟਿੱਪੀ, ਕੰਨਾ-ਬਿੰਦੀ

www.damdamitaksal.net

੧ ੨ ੩ ੪ ੫ ੬ ੭ ੮ ੯ ੧੦

www.damdamitaksal.net

Learn Speak Read Write PUNJABI


## ਪ੍ਰਿੰਸੀਪਲ ਨਰੇਸ਼ ਕੁਮਾਰ ਦੀ ਬਦਲੀ ਹੋਣ ਉਪਰੰਤ ਵਿਦਾਇਗੀ ਪਾਰਟੀ



ਚੌਕ ਮਹਿਤਾ 29 ਅਗਸਤ ( ਬਾਬਾ ਸੁਖਵੰਤ ਸਿੰਘ ਚੰਨਣਕੇ) -ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਕੂਲ ਬੁਤਾਲਾ ਵਿਖੇ ਪਿਛਲੇ ਪੰਜ ਸਾਲ ਤੋਂ ਪ੍ਰਿੰਸੀਪਲ ਦੇ ਅਹੁਦੇ ਵਜੋਂ ਸੇਵਾ ਨਿਭਾ ਰਹੇ ਸ. ਨਰੇਸ਼ ਕੁਮਾਰ ਦੀ ਬਦਲੀ ਹੋਣ ਉਪਰੰਤ ਸਕੂਲ ਸਟਾਫ ਵੱਲੋਂ ਵਿਦਾਇਗੀ ਪਾਰਟੀ ਦਿੱਤੀ ਗਈ ।ਸਕੂਲ ਦੇ ਸਟਾਫ ਵੱਲੋਂ ਪ੍ਰਿੰਸੀਪਲ ਨਰੇਸ਼ ਕੁਮਾਰ ਵੱਲੋਂ ਸਕੂਲ ਨੂੰ ਦਿੱਤੀਆਂ ਗਈਆ ਸੇਵਾਵਾਂ ਪ੍ਰਤੀ ਉਹਨਾਂ ਦਾ ਧੰਨਵਾਦ ਕੀਤਾ ਗਿਆ ਅਤੇ ਸਕੂਲ ਸਟਾਫ ਦੀ ਤਰਫੋਂ ਉਹਨਾਂ ਦਾ ਵਿਸ਼ੇਸ਼ ਸਨਮਾਨ ਵੀ ਕੀਤਾ ਗਿਆ ।ਇਸ ਮੌਕੇ ਲੈਕਚਰਾਰ ਅਵਤਾਰ ਸਿੰਘ, ਹਰਮਿੰਦਰ ਸਿੰਘ, ਮਾ: ਵਰਿੰਦਰ ਸਿੰਘ, ਤਲਵਿੰਦਰਬੀਰ ਸਿੰਘ, ਜਤਿੰਦਰਬੀਰ ਸਿੰਘ, ਸੁਖਰਾਜ ਸਿੰਘ, ਸੰਤ ਰਾਮ , ਜਗਪ੍ਰੀਤ ਸਿੰਘ, ਜਸਵਿੰਦਰ ਸਿੰਘ, ਰਵਿੰਦਰ ਕੌਰ, ਅਮਨਜੋਤ ਕੌਰ , ਸੋਨਾ ਰਾਣੀ , ਸਰਬਜੀਤ ਕੌਰ, ਅਮਨਦੀਪ ਕੌਰ, ਪਮਿੰਦਰ ਕੌਰ, ਮਨਪ੍ਰੀਤ ਕੌਰ, ਸੁਖਵਿੰਦਰ ਕੌਰ, ਕੁਸਮ ਰਾਣੀ, ਨਿਸ਼ੀਮਾਂ ਲਖੇਸ਼ਰ, ਗਗਨਦੀਪ ਕੌਰ ਆਦਿ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV


ਦੇਗ ਤੇਗ ਫ਼ਤਿਹ – ਪੰਥ ਕੀ ਜੀਤ
ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥
ਸਲਾਨਾ ਜੋੜ ਮੇਲਾ
ਜਥੇਦਾਰ ਬਾਬਾ ਖੜਕ ਸਿੰਘ ਨਿਹੰਗ ਸਿੰਘ ਜੀ
ਧੰਨ-ਧੰਨ ਮਾਤਾ ਸਾਹਿਬ ਕੌਰ ਜੀ
ਗੁਰਮਤਿ ਸਮਾਗਮ
3 ਨਵੰਬਰ 2024 ਦਿਨ ਐਤਵਾਰ ਨੂੰ
ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ
ਗੁਰਦੁਆਰਾ ਸ਼ਹੀਦਾਂ, ਜੱਸੋਵਾਲ
(ਬੱਬਰਾਂ ਦਾ ਹਾਈਕੋਰਟ)
ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ
ਦਮਦਮੀ ਟਕਸਾਲ ਭਿੰਡਰਾਂ ਵਾਲੇ, ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ,
ਪ੍ਰਧਾਨ ਭਾਈ ਲਾਲੋ ਜੀ ਸੰਤ ਸਮਾਜ, ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦਲ
ਸੰਪਰਕ ਨੰਬਰ
98141-27470


ਸਾਬਤ ਸੂਰਤਿ ਦਸਤਾਰ ਸਿਰਾ
ਦਸਤਾਰਾਂ ਹੀ ਦਸਤਾਰਾਂ
ਰੰਧਾਵਾ ਪਗੜੀ ਸੈਂਟਰ
ਦਸਤਾਰਾਂ ਦੇ ਥਾਨ ਥੋਕ ਦੇ ਭਾਅ ਖ਼ਰੀਦਣ ਲਈ ਸੰਪਰਕ ਕਰੋ।
✚ ਦੁਨੀਆਂ ਦੇ ਕਿਸੇ ਵੀ ਕੋਨੇ 'ਚ ਦਸਤਾਰਾਂ ਮੰਗਵਾਉਣ ਲਈ ਸੰਪਰਕ ਕੀਤਾ ਜਾ ਸਕਦਾ ਹੈ।
ਇੱਥੇ ਹਰ ਤਰ੍ਹਾਂ ਦੀਆਂ ਪੱਗਾਂ ਅਤੇ ਸੁੰਦਰ ਰੁਮਾਲਾ ਸਾਹਿਬ ਮਿਲਦੇ ਹਨ।
ਰੈਣਕ ਬਾਜਾਰ, ਜਲੰਧਰ (ਪੰਜਾਬ)
ਸੰਪਰਕ ਨੰ. :
+91 98882-22446


ASA Gas Heating Solution Ltd.
Boilers
Certificates
Gas Work
Cylinders
Maintenance Services
Gas Safety Inspections
Plumbing Work
Vaillant APPROVED INSTALLER
WORCESTER Bosch Group
ਏ.ਐਸ.ਏ. ਗੈਸ ਹੀਟਿੰਗ ਸਲੂਸਨ ਲਿਮਟਿਡ ਕੰਪਨੀ ਦੇ ਮਾਲਕ ਜਾਣੇ ਪਹਿਚਾਣੇ ਗੋਲਡ ਮੈਡਲਿਸਟ ਢਾਡੀ ਜੱਥਾ ASA ਦੇ ਨੌਜਵਾਨਾਂ ਨੇ ਸ਼ੁਰੂ ਕੀਤੀ ਹੈ। ਜਿਹੜੇ ਗੈਸ ਅਤੇ ਬਿਜਲੀ ਦਾ ਕੰਮ ਬਹੁਤ ਹੀ ਤਸੱਲੀਬਖ਼ਸ਼ ਅਤੇ ਸਸਤੇ ਰੇਟਾਂ ਤੇ ਕਰਦੇ ਹਨ। ਨੌਜਵਾਨ ਬੱਚਿਆਂ ਨੇ ਨਵਾਂ ਨਵਾਂ ਆਪਣਾ ਕੰਮ ਸ਼ੁਰੂ ਕੀਤਾ ਹੈ। ਸੋ ਇਹਨਾਂ ਬੱਚਿਆਂ ਦਾ ਵੱਧ ਤੋਂ ਵੱਧ ਸਹਿਯੋਗ ਦੇਣ ਦੀ ਅਪੀਲ ਕੀਤੀ ਜਾਂਦੀ ਹੈ
Mr. Simran Singh : 0749 534 2620
asagasheatingsolutions@gmail.com
Call us now for a Free no-olbigation quote

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ । ਵਾਹਿਗੁਰੂ ਜੀ ਕੀ ਫਤਿਹ ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)



# ਸੰਪੂਰਨਤਾ ਦਿਵਸ

ਧੰਨ ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਸੰਪੂਰਨਤਾ ਦਿਵਸ ਅਤੇ ਜਨਮ ਦਿਹਾੜਾ ਪਿਆਰੇ ਭਾਈ ਦਈਆ ਸਿੰਘ ਜੀ ਨੂੰ ਸਮਰਪਿਤ ਗੁਰਮਤਿ ਸਮਾਗਮ ਕਰਵਾਏ ਜਾ ਰਹੇ ਹਨ




ਕਥਾ ਵਾਚਕ ਗਿਆਨੀ ਸੁਖਚੈਨ ਸਿੰਘ ਦਮਦਮੀ ਟਕਸਾਲ ਵਾਲੇ

ਸ਼ਨਿੱਚਰਵਾਰ 31 ਅਗਸਤ ਸ਼ਾਮ 5 ਤੋਂ 8 ਵਜੇ ਤੱਕ ਦੀਵਾਨ ਸਜਣਗੇ

ਐਤਵਾਰ 1 ਸਤੰਬਰ 2024 ਨੂੰ 6:30 ਵਜੇ ਸਵੇਰੇ ਚੌਪਹਿਰੇ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 9: 30 ਵਜੇ ਭੋਗ ਪੈਣਗੇ ਉਪੰਰਤ 12:30 ਵਜੇ ਤੱਕ ਦੀਵਾਨ ਸਜਣਗੇ।

ਕਥਾ ਵਾਚਕ ਗਿਆਨੀ ਸੁਖਚੈਨ ਸਿੰਘ ਦਮਦਮੀ ਟਕਸਾਲ ਵਾਲੇ ਕਥਾ ਰਾਹੀਂ ਗੁਰ ਇਤਿਹਾਸ ਅਤੇ ਸਿੱਖ ਇਤਿਹਾਸ ਨਾਲ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

☛ ਸਰਦਾਈ ਦੀ ਛਬੀਲ ਵੀ ਲੱਗੇਗੀ ☛ ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**
**ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ**
ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-
ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778
ਭਾਈ ਬਲਰਾਮ ਸਿੰਘ +393885751594
ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

☛ ਸ਼ੇਅਰ ਜ਼ਰੂਰੀ ਕਰਨਾ ਜੀ ☛ ਸਿੱਖ ਸੰਗਤਾਂ ਦੇ ਚਰਨਾਂ ਵਿੱਚ ਬੇਨਤੀ ਹੈ। ☛ ਆਪਣਾ ਕੀਮਤੀ ਸਮਾਂ ਕੱਢਕੇ ਸਮਾਗਮਾ ਵਿਚ ਪੁਹੁੰਚਣ ਦੀ ਕ੍ਰਿਪਾਲਤਾ ਕਰੋ ਜੀ।

**Gurdwara Sahib Shaeed Baba Deep Singh ji Damdami Taksaal**
Via Giacomo Matteotti 3Cap
26020Casalmorano Cremona (IT)
E-mail : gur.damdamitaksaalitaly@gmail.com
Call+393475711755 / 3208124778


HAYES PLANT HIRE
WE TRAIN YOU GAIN
NPORS ACCREDITED
Telescopic Handler
Excavator 360
Road Roller
Forward Tipping Dumper
Tractor
Dozer
Plant Training and Testing on All
CATEGORIES OF
MACHINERY.
Dump Truck
HAYES PLANT HIRE
ਉਪਰੋਕਤ ਮਸ਼ੀਨਾਂ ਦੇ ਲਾਇਸੈਂਸ ਪ੍ਰਾਪਤ ਕਰਨ ਲਈ ਸੰਪਰਕ ਕਰੋ
NROPS Accredited
ਉਪਰੋਕਤ ਹਰ ਤਰ੍ਹਾਂ ਦੀ ਮਸ਼ੀਨਰੀ ਦੀ
ਟਰੇਨਿੰਗ ਅਤੇ ਟੈਸਟਿੰਗ ਦੀ ਸਿਖਲਾਈ ਦਿੱਤੀ ਜਾਂਦੀ ਹੈ।
CONTACT- 07831543004
Hollis Farm, Clay Cross Chesterfield. S45 9BA
01246864370
ਆਵਾਜ਼ ਕੌਮ
AWAZE QAUM
International Newspaper & WEB TV
CALL US TO BOOK YOUR CSCS LEVEL ONE COURSE.
07715-128621





KHALSA FORGE

Explore a stunning collection of high-quality Damascus and Sarbloh Kirpans, meticulously crafted for excellence.
www.khalsaforge.com

# ਖਾਲਸਾ ਫੋਰਜ

☛ ਉੱਚ ਕੁਆਲਿਟੀ ਦੀਆਂ ਸਰਬਲੋਹ ਕਿਰਪਾਨਾਂ ਅਤੇ ਗਾਤਰਾ ਸਾਹਿਬ ਖ਼ਰੀਦਣ ਲਈ ਸੰਪਰਕ ਕਰੋ।

☛ ਆਨਲਾਈਨ ਆਰਡਰ ਵੀ ਬੁੱਕ ਕੀਤੇ ਜਾਂਦੇ ਹਨ।






www.khalsaforge.com




ਆਵਾਜ਼ਿ ਕੌਮ
AWAZE QAUM
International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243



ਸੂਰਾ ਸੋ ਪਹਿਚਾਨੀਐ ਜੁ ਲਰੈ ਦੀਨ ਕੇ ਹੇਤ ॥
ਪੁਰਜਾ ਪੁਰਜਾ ਕਟਿ ਮਰੈ ਕਬਹੂ ਨ ਛਾਡੈ ਖੇਤੁ ॥੨॥੨॥



ਆਵਾਜ਼ਿ ਕੌਮ AWAZE QAUM International Newspaper & WEB TV

ਦਲ ਖਾਲਸਾ ਦੇ ਬਾਨੀ ਕੌਮੀ ਯੋਧੇ ਭਾਈ ਗਜਿੰਦਰ ਸਿੰਘ ਦੀ ਮਿੱਠੀ ਯਾਦ ਨੂੰ ਸਮਰਪਿਤ
ਸ਼੍ਰੀ ਸਹਿਜ ਪਾਠ ਅਗਸਤ 24 2024 ਨੂੰ ਪ੍ਰਕਾਸ਼ ਹੋਣਗੇ
ਭੋਗ ਸਤੰਬਰ 1, 2024 ਨੂੰ ਪਏ ਜਾਣਗੇ, ਸਵੇਰੇ - 10 ਵਜੇ

ਅਸਥਾਨ - ਗੁਰੂਦਵਾਰਾ ਸ਼੍ਰੀ ਗੁਰੂ ਸਿੰਘ ਸਭਾ ਕੈਂਟਨ, ਮਿਸੀਗਨ
3310 Canton Ctr Rd, Canton, MI 48188
+17348928498, +17349255669, +19898009898

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243




# ਡੀਏਪੀ ਖਾਦ ਨਾਲ ਨੈਨੋ ਡੀਏਪੀ ਦੇਣ ਦੇ ਵਿਰੋਧ 'ਚ ਬੀਕੇਯੂ ਡਕੌਂਦਾ ਵੱਲੋਂ ਇਫਕੋ ਦਫਤਰ ਅੱਗੇ ਲਾਇਆ ਧਰਨਾ

**ਤਲਵੰਡੀ ਸਾਬੋ, 28 ਅਗਸਤ (ਗੁਰਜੰਟ ਸਿੰਘ ਨਥੇਹਾ)**- ਡੀਏਪੀ ਦੀ ਮਹਿਕਮੇ ਵੱਲੋਂ ਜਾਨ ਬੁੱਝ ਕੇ ਘਾਟ ਦਰਸਾ ਕੇ ਭੋਲੇ ਭਾਲੇ ਕਿਸਾਨਾਂ ਨੂੰ ਡੀਏਪੀ ਖਾਦ ਨਾਲ ਡੀਏਪੀ ਨੈਨੋ ਜਾਂ ਨੈਨੋ ਯੂਰੀਆ ਦੇ ਕੇ ਲੁੱਟ ਕੀਤੀ ਜਾ ਰਹੀ ਹੈ ਇਸ ਸੰਬੰਧ ਵਿੱਚ ਅੱਜ ਭਾਰਤੀ ਕਿਸਾਨ ਯੂਨੀਅਨ ਡਕੌਂਦਾ ਵੱਲੋਂ ਇਫਕੋ ਦਫਤਰ ਤਲਵੰਡੀ ਸਾਬੋ ਅੱਗੇ ਧਰਨਾ ਲਗਾਇਆ ਗਿਆ। ਇਸ ਮੌਕੇ ਬੋਲਦਿਆਂ ਰਾਜਮਹਿੰਦਰ ਸਿੰਘ ਕੋਟਭਾਰਾ ਜ਼ਿਲ੍ਹਾ ਜਰਨਲ ਸਕੱਤਰ ਨੇ ਕਿਹਾ ਕਿ ਜੇਕਰ ਮਹਿਕਮੇ ਨੇ ਇਸ 'ਤੇ ਗੌਰ ਕਰਦਿਆਂ ਰੋਕ ਨਾ ਲਾਈ ਤਾਂ ਸੰਘਰਸ਼ ਨੂੰ ਹੋਰ ਤਿੱਖਾ ਕੀਤਾ ਜਾਵੇਗਾ। ਇਸ ਮੌਕੇ ਹੋਰਨਾਂ ਤੋਂ ਇਲਾਵਾ ਬਲਕਰਨ ਸਿੰਘ ਭਾਗੀਵਾਂਦਰ ਜ਼ਿਲ੍ਹਾ ਸੀਨੀਅਰ ਮੀਤ ਪ੍ਰਧਾਨ, ਮੇਜਰ ਸਿੰਘ ਕੋਟਭਾਰਾ ਬਲਾਕ ਜਰਨਲ ਸਕੱਤਰ, ਜਗਜੀਤ ਸਿੰਘ ਪ੍ਰਧਾਨ ਤਰਖਾਣ ਵਾਲਾ, ਜਸਕਰਨ ਸਿੰਘ ਇਕਾਈ ਪ੍ਰਧਾਨ, ਗੁਰਮੇਲ ਸਿੰਘ ਇਕਾਈ ਪ੍ਰਧਾਨ, ਦਰਸ਼ਨ ਸਿੰਘ, ਜਗਰੂਪ ਸਿੰਘ ਅਤੇ ਦਰਸ਼ਨ ਸਿੰਘ ਆਦਿ ਕਿਸਾਨ ਆਗੂਆਂ ਸਮੇਤ ਕਿਸਾਨ ਸ਼ਾਮਿਲ ਸਨ।




ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਆਯੂਸ਼ਮਾਨ ਭਾਰਤ ਡਿਜ਼ੀਟਲ ਅਕਾਊਂਟ (ਆਭਾ) ਮਰੀਜ਼ ਲਈ ਹੋ ਰਿਹੈ ਵਰਦਾਨ ਸਾਬਤ—ਡਾ: ਰਾਜਵਿੰਦਰ ਕੌਰ

# ਬੇਹਤਰੀਨ ਸਿਹਤ ਸਹੂਲਤਾਂ ਲੈਣ ਅਤੇ ਇਲਾਜ ਸਮੇਂ ਰਿਪੋਰਟਾਂ ਚੁੱਕਣ ਤੋਂ ਮੁਕਤ ਹੋਣ ਦੇ ਮਨੋਰਥ ਨਾਲ ਤੁਰੰਤ ਬਣਾਉ ਆਭਾ ਆਈ.ਡੀ



**ਫ਼ਿਰੋਜ਼ਪੁਰ, 28 ਅਗਸਤ (ਸੁਖਮੰਦਰ ਸਿੰਘ ਸ਼ਾਤ)**-ਸਿਹਤ ਵਿਭਾਗ ਵੱਲੋਂ ਆਯੁਸ਼ਮਾਨ ਭਾਰਤ ਡਿਜੀਟਲ ਮਿਸ਼ਨ ਯੋਜਨਾ ਤਹਿਤ ਬੇਹਤਰੀਨ ਸਿਹਤ ਸਹੂਲਤਾਂ ਦੇਣ ਦੇ ਨਾਲ-ਨਾਲ ਮਰੀਜਾਂ ਦਾ ਸਾਰਾ ਡਾਟਾ ਹੋਵੇਗਾ ਆਨ-ਲਾਈਨ।ਇਹ ਜਾਣਕਾਰੀ ਸਾਂਝੀ ਕਰਦਿਆਂ ਸਿਵਲ ਸਰਜਨ ਫ਼ਿਰੋਜ਼ਪੁਰ ਡਾ: ਰਾਜਵਿੰਦਰ ਕੌਰ ਨੇ ਦੱਸਿਆ ਕਿ ਸਮੂਹ ਸਿਵਲ ਹਸਪਤਾਲਾਂ ਵਿਚ ਜਿਥੇ ਮਾਹਿਰ ਡਾਕਟਰਾਂ ਵੱਲੋਂ ਆਧੁਨਿਕ ਮਸ਼ੀਨਾਂ ਨਾਲ ਇਲਾਜ ਕੀਤਾ ਜਾਂਦਾ ਹੈ, ਉਥੇ ਹੀ ਇਲਾਜ ਲਈ ਇਕ ਹੋਰ ਕਦਮ ਵਧਾਉਂਦਿਆਂ ਇਲਾਜ ਨੂੰ ਆਯੁਸ਼ਮਾਨ ਭਾਰਤ ਡਿਜ਼ੀਟਲ ਅਕਾਊਂਟ (ਆਭਾ) ਯੋਜਨਾ ਤਹਿਤ ਆਨ-ਲਾਈਨ ਕੀਤਾ ਜਾਂਦਾ ਹੈ। ਉਨ੍ਹਾਂ ਕਿਹਾ ਕਿ ਆਭਾ ਵਿਚ ਆਈ.ਡੀ ਬਣਾਉਣ ਨਾਲ ਮਰੀਜ ਨੂੰ ਇਕ ਹਸਪਤਾਲ ਤੋਂ ਦੂਸਰੇ ਹਸਪਤਾਲ ਵਿਚ ਇਲਾਜ ਕਰਵਾਉਣ ਸਮੇਂ ਕਿਸੇ ਤਰ੍ਹਾਂ ਦੇ ਕਾਗਜ਼ਾਤ ਜਿਵੇਂ ਮੈਡੀਕਲ ਰਿਪੋਰਟਾਂ, ਐਕਸਰੇ ਆਦਿ ਕੋਈ ਵੀ ਦਸਤਾਵੇਜ਼ ਨਾਲ ਚੁੱਕਣ ਦੀ ਜ਼ਰੂਰਤ ਨਹੀਂ ਰਹੇਗੀ, ਕਿਉਂਕਿ ਇਹ ਸਾਰਾ ਡਾਟਾ ਮਨੁੱਖ ਦੀ ਬਣੀ ਆਭਾ ਆਈ.ਡੀ ਤੋਂ ਆਟੋਮੈਟਿਕ ਡਾਕਟਰ ਚੈੱਕ ਕਰਨ ਦੇ ਸਮਰਥ ਹੋਣਗੇ ਅਤੇ ਮਰੀਜ ਨੂੰ ਇਕ ਤੋਂ ਦੂਸਰੇ ਡਾਕਟਰ ਕੋਲ ਇਲਾਜ ਕਰਵਾਉਣ ਸਮੇਂ ਕਿਸੇ ਕਿਸਮ ਦੀ ਪ੍ਰੇਸ਼ਾਨੀ ਦਾ ਸਾਹਮਣਾ ਨਹੀਂ ਕਰਨਾ ਪਵੇਗਾ।

ਆਵਾਜ਼ਿ ਕੌਮ AWAZE QAUM International Newspaper & WEB TV

> ☛ ਆਭਾ ਅਕਾਊਂਟ ਵਿਚ ਮਰੀਜ਼ ਦਾ ਦਰਜ਼ ਹੋਵੇਗਾ ਸਾਰਾ ਮੈਡੀਕਲ ਰਿਕਾਰਡ ☛ ਆਭਾ ਆਈ.ਡੀ ਤੋਂ ਬਿਨ੍ਹਾਂ ਵੀ ਹੋਵੇਗਾ ਇਲਾਜ, ਪਰ ਆਭਾ ਆਈ.ਡੀ ਮਨੁੱਖ ਦੇ ਸਾਥੀ ਵਜੋਂ ਹੋਵੇਗੀ ਸਹਾਈ, ਜਿਸ ਨੂੰ ਬਣਾਉਣਾ ਅਤਿ ਜ਼ਰੂਰੀ—ਸਿਵਲ ਸਰਜਨ

ਗੱਲਬਾਤ ਕਰਦਿਆਂ ਸਿਵਲ ਸਰਜਨ ਫ਼ਿਰੋਜ਼ਪੁਰ ਨੇ ਸਪੱਸ਼ਟ ਕੀਤਾ ਕਿ ਕਿਸੇ ਹਾਦਸੇ ਸਮੇਂ ਜਾਂ ਅਚਾਨਕ ਸਿਹਤ ਸਮੱਸਿਆ ਆਉਣ ਸਮੇਂ ਮਰੀਜ ਜਾਂ ਉਸਦੇ ਆਸ਼ਿਰਤ ਤੁਰੰਤ ਮਰੀਜ ਨੂੰ ਹਸਪਤਾਲ ਲੈ ਕੇ ਜਾਂਦੇ ਹਨ ਅਤੇ ਹਸਪਤਾਲ ਵਿਚ ਪਹੁੰਚਣ ਤੋਂ ਬਾਅਦ ਉਸ ਦੇ ਪਹਿਲਾਂ ਹੋਏ ਇਲਾਜ ਸਬੰਧੀ ਕਾਗਜ਼ਾਤ, ਰਿਪੋਰਟਾਂ ਆਦਿ ਦਿਖਾਉਣੀਆਂ ਪੈਂਦੀਆਂ ਹਨ ਤਾਂ ਜ਼ੋ ਇਲਾਜ ਵਿਚ ਕਿਸੇ ਤਰ੍ਹਾਂ ਦੀ ਦਿੱਕਤ ਨਾ ਹੋਵੇ ਅਤੇ ਕਈ ਵਾਰ ਅਜਿਹੀਆਂ ਰਿਪੋਰਟਾਂ ਨਾਲ ਨਹੀਂ ਲੈ ਕੇ ਆਈਆਂ ਜਾਂਦੀਆਂ, ਜਿਸ ਸਦਕਾ ਮਰੀਜ ਦੇ ਇਲਾਜ ਵਿਚ ਦੇਰੀ ਹੁੰਦੀ ਸੀ ਅਤੇ ਹੁਣ ਇਸ ਦੇਰੀ ਨੂੰ ਖਤਮ ਕਰਨ ਅਤੇ ਰਿਪੋਰਟਾਂ ਆਦਿ ਦੀ ਅੜਚਣ ਨੂੰ ਖਤਮ ਕਰਨ ਦੇ ਮਨੋਰਥ ਨਾਲ ਅਜਿਹੀ ਆਭਾ ਆਈ.ਡੀ ਬਣਾਈ ਜਾ ਰਹੀ ਹੈ।

ਉਨ੍ਹਾਂ ਸਮੂਹ ਲੋਕਾਂ ਨੂੰ ਅਪੀਲ ਕੀਤੀ ਕਿ ਭਵਿੱਖ ਵਿਚ ਬੇਹਤਰੀਨ ਸਿਹਤ ਸਹੂਲਤਾਂ ਲੈਣ ਅਤੇ ਇਲਾਜ ਸਮੇਂ ਰਿਪੋਰਟਾਂ ਦਾ ਬੋਝ ਚੁੱਕਣ ਤੋਂ ਮੁਕਤ ਹੋਣ ਦੇ ਮਨੋਰਥ ਨਾਲ ਤੁਰੰਤ ਆਭਾ ਦੀ ਆਈ.ਡੀ ਬਣਾਉਣ, ਜੋ ਕਿ ਸਮੂਹ ਸਿਹਤ ਕੇਂਦਰਾਂ ਵਿਚ ਬਿਲਕੁਲ ਮੁਫਤ ਬਣਾਈ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਸਿਵਲ ਹਸਪਤਾਲ ਫ਼ਿਰੋਜ਼ਪੁਰ ਵਿਖੇ ਤਾਇਨਾਤ ਸਟਾਫ ਵੱਲੋਂ ਇਲਾਜ ਕਰਵਾਉਣ ਆ ਰਹੇ ਮਰੀਜ਼ਾਂ ਦੀ ਆਭਾ ਆਈ.ਡੀ ਬਣਾਈ ਜਾ ਰਹੀ ਹੈ, ਜਦੋਂ ਕਿ ਪਿੰਡਾਂ ਵਿਚ ਆਸ਼ਾ ਵਰਕਰਾਂ ਵੱਲੋਂ ਆਈ.ਡੀ ਬਣਾਉਣ ਦਾ ਕਾਰਜ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਕੋਈ ਵੀ ਵਿਅਕਤੀ ਇਸਦਾ ਬਾਰ ਕੋਡ ਸਕੈਨ ਕਰਕੇ ਜਾਂ ਆਨ-ਲਾਈਨ ਸਹੂਲਤ ਰਾਹੀਂ ਆਪਣੀ ਆਈ.ਡੀ ਬਣਾ ਸਕਦਾ ਹੈ, ਜਿਸ ਲਈ ਮਨੁੱਖ ਦਾ ਆਧਾਰ ਕਾਰਡ ਸਮੇਤ ਕੁਝ ਦਸਤਾਵੇਜ਼ ਦੀ ਜ਼ਰੂਰਤ ਹੁੰਦੀ ਹੈ। ਉਨ੍ਹਾਂ ਕਿਹਾ ਸਮੂਹ ਲੋਕਾਂ ਦੀ ਸਹੂਲਤ ਲਈ ਆਭਾ ਐਪ ਵੀ ਲਾਂਚ ਕੀਤਾ ਗਿਆ ਹੈ, ਜੋ ਕੋਈ ਵੀ ਵਿਅਕਤੀ ਆਪਣੇ ਮੋਬਾਇਲ ਦੇ ਪਲੇਅ ਸਟੋਰ ਵਿਚੋਂ ਡਾਊਨਲੋਡ ਕਰਕੇ ਸੋਖਾਲੇ ਤਰੀਕੇ ਨਾਲ ਆਪਣੀ ਆਈ.ਡੀ ਬਣਾ ਸਕਦਾ ਹੈ।

ਸਿਵਲ ਸਰਜਨ ਡਾ: ਰਾਜਵਿੰਦਰ ਕੌਰ ਨੇ ਇਹ ਵੀ ਦੱਸਿਆ ਕਿ ਆਭਾ ਆਈ.ਡੀ ਸਿਰਫ ਤੇ ਸਿਰਫ ਮਰੀਜ਼ ਦੀ ਬਿਮਾਰੀ ਨਾਲ ਸਬੰਧਤ ਦਸਤਾਵੇਜ਼ ਨੂੰ ਆਨ-ਲਾਈਨ ਰਿਕਾਰਡ ਰੱਖਣ ਵਜੋਂ ਬਣਾਇਆ ਗਿਆ ਹੈ ਅਤੇ ਜੇਕਰ ਕਿਸੇ ਮਰੀਜ ਦੀ ਆਈ.ਡੀ ਨਹੀਂ ਬਣੀ ਤਾਂ ਉਸ ਨੂੰ ਇਲਾਜ ਜ਼ਰੂਰ ਮਿਲੇਗਾ। ਉਨ੍ਹਾਂ ਕਿਹਾ ਕਿ ਇਸ ਆਭਾ ਆਈ.ਡੀ ਦੀ ਖਾਸ ਗੱਲ ਇਹ ਵੀ ਹੈ ਕਿ ਜਦੋਂ ਤੁਸੀਂ ਕਿਸੇ ਵੀ ਹਸਪਤਾਲ ਵਿਚ ਪੁੱਜ ਕੇ ਉਥੇ ਲੱਗੇ ਕਿਯੂ.ਆਰ. ਕੋਡ ਨੂੰ ਸਕੈਨ ਕਰੋਗੇ ਤਾਂ ਤੁਹਾਡੀ ਬਿਨ੍ਹਾਂ ਲਾਈਨ ਵਿਚ ਲੱਗਿਆ ਪਰਚੀ ਕੱਟੀ ਜਾ ਸਕੇਗੀ ਜਿਥੇ ਜਾ ਕੇ ਵਿਅਕਤੀ ਬਿਨ੍ਹਾਂ ਕਿਸੇ ਦੇਰੀ ਤੋਂ ਆਪਣਾ ਇਲਾਜ ਕਰਵਾ ਸਕਦਾ ਹੈ।ਉਨ੍ਹਾਂ ਦੱਸਿਆ ਕਿ ਆਭਾ ਆਈ.ਡੀ ਰਾਹੀਂ ਜਿੰਨੇ ਵੀ ਸਰਕਾਰੀ ਤੇ ਪ੍ਰਾਈਵੇਟ ਹਸਪਤਾਲ ਰਜਿਸਟਰਡ ਕੀਤੇ ਗਏ ਹਨ, ਉਨ੍ਹਾਂ ਵਿੱਚ ਵਿਅਕਤੀ ਨੂੰ ਉਸ ਦੀ ਆਈ.ਡੀ ਤੋਂ ਸਪੱਸ਼ਟ ਹੋ ਸਕੇਗਾ ਕਿ ਕਿਸ ਹਸਪਤਾਲ ਵਿਚ ਕਿਸ ਬਿਮਾਰੀ ਨਾਲ ਸਬੰਧਤ ਕੌਣ ਮਾਹਿਰ ਡਾਕਟਰ ਤਾਇਨਾਤ ਹੈ।

### ਗੁਰੂ ਕਾਸ਼ੀ ਯੂਨੀਵਰਸਿਟੀ ਨੇ

# 'ਰਾਸ਼ਟਰੀ ਪੁਲਾੜ ਦਿਹਾੜਾ' ਮਨਾਇਆ




**ਤਲਵੰਡੀ ਸਾਬੋ, 28 ਅਗਸਤ (ਗੁਰਜੰਟ ਸਿੰਘ ਨਥੇਹਾ)**- ਗੁਰੂ ਕਾਸ਼ੀ ਯੂਨੀਵਰਸਿਟੀ ਦੇ ਫੈਕਲਟੀ ਆਫ਼ ਇੰਜੀਨੀਅਰਿੰਗ ਐਂਡ ਟਕਨਾਲੋਜੀ ਅਤੇ ਫੈਕਲਟੀ ਆਫ਼ ਸਾਇੰਸਜ਼ ਦੇ ਭੌਤਿਕ ਵਿਗਿਆਨ ਵਿਭਾਗ ਵੱਲੋਂ ਐਨ.ਐਸ.ਐਸ. ਦੇ ਸਹਿਯੋਗ ਨਾਲ ਡਾ. ਅਮਿਤ ਟੁਟੇਜਾ, ਡੀਨ ਇੰਜੀਨੀਅਰਿੰਗ ਅਤੇ ਡਾ. ਸੁਨੀਤਾ ਰਾਣੀ, ਡੀਨ ਸਾਇੰਸਜ਼ ਦੀ ਦੇਖ-ਰੇਖ ਹੇਠ 'ਰਾਸ਼ਟਰੀ ਪੁਲਾੜ ਦਿਹਾੜਾ' ਵੱਖ-ਵੱਖ ਪ੍ਰਤੀਯੋਗਿਤਾਵਾਂ ਆਯੋਜਿਤ ਕਰਕੇ ਮਨਾਇਆ ਗਿਆ। ਇਸ ਮੌਕੇ "ਚੰਦ ਨੂੰ ਛੂਹਣ ਦੌਰਾਨ ਜ਼ਿੰਦਗੀ ਨੂੰ ਛੂਹਣਾ" ਵਿਸ਼ੇ 'ਤੇ ਪੋਸਟਰ ਮੇਕਿੰਗ ਅਤੇ ਇੰਟਰ ਫੈਕਲਟੀ ਪੀ.ਪੀ.ਟੀ. ਮੁਕਾਬਲੇ ਕਰਵਾਏ ਗਏ। ਇਨਾਮ ਵੰਡ ਸਮਾਰੋਹ ਦੌਰਾਨ ਡਾ. ਟੁਟੇਜਾ ਨੇ ਵਿਦਿਆਰਥੀਆਂ ਨੂੰ ਜ਼ਿੰਦਗੀ ਦੇ ਹਰ ਖੇਤਰ ਵਿੱਚ ਵਿਗਿਆਨ ਦੇ ਯੋਗਦਾਨ ਅਤੇ ਮਹੱਤਤਾ ਬਾਰੇ ਜਾਣਕਾਰੀ ਸਾਂਝੀ ਕਰਦਿਆਂ ਉਨ੍ਹਾਂ ਨੂੰ ਪੁਲਾੜ ਦੇ ਖੇਤਰ ਵਿੱਚ ਭਾਰਤੀਆਂ ਵੱਲੋਂ ਕੀਤੀਆਂ ਗਈਆਂ ਪ੍ਰਾਪਤੀਆਂ ਬਾਰੇ ਜਾਣਕਾਰੀ ਦਿੱਤੀ ਅਤੇ ਉਨ੍ਹਾਂ ਇਸ ਖੇਤਰ ਵਿੱਚ ਹੋਰ ਖੋਜ ਕਾਰਜ ਕਰਨ ਲਈ ਵਿਦਿਆਰਥੀਆਂ ਨੂੰ ਪ੍ਰੇਰਿਤ ਕੀਤਾ। ਉਨ੍ਹਾਂ ਦੱਸਿਆ ਕਿ ਪੋਸਟਰ ਮੇਕਿੰਗ ਪ੍ਰਤੀਯੋਗਿਤਾ ਵਿੱਚ ਲਗਭਗ 100 ਵਿਦਿਆਰਥੀਆਂ ਨੇ ਹਿੱਸਾ ਲਿਆ ਜਿਸ ਵਿੱਚ ਅਰਸ਼ਦੀਪ ਸਿੰਘ ਨੇ ਪਹਿਲਾ, ਮੁਹੰਮਦ ਸਾਜਿਦ ਨੇ ਦੂਜਾ ਅਤੇ ਮੁੰਦਨ ਕੁਮਾਰ ਨੇ ਤੀਜਾ ਸਥਾਨ ਹਾਸਿਲ ਕੀਤਾ। ਫੈਕਲਟੀ ਆਫ਼ ਸਾਇੰਸਜ਼ ਵੱਲੋਂ ਇੰਟਰ ਫੈਕਲਟੀ ਪੀ.ਪੀ.ਟੀ. ਮੁਕਾਬਲਿਆਂ ਦੇ ਮੁੱਖ ਮਹਿਮਾਨ ਡਾ. ਪ੍ਰਦੀਪ ਕੌੜਾ, ਐਸੋਸਿਏਟ ਡੀਨ ਅਕਾਦਮਿਕ ਨੇ ਵਿਦਿਆਰਥੀਆਂ ਨਾਲ ਭਾਰਤੀ ਪੁਲਾੜ ਖੋਜ ਸੰਸਥਾ ਵੱਲੋਂ ਸਫ਼ਲਤਾਪੂਰਵਕ ਛੱਡੇ ਗਏ ਚੰਦਰਯਾਨ-3 ਦੀ ਸਫ਼ਲਤਾ ਦਾ ਸਫਰ ਸਾਂਝਾ ਕੀਤਾ ਅਤੇ ਇਸ ਖੇਤਰ ਵਿੱਚ ਭਾਰਤੀ ਸਾਇੰਸਦਾਨਾਂ ਵੱਲੋਂ ਕੀਤੇ ਜਾ ਰਹੇ ਕਾਰਜਾਂ ਬਾਰੇ ਜਾਣਕਾਰੀ ਦਿੱਤੀ। ਉਨ੍ਹਾਂ ਕਿਹਾ ਕਿ ਇਸ ਖੇਤਰ ਵਿੱਚ ਖੋਜ ਅਤੇ ਰੁਜ਼ਗਾਰ ਦੀਆਂ ਅਸੀਮਿਤ ਸੰਭਾਵਨਾਵਾਂ ਹਨ, ਉਨ੍ਹਾਂ ਵਿਦਿਆਰਥੀਆਂ ਨੂੰ ਪੁਲਾੜ ਦੇ ਖੇਤਰ ਵਿੱਚ ਜੀ ਜਾਨ ਨਾਲ ਕੰਮ ਕਰਨ ਲਈ ਪ੍ਰੇਰਿਤ ਕੀਤਾ। ਡਾ. ਸੁਨੀਤਾ ਰਾਣੀ ਨੇ ਰਾਸ਼ਟਰੀ ਪੁਲਾਰ ਦਿਹਾੜੇ ਦੀਆਂ ਸਭਨਾਂ ਨੂੰ ਸ਼ੁੱਭ ਕਾਮਨਾਵਾਂ ਭੇਂਟ ਕੀਤੀਆਂ। ਮੰਚ ਸੰਚਾਲਨ ਤੇ ਸਭਨਾਂ ਦਾ ਧੰਨਵਾਦ ਕਰਦੇ ਹੋਏ ਡਾ. ਜੀਨੀਅਸ ਵਾਲੀਆ ਨੇ ਕਿਹਾ ਕਿ ਇਸ ਤਰ੍ਹਾਂ ਦੇ ਆਯੋਜਨਾਂ ਨਾਲ ਵਿਦਿਆਰਥੀਆਂ ਵਿੱਚ ਸਿਰਜਣਾਤਮਕ, ਸਹਿਯੋਗ, ਇਕੱਠੇ ਰਹਿਣ ਅਤੇ ਟੀਮ ਵਿੱਚ ਕੰਮ ਕਰਨ ਦੀ ਭਾਵਨਾ ਵੱਧਦੀ ਹੈ, ਜਿਸ ਨਾਲ ਵਿਦਿਆਰਥੀਆਂ ਦਾ ਸਰਵਪੱਖੀ ਵਿਕਾਸ ਅਤੇ ਦ੍ਰਿਸ਼ਟੀਕੋਣ ਵਿਸ਼ਾਲ ਹੁੰਦਾ ਹੈ।

ਆਵਾਜ਼ਿ ਕੌਮ AWAZE QAUM International Newspaper & WEB TV




# ਐਮ.ਐਲ.ਏ. ਰਣਬੀਰ ਭੁੱਲਰ ਨੇ ਬਲਾਕੀ ਵਾਲਾ ਖੂਹ ਤੋਂ ਪਿੰਡ ਇੱਛੇ ਵਾਲਾ ਤੱਕ ਸੜਕ ਦਾ ਰੱਖਿਆ ਨੀਂਹ ਪੱਥਰ




**ਫ਼ਿਰੋਜ਼ਪੁਰ, 26 ਅਗਸਤ (ਸੁਖਮੰਦਰ ਸਿੰਘ ਸ਼ਾਤ)**-ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵਲੋਂ ਸੂਬੇ ਦੇ ਸਮੂਹ ਹਲਕਿਆਂ ਅੰਦਰ ਨਵੀਆਂ ਸੜਕਾਂ ਅਤੇ ਪੁਰਾਣੀਆਂ ਦੀ ਰਿਪੇਅਰ ਸਬੰਧੀ ਪ੍ਰਸ਼ਾਸਨਿਕ ਅਧਿਕਾਰੀਆਂ ਨੂੰ ਆਦੇਸ਼ ਦਿੱਤੇ ਹਨ ਜਿਸ ਤਹਿਤ ਹਲਕਾ ਫ਼ਿਰੋਜ਼ਪੁਰ ਸ਼ਹਿਰੀ ਅੰਦਰ ਵੀ ਵਿਧਾਇਕ ਰਣਬੀਰ ਸਿੰਘ ਭੁੱਲਰ ਦੀ ਅਗਵਾਈ ਵਿਚ ਵਿਕਾਸ ਕਾਰਜਾਂ ਦੀ ਸ਼ੁਰੂਆਤ ਹੋ ਚੁੱਕੀ ਹੈ। ਇਸੇ ਲੜੀ 'ਚ ਵਿਧਾਇਕ ਰਣਬੀਰ ਸਿੰਘ ਭੁੱਲਰ ਵੱਲੋਂ ਫ਼ਿਰੋਜ਼ਪੁਰ ਸ਼ਹਿਰ ਦੇ ਵਾਰਡ ਨੰਬਰ 16 ਵਿਖੇ ਕੰਸਟਰੱਕਸ਼ਨ ਆਫ਼ ਮੈਟਲ ਰੋਡ ਬਲਾਕੀ ਵਾਲਾ ਖੂਹ ਤੋਂ ਪਿੰਡ ਇੱਛੇ ਵਾਲਾ ਦਾ ਨੀਂਹ ਪੱਥਰ ਰੱਖਿਆ ਗਿਆ। ਇਸ ਮੌਕੇ ਜਾਣਕਾਰੀ ਦਿੰਦਿਆਂ ਵਿਧਾਇਕ ਸ. ਰਣਬੀਰ ਸਿੰਘ ਭੁੱਲਰ ਨੇ ਦੱਸਿਆ ਕਿ ਇਸ ਸੜਕ ਦੀ ਲੰਬਾਈ ਕਰੀਬ ਡੇਢ ਕਿੱਲੋਮੀਟਰ ਹੈ ਜੋ 40 ਲੱਖ 50 ਹਜ਼ਾਰ ਰੁਪਏ ਦੀ ਲਾਗਤ ਨਾਲ ਤਿਆਰ ਹੋਵੇਗੀ। ਉਨ੍ਹਾਂ ਕਿਹਾ ਕਿ ਹਲਕੇ ਵਿੱਚ ਵਿਕਾਸ ਕਾਰਜਾਂ ਲਈ ਫੰਡਾਂ ਦੀ ਘਾਟ ਨਹੀਂ ਆਉਣ ਦਿੱਤੀ ਜਾਵੇਗੀ। ਇਸ ਮੌਕੇ ਚੇਅਰਮੈਨ ਮਾਰਕੀਟ ਕਮੇਟੀ ਬਲਰਾਜ ਸਿੰਘ ਕਟੋਰਾ, ਕਾਰਜ ਸਾਧਕ ਅਫ਼ਸਰ ਧਰਮਪਾਲ ਸਿੰਘ, ਐਮ.ਈ. ਚਰਨਪਾਲ ਸਿੰਘ, ਜੇ.ਈ. ਲਵਪ੍ਰੀਤ ਸਿੰਘ, ਜਸਬੀਰ ਸਿੰਘ ਜੋਸਨ, ਰਾਜ ਬਹਾਦਰ ਸਿੰਘ, ਬਲਦੇਵ ਸਿੰਘ ਮੱਲ੍ਹੀ ਬਲਾਕ ਪ੍ਰਧਾਨ, ਦਲੇਰ ਭੁੱਲਰ ਬਲਾਕ ਪ੍ਰਧਾਨ, ਹਰਮੀਤ ਸਿੰਘ ਖਾਈ, ਹਿਮਾਂਸ਼ੂ ਠੱਕਰ ਸਮੇਤ ਹੋਰ ਪਤਵੰਤੇ ਵੀ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਇਤਿਹਾਸਕ ਮੰਦਰ ਸ੍ਰੀ ਰਾਮ ਤੀਰਥ ਦੇ ਪ੍ਰਬੰਧਾਂ ਲਈ ਪ੍ਰਸ਼ਾਸਨ ਤਤਪਰੁ : ਜੀ ਐਮ

**ਚੌਕ ਮਹਿਤਾ, 28 ਅਗਸਤ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਸੀਤਾ ਮਾਤਾ ਲਵ ਕੁਸ਼ ਜਨਮ ਭੂਮੀ ਭਗਵਾਨ ਵਾਲਮੀਕ ਤੀਰਥ ਸਥਲ ਸ੍ਰੀ ਰਾਮ ਤੀਰਥ ਦੇ ਪ੍ਰਬੰਧਾਂ ਵਿੱਚ ਕਾਫੀ ਸੁਧਾਰ ਕੀਤਾ ਗਿਆ ਹੈ ਅਕਤੂਬਰ ਮਹੀਨੇ ਵਿੱਚ ਆ ਰਹੇ ਪ੍ਰਗਟ ਦਿਵਸ ਦੀਆਂ ਤਿਆਰੀਆਂ ਨੂੰ ਲੈ ਕੇ ਪ੍ਰਸ਼ਾਸਨ ਹੁਣ ਤੋਂ ਪੱਬਾਂ ਭਾਰ ਵਿਖਾਈ ਨਜ਼ਰ ਆ ਰਿਹਾ ਹੈ ਜੇਕਰ ਯੋਗ ਹੈ ਕਿ ਪੰਜਾਬ ਸਰਕਾਰ ਦੁਆਰਾ ਹਰ ਸਾਲ ਸਰਾਇਨ ਬੋਰਡ ਦੀ ਅਗਵਾਈ ਹੇਠ ਭਗਵਾਨ ਵਾਲਮੀਕ ਪ੍ਰਗਟ ਦਿਵਸ ਰਾਜ ਪੱਧਰੀ ਸਮਾਗਮ ਕਰਵਾਇਆ ਜਾਂਦਾ ਹੈ ਦੈਨਿਕ ਜਾਗਰਨ ਨਾਲ ਵਿਸ਼ੇਸ਼ ਰੂਪ ਵਿੱਚ ਗੱਲ ਕਰਦਿਆਂ ਜਰਨਲ ਮੈਨੇਜਰ ਕੁਛ ਰਾਜ ਕੰਪਲੈਕਸ ਦੇ ਪ੍ਰਤੀ ਦੱਸਦਿਆਂ ਕਿਹਾ ਕਿ ਮਾਨਯੋਗ ਚੇਅਰਮੈਨ ਸਰਾਇਨ ਬੋਰਡ ਮੁੱਖ ਮੰਤਰੀ ਪੰਜਾਬ ਭਗਵੰਤ ਮਾਨ ਦੀ ਯੋਗ ਅਗਵਾਈ ਹੇਠ ਡਿਪਟੀ ਕਮਿਸ਼ਨਰ ਅੰਮ੍ਰਿਤਸਰ ਘਣਸ਼ਾਮ ਥੋਰੀ ਦੇ ਦਿਸ਼ਾ ਨਿਰਦੇਸ਼ਾਂ ਹੇਠ ਐਸਡੀਐਮ ਮੈਡਮ ਅਮਨਦੀਪ ਕੌਰ ਘੁੰਮਣ ਦੀ ਅਗਵਾਈ ਵਿੱਚ ਇੱਕ ਸਾਲ ਦੇ ਕਾਰਜਕਾਲ ਵਿੱਚ ਮਿਲ ਰਹੀਆਂ ਸ਼ਿਕਾਇਤਾਂ ਪ੍ਰਤੀ ਕਾਫੀ ਸੁਧਾਰ ਲਿਆਂਦਾ ਹੈ ਹੈ ਪੰਜਾਬ ਸਰਕਾਰ ਦੀ ਅਗਵਾਈ ਹੇਠ ਸ਼੍ਰੀ ਰਾਮ ਤੀਰਥ ਕੰਪਲੈਕਸ ਦੀ ਦਿੱਖ ਨੂੰ ਸਵਾਰਨ ਲਈ ਸ੍ਰੀ ਰਾਮ ਤੀਰਥ ਰੋਡ ਤੋਂ ਚਜੋਟੀ ਰੋਡ ਤੱਕ ਨਵੀਂ ਸੜਕ ਵੀਆਈਪੀ ਗੇਟ ਸੀਵਰੇਜ ਲਾਈਨ ਬਾਥਰੂਮ ਰਿਪੇਅਰ ਪਨੋਰਮਾ ਨੂੰ ਤਿਆਰ ਕਰਵਾਇਆ ਗਿਆ ਜਿਸ ਦਾ ਉਦਘਾਟਨ ਰਸਮੀ ਤੌਰ ਤੇ ਹੋਣਾ ਬਾਕੀ ਹੈ ਧਾਰਮਿਕ ਮੰਦਰ ਵਿੱਚ ਸ਼ਰਧਾਲੂਆਂ ਲਈ ਕੜਾਹ ਪ੍ਰਸ਼ਾਦ ਦੇਗ ਦੀ ਸ਼ੁਰੂਆਤ ਲੰਗਰ 24 ਘੰਟੇ ਸਫਾਈ ਵਿਵਸਥਾ ਕੰਟਰੋਲ ਕਰਨ ਲਈ ਦੋ ਸ਼ਿਫਟਾਂ ਵਿੱਚ ਕਰਮਚਾਰੀਆਂ ਨੂੰ ਵੰਡਿਆ ਗਿਆ ਹੈ ਉੱਥੇ ਸਫਾਈ ਸੁੰਦਰਤਾ ਅਭਿਆਨ ਤਹਿਤ 104 ਦੇ ਕਰੀਬ ਗਮਲਿਆਂ ਸਮੇਤ ਬੂਟੇ ਪਰਿਕਰਮਾ ਵਿੱਚ ਡਸਟਬੀਨ ਧਰਮਸ਼ਾਲਾ ਵਿੱਚ 35 ਕਮਰਿਆਂ ਨੂੰ ਬੈਡ ਕੂਲਰ ਨਾਲ ਲੈਸ ਕੀਤਾ ਗਿਆ ਹੈ ਇਹਨਾਂ ਕੰਮਾਂ ਵਿੱਚ ਜਿੱਥੇ ਵੱਖ-ਵੱਖ ਵਾਲਮਿਕ ਜਥੇਬੰਦੀਆਂ ਦਾ ਪ੍ਰਸ਼ਾਸਨ ਨੂੰ ਸਹਿਯੋਗ ਰਿਹਾ ਹੈ ਉੱਥੇ ਸੰਤ ਬਾਬਾ ਪ੍ਰਗਟ ਨਾਥ ਰਹੀਮਪੁਰ ਦਰਸ਼ਨ ਰਤਨ ਰਾਵਣ ਡਾਕਟਰ ਦੇਵ ਸਿੰਘ ਅਸੋਰ ਸੰਤ ਜਸਪਾਲ ਨਾਥ ਸੰਤ ਬਾਬਾ ਪ੍ਰਗਟ ਨਾਥ ਵਾਲਮੀਕ ਤੀਰਥ ਸੰਤ ਮੇਘਨਾਥ ਸੰਤ ਅਸ਼ੋਕ ਲੋਕੇਸ਼ ਜੋਗੀ ਨਾਥ ਸ਼ਿਵ ਨਾਥ ਲੁਧਿਆਣਾ ਦੀਆਂ ਸੰਗਤਾਂ ਵੱਲੋਂ ਭਗਵਾਨ ਵਾਲਮੀਕ ਜੀ ਦੇ ਸਰੂਪ ਨੂੰ ਸੋਨੇ ਦਾ ਛਤਰ ਆਦਿ ਭੇਂਟ ਕੀਤਾ ਗਿਆ ਜੇਕਰ ਐਨ ਆਰ ਆਈ ਸੰਗਤਾਂ ਦੀ ਗੱਲ ਕਰੀਏ ਇੰਟਰਨੈਸ਼ਨਲ ਵਾਲਮੀਕ ਪਰਿਵਾਰ ਸੈਂਟਰਲ ਵਾਲਮੀ ਸਭਾ ਯੂਕੇ ਵੱਲੋਂ ਵੀ ਕਾਫੀ ਸਹਿਯੋਗ ਮਿਲਿਆ ਹੈ ਉਹਨਾਂ ਕਿਹਾ ਕਿ ਪ੍ਰਸ਼ਾਸਨ ਦੀ ਅਗਵਾਈ ਵਿੱਚ ਇਕ ਸਾਲ ਦੇ ਅੰਦਰ ਜਿੱਥੇ ਵੱਖ ਵੱਖ ਧਾਰਮਿਕ ਮੇਲੇ ਪ੍ਰਗਟ ਦਿਵਸ ਵਿਜੇ ਦਿਵਸ ਕੱਤਕ ਦੀ ਪੁੰਨਿਆ ਯੋਗਮਾ ਪੁਰਬ ਮਹਾ ਇਸ਼ਨਾਨ ਮੰਦਰ ਗੁਰੂ ਗਿਆਨ ਨਾਥ ਉਦਘਾਟਨ ਸ੍ਰੀ ਰਾਮ ਲਲਾ ਮੌਕੇ ਪਾਠ ਆਤਿਸ਼ਬਾਜੀ ਦਾ ਵੀ ਪ੍ਰਬੰਧ ਸੁਚੱਜੇ ਢੰਗ ਨਾਲ ਚਲਾਇਆ ਗਿਆ ਹੈ ਉਨਾਂ ਭਗਵਾਨ ਵਾਲਮੀਕ ਤੀਰਥ ਨਾਲ ਜੁੜੀਆਂ ਜਥੇਬੰਦੀਆਂ ਨੂੰ ਅਪੀਲ ਕਰਦਿਆਂ ਕਿਹਾ ਕਿ ਅਕਤੂਬਰ ਮਹੀਨੇ ਵਿੱਚ ਜਿੱਥੇ ਪ੍ਰਗਟ ਦਿਵਸ ਬੜੀ ਸ਼ਰਧਾ ਅਤੇ ਭਾਵਨਾ ਨਾਲ ਸਰਕਾਰ ਦੁਆਰਾ ਮਨਾਇਆ ਜਾਂਦਾ ਹੈ ਉਸ ਵਿੱਚ ਵੀ ਵੱਧ ਚੜ ਕੇ ਸਹਿਯੋਗ ਕਰਨ।





ਆਵਾਜ਼ਿ ਕੌਮ AWAZE QAUM International Newspaper & WEB TV

ਸੰਤ ਬਾਬਾ ਜਵਾਲਾ ਸਿੰਘ ਹਰਖੋਵਾਲ ਅਤੇ ਸੰਤ ਬਾਬਾ ਗੁਰਬਚਨ ਸਿੰਘ ਡੰਡੇ ਵਾਲਿਆਂ ਦੀ

# ਮਹਾਨ ਬਰਸੀ 'ਤੇ ਸੰਤ ਬਾਬਾ ਅਮਰਜੀਤ ਸਿੰਘ ਵੀ ਪਹੁੰਚਣਗੇ



**ਚੌਕ ਮਹਿਤਾ, 29 ਅਗਸਤ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਗੁਰਦੁਆਰਾ ਸ੍ਰੀ ਗੁਰੂ ਨਾਨਕ ਦਰਬਾਰ ਸੰਪਰਦਾਇ ਹਰਖੋਵਾਲ ਖੁਜਾਲਾ ਦੇ ਮੁੱਖੀ ਸ੍ਰੀ ਮਾਨ ਸੰਤ ਬਾਬਾ ਗੁਰਦੀਪ ਸਿੰਘ ਜੀ ਖੁਜਾਲਾ ਵਾਲਿਆਂ ਦੀ ਯੋਗ ਅਗਵਾਈ ਹੇਠ ਸੰਪਰਦਾਇ ਹਰਖੋਵਾਲ ਦੇ ਮੁੱਖੀ ਮਹਾਨ ਤਪੱਸਵੀ ਬਰਮ ਗਿਆਨੀ ਸੰਤ ਬਾਬਾ ਜਵਾਲਾ ਸਿੰਘ ਜੀ ਅਤੇ ਉਨ੍ਹਾਂ ਦੇ ਸੇਵਕ ਬ ?ਮ ਗਿਆਨੀ ਸੰਤ ਬਾਬਾ ਗੁਰਬਚਨ ਸਿੰਘ ਜੀ ਡੰਡੇ ਵਾਲਿਆਂ 43 ਵੀ ਬਰਸੀਂ ਮਨਾਈ ਗਈ। 23 ਅਗਸਤ 2024 ਦਿਨ ਸ਼ੁੱਕਰਵਾਰ ਨੂੰ ਪਵਿੱਤਰ ਪਾਵਨ ਗੁਰਬਾਣੀ ਦੇ ਸ੍ਰੀ ਆਖੰਡ ਪਾਠ ਸਾਹਿਬ ਜੀ ਆਰੰਭ ਕੀਤੇ ਗਏ। ਅੱਜ 25ਅਗਸਤ 2024 ਦਿਨ ਐਤਵਾਰ ਨੂੰ ਸਵੇਰੇ 10 ਵਜੇ ਦੋ ਸ੍ਰੀ ਆਖੰਡ ਪਾਠ ਸਾਹਿਬ ਜੀ ਅਤੇ ਇੱਕ ਸਹਜ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ। ਉਪਰੰਤ ਗੁਰਦੁਆਰਾ ਸ੍ਰੀ ਗੁਰੂ ਨਾਨਕ ਦੇਵ ਦੂਖ ਨਿਰਵਾਨ ਮਾਲਾਪੁਰਮ ਖਾਸ ਫਿਰੋਜ਼ਪੁਰ ਦੇ ਜਥੇਦਾਰ ਸੰਤ ਬਾਬਾ ਬੋਹੜ ਸਿੰਘ ਜੀ ਨੇ ਪਵਿੱਤਰ ਪਾਵਨ ਗੁਰਬਾਣੀ ਦੇ ਕੀਰਤਨ ਗੁਰਮੱਤ ਵਿਚਾਰਾਂ ਨਾਲ ਸਾਂਝ ਪਾਈ। ਉਪਰੰਤ ਭਾਈ ਅਜੀਤ ਸਿੰਘ ਅਜੈਬਵਾਲੀ ਨੇ ਕਥਾ ਸੰਗਤਾਂ ਨੂੰ ਸਰਵਨ ਕਰਵਾਏ ਉਪਰੰਤ ਸ੍ਰੀ ਮਾਨ ਸੰਤ ਬਾਬਾ ਗੁਰਦੀਪ ਸਿੰਘ ਖੁਜਾਲੇ ਵਾਲਿਆਂ ਨੇ ਸੰਤਾ ਦੀ ਜੀਵਨੀ ਬਾਰੇ ਦੱਸਿਆ ਕਿ ਸੰਤ ਬਾਬਾ ਗੁਰਬਚਨ ਸਿੰਘ ਡੰਡੇ ਵਾਲਿਆਂ ਨੇ ਆਪਣੀ ਸਾਰੀ ਉਮਰ ਸਿੱਖੀ ਦੇ ਪ੍ਰਚਾਰ ਪਾਸਾਰ ਵਿੱਚ ਲਾ ਦਿੱਤੀ। ਬਹੁਤ ਸਾਰੇ ਲੋਕਾਂ ਤੇ ਪਰਉਪਕਾਰ ਕਰਦੇ ਹੋਏ ਵਾਹਿਗੁਰੂ ਜੀ ਦੇ ਚਰਨਾਂ ਵਿੱਚ ਬਿਰਾਜ ਗਏ। ਇਸ ਮੌਕੇ ਵਿਸੇਸ਼ ਤੌਰ ਤੇ ਸੰਪਰਦਾਇ ਹਰਖੋਵਾਲ ਦੇ ਮੁੱਖੀ ਸੰਤ ਬਾਬਾ ਅਮਰਜੀਤ ਸਿੰਘ ਜੀ ਜਥੇ ਸਮੇਤ ਹਾਜਰੀ ਲਗਵਾਈ ਤੇ ਮੀਰੀ ਪੀਰੀ ਦੇ ਮਾਲਕ ਸ੍ਰੀ ਗੁਰੂ ਹਰਗੋਬਿੰਦ ਸਾਹਿਬ ਜੀ ਚਰਨ ਛੋਹ ਅਸਥਾਨ ਗੁਰਦੁਆਰਾ ਗੁਰੂ ਕੀ ਬੇਰ ਸਾਹਿਬ ਬੋਪਾਰਾਏ ਦੇ ਮੌਜੂਦਾ ਮੁੱਖੀ ਸੰਤ ਬਾਬਾ ਸੱਜਣ ਸਿੰਘ ਜੀ ਗੁਰਦੁਆਰਾ ਸ਼ਹੀਦ ਬਾਬਾ ਬੀਰ ਸਿੰਘ ਜੀ ਟਾਹਲੀ ਸਾਹਿਬ ਦੇ ਮੁੱਖੀ ਸੰਤ ਬਾਬਾ ਲਖਬੀਰ ਸਿੰਘ ਭੰਗਾਲੀ ਸਾਹਿਬ ਵਾਲੇ, ਤੇਰੀ ਓਟ ਆਸੀਆਨਾ ਗਦਲੀ ਦੇ ਮੁੱਖੀ ਅਤੇ ਸਿੱਖ ਪੰਥ ਦੇ ਮਹਾਨ ਕਥਾਵਾਚਕ ਗਿਆਨੀ ਭੁਪਿੰਦਰ ਸਿੰਘ ਜੀ ਸ੍ਰੀ ਅੰਮ੍ਰਿਤਸਰ ਸਾਹਿਬ ਵਾਲੇ, ਗੁਰਦੁਆਰਾ ਸ੍ਰੀ ਗੁਰੂ ਨਾਨਕ ਦੇਵ ਦੂਖ ਨਿਰਵਾਨ ਮੱਲਾਪੁਰ ਖਾਸ ਫਿਰੋਜ਼ਪੁਰ ਦੇ ਜਥੇਦਾਰ ਸੰਤ ਬਾਬਾ ਬੋਹੜ ਸਿੰਘ ਜੀ, ਸਮਾਜ ਸੇਵੀ ਬਾਬਾ ਸੁਖਵੰਤ ਸਿੰਘ ਚੰਨਣਕੇ, ਬਾਬਾ ਦੀਪ ਸਿੰਘ ਜੀ ਖੁਜਾਲਾ, ਮਨਿੰਦਰਜੀਤ ਸਿੰਘ ਰੰਧਾਵਾ ਮਹਿਤਾ ਥਾਣੇਦਾਰ ਨਿਰਮਲ ਸਿੰਘ, ਨੰਗਲ ਪੰਨਵਾ,ਡਾ, ਹਰਕ੍ਰਿਸਨ ਸਿੰਘ ਖੁਜਾਲਾ, ਭਾਈ ਰਣਜੀਤ ਸਿੰਘ ਰਾਣਾ ਬਟਾਲਾ, ਦਿਲਬਾਗ ਸਿੰਘ ਤਲਵੰਡੀ, ਭਾਈ ਜਰਨੈਲ ਸਿੰਘ, ਪ੍ਰਗਟ ਸਿੰਘ ਬੋਪਾਰਾਏ, ਸੁਖਮਿੰਦਰ ਸਿੰਘ ਜੈਤੀਪੁਰ,ਪਰੀਤਕਵਰ ਸਿੰਘ ਆਈ ਏ ਐਲ ਆਦਿ ਦੇਸਾ ਵਿਦੇਸਾਂ,ਅਤੇ ਸੰਤਾ ਮਹਾਪੁਰਸ਼ਾਂ, ਨਿਹੰਗ ਸਿੰਘਾ, ਸਮਾਜ ਸੇਵੀ, ਇਲਾਕੇ ਦੀਆਂ ਵੱਡੀ ਗਿਣਤੀ ਵਿੱਚ ਹਾਜਰੀ ਭਰੀਆਂ। ਗੁਰੂ ਜੀ ਦੇ ਲੰਗਰ ਆਟੁਟ ਵਰਤੇ। ਆਏ ਹੋਏ ਸੰਤਾ ਮਹਾਪੁਰਸ਼ਾਂ ਨੂੰ ਸੰਤ ਬਾਬਾ ਗੁਰਦੀਪ ਸਿੰਘ ਜੀ ਨੇ ਸਿਰਪਾਉ ਦੇਕੇ ਸਨਮਾਨਿਤ ਕੀਤਾ ਗਿਆ।

ਸਰਪੰਚੀ ਦਾ ਚਾਹਵਾਨ ਬਣਨ ਤੋਂ ਪਹਿਲਾਂ ਲਿਖ ਕੇ ਦਵੇ ਮੈਂ ਆਹ ਕੰਮ ਕਰੂੰਗਾ : ਸ਼ਿਵ ਵਰਮਾ ਬਲ਼ਬੇੜ੍ਹਾ

# ਪੰਚਾਇਤ ਪਿੰਡ ਦੀਆਂ ਕੁੜੀਆਂ ਵਾਸਤੇ ਗਤਕਾ ਟਰੇਨਰ ਲਾਵੇ



ਸ਼ਿਵ ਵਰਮਾ ਬਲ਼ਬੇੜ੍ਹਾ ਨੇ ਫੋਨ ਤੇ ਗੱਲਬਾਤ ਕਰਦਿਆਂ ਮੈਨੂੰ ਦੱਸਿਆ ਕਿ ਆਪਣੇ ਪਿੰਡ ਦਾ ਸਰਪੰਚ ਐਸਾ ਹੋਵੇ ਜੋ ਪਿੰਡ ਚ ਨਸ਼ਾ ਨਾ ਵੜਨ ਦੇਵੇ ।ਜੇ ਕੋਈ ਵਿਅਕਤੀ ਪਿੰਡ ਵਿੱਚ ਨਸ਼ਾ ਵੇਚਦਾ ਫੜਿਆ ਜਾਵੇ ਤਾਂ ਪੰਚਾਇਤ ਵੱਲੋਂ ਉਸ ਤੇ ਕਾਨੂੰਨੀ ਕਾਰਵਾਈ, ਕਰਵਾਈ ਜਾਵੇ ।ਚੋਰੀ ਕਰਨ ਵਾਲੇ ਤੇ ਨਸ਼ਾ ਵੇਚਣ ਵਾਲੇ ਦੀ ਹਮਾਇਤ ਦੇ ਵਿੱਚ ਕੋਈ ਵੀ ਪੰਚਾਇਤ ਮੈਂਬਰ ਠਾਣੇ ਨਾ ਜਾਵੇ ।ਖੇਡਾਂ ਨੂੰ ਉਤਸ਼ਾਹਿਤ ਕਰਨ ਲਈ ਖੇਡਾਂ ਵਾਸਤੇ ਕੋਚ ਪੰਚਾਇਤ ਵੱਲੋਂ ਦਿੱਤਾ ਜਾਵੇ ।ਜੇ ਕੋਈ ਖਿਡਾਰੀ ਪਿੰਡ ਲਈ ਵਧੀਆ ਖੇਡਦਾ ਹੈ ਤਾਂ ਉਸ ਦਾ ਮਾਨ ਸਨਮਾਨ ਤੇ ਆਰਥਿਕ ਸਹਾਇਤਾ ਵੀ ਕੀਤੀ ਜਾਵੇ ।ਪਿੰਡ ਦੀਆਂ ਕੁੜੀਆਂ ਬੇਟੀਆਂ ਵਾਸਤੇ ਗਤਕਾ ਮਾਰਸਲ ਆਰਟ ਦੀ ਟ੍ਰੇਨਿੰਗ ਕਰਵਾਈ ਜਾਵੇ ਤਾਂ ਕਿ ਕੁੜੀਆ ਆਪਣੀ ਰੱਖਿਆ ਆਪ ਕਰਨ ਤੇ ਆਤਮ ਨਿਰਭਰ ਹੋ ਸਕਣ ।ਜੇਕਰ ਪਰਮਾਤਮਾ ਨਾ ਕਰੇ ਪਿੰਡ ਵਿੱਚ ਕਿਸੇ ਵੀ ਧਾਰਮਿਕ ਗ੍ਰੰਥ ਦੀ ਬੇਅਦਬੀ ਹੁੰਦੀ ਹੈ ਤਾਂ ਪਿੰਡ ਵੱਲੋਂ ਬੇਅਦਬੀ ਕਰਨ ਵਾਲੇ ਦਾ ਸੰਪੂਰਨ ਬਾਈਕਾਟ ਕੀਤਾ ਜਾਵੇ ।ਐਸਾ ਹੋਵੇ ਮੇਰੇ ਪਿੰਡ ਦਾ ਸਰਪੰਚ।

**-ਪਰਗਟ ਸਿੰਘ ਜੀਰਕਪੁਰ, 9815131870**

# ਧੰਦੀਵਾਲ ਬਾਲੀਵਾਲ ਟੂਰਨਾਮੈਂਟ ਦਾ ਪੋਸਟਰ ਡਾ. ਗੁਰਪ੍ਰੀਤ ਕੌਰ ਨੇ ਕੀਤਾ ਰਲੀਜ਼

ਧੂਰੀ ( ਰਣਜੀਤ ਸਿੰਘ ਪੇਧਨੀ ) ਸਹੀਦ ਰਾਜ ਸਿੰਘ ਸਪੋਰਟਸ ਕਲੱਬ ਧੰਦੀਵਾਲ ਵੱਲੋਂ ਨਗਰ ਨਿਵਾਸੀਆਂ ਦੇ ਸਹਿਯੋਗ ਦੇ ਨਾਲ ਤੀਜਾ ਬਾਲੀਵਾਲ ਸੁਪਰ ਕੱਪ 7 ਸਤੰਬਰ 2024 ਨੂੰ ਖੇਡ ਮੇਲਾ ਕਰਵਾਇਆ ਜਾ ਰਿਹਾ ਹੈ। ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਰਣਜੀਤ ਸਿੰਘ ਧੰਦੀਵਾਲ ਪ੍ਰਮੁੱਖ ਉਮੀਦਵਾਰ ਬਲਾਕ ਸੰਮਤੀ ਜੋਨ ਧੰਦੀਵਾਲ, ਅਤੇ ਸਰਪੰਚ ਲਖਵੀਰ ਸਿੰਘ ਧੰਦੀਵਾਲ ਨੇ ਕੀਤਾ ।ਉਨ੍ਹਾਂ ਕਿਹਾ ਕਿ ਬਾਲੀਵਾਲ ਟੂਰਨਾਮੈਂਟ ਦਾ ਪਹਿਲਾ ਇਨਾਮ 25000,ਕੱਪ , ਦੂਸਰਾ ਇਨਾਮ 15000 ਕੱਪ, ਤੀਸਰਾ ਇਨਾਮ 4300 ਕੱਪ , ਚੌਥਾ ਇਨਾਮ 4100 ਕੱਪ, ਪੰਜਵਾਂ 1500 ਕੱਪ ਇਨਾਮ ਦਿੱਤੇ ਜਾਣਗੇ ।ਇਨਾਮਾ ਦੀ ਵੰਡ ਪੰਜਾਬ ਦੇ ਮੁੱਖ ਮੰਤਰੀ ਸ ਭਗਵੰਤ ਸਿੰਘ ਮਾਨ ਦੇ ਪਤਨੀ ਡਾ ਗੁਰਪ੍ਰੀਤ ਕੌਰ, ਪ੍ਰੋ.ਓਕਾਰ ਸਿੰਘ ਸਿੱਧੂ ਓਐਸਡੀ ਮੁੱਖ ਮੰਤਰੀ ਪੰਜਾਬ ਆਪਣੇ ਕਰ ਕਮਲਾ ਨਾਲ ਕਰਨਗੇ । ਟੂਰਨਾਮੈਂਟ ਵਿੱਚ ਆਮ ਆਦਮੀ ਪਾਰਟੀ ਦੀ ਸਮੁੱਚੀ ਟੀਮ ਵਿਸ਼ੇਸ ਤੌਰ 'ਤੇ ਸ਼ਾਮਿਲ ਹੋਵੇਗੀ ।ਇਸ ਮੌਕੇ ਚੇਅਰਮੈਨ ਸਤਿੰਦਰ ਸਿੰਘ ਚੱਠਾ, ਸਰਪੰਚ ਕੁਲਦੀਪ ਸਿੰਘ ਬਾਲੀਆ, ਸਰਪੰਚ ਗੁਰਦੀਪ ਸਿੰਘ ਸੁਲਤਾਨਪੁਰ ਹਾਜਰ ਸਨ।



# ਅਕਾਲੀ ਦਲ ਅੰਮ੍ਰਿਤਸਰ ਨੇ ਸੋਢੀ ਨੂੰ ਸੌਂਪੀ ਅਹਿਮ ਜ਼ਿੰਮੇਵਾਰੀ

## ਸੋਢੀ ਦੀ ਨਿਯੁਕਤੀ ਕ੍ਰਾਂਤੀਕਾਰੀ ਤੇ ਸਮਰਪਿਤ ਨੌਜਵਾਨ ਦਾ ਸਨਮਾਨ ਜਥੇਦਾਰ ਕਸ਼ਮੀਰੀ



ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦੇ ਪ੍ਰਧਾਨ ਸਿਮਰਨਜੀਤ ਸਿੰਘ ਮਾਨ ਨੇ ਹਰਮੀਤ ਸਿੰਘ ਸੋਢੀ ਨੂੰ ਯੂਥ ਦੀ ਜ਼ਿਲਾ ਪ੍ਰਧਾਨਗੀ ਦੇ ਨਾਲ ਪਾਰਟੀ ਵੱਲੋਂ ਦਿੱਤੀ ਮਾਲਵਾ ਜ਼ੋਨ 3 ਦੀ ਜ਼ਿੰਮੇਵਾਰੀ ।ਹਰਭਜਨ ਸਿੰਘ ਕਸ਼ਮੀਰੀ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਪਟਿਆਲ਼ਾ ਸ਼ਹਿਰੀ ਅਤੇ ਮੈਬਰ ਪੀਏਸੀ ਨੇ ਹਰਮੀਤ ਸਿੰਘ ਸੋਢੀ ਨੂੰ ਮਾਲਵਾ ਜੋਨ 3 ਦੀ ਜਿੰਮੇਵਾਰੀ ਸੋਪੇ ਜਾਣ 'ਤੇ ਮੁਬਾਰਕ ਦਿੱਤੀ ਅਤੇ ਹਰਭਜਨ ਸਿੰਘ ਕਸ਼ਮੀਰੀ ਨੇ ਕਿਹਾ ਕਿ ਨੌਜਵਾਨ ਅੱਜ ਦਾ ਭਵਿੱਖ ਹਨ ਜਿਨ੍ਹਾਂ ਨੂੰ ਪਾਰਟੀ ਵਿੱਚ ਜ਼ਿੰਮੇਵਾਰੀਆਂ ਦੇਣ ਨਾਲ ਸਮਾਜ ਵਿਚ ਹੋਣ ਵਾਲੇ ਕੰਮਾਂ ਨੂੰ ਪੂਰਾ ਕੀਤਾ ਜਾ ਸਕਦਾ ਹੈ ।ਜਥੇਦਾਰ ਕਸ਼ਮੀਰੀ ਨੇ ਕਿਹਾ ਕਿ ਸੋਢੀ ਦੀ ਨਿਯੁਕਤੀ ਪਾਰਟੀ ਅਤੇ ਨੌਜਵਾਨਾਂ ਵਿਚ ਨਵੀਂ ਰੂਹ ਭਰੇਗੀ ।ਉਨ੍ਹਾਂ ਕਿਹਾ ਕਿ ਸੋਢੀ ਨੇ ਪਾਰਟੀ ਲਈ ਹਮੇਸ਼ਾ ਅੱਗੇ ਹੋ ਕੇ ਕੰਮ ਕੀਤਾ ਹੈ ਅਤੇ ਉਹ ਨੌਜਵਾਨਾਂ ਦਾ ਰੋਲ ਮਾਡਲ ਹੈ ਕਿਉਂਕਿ ਉਸ ਦੀ ਪਾਰਟੀ ਪ੍ਰਤੀ ਕ੍ਰਾਂਤੀਕਾਰੀ ਅਤੇ ਸਮਰਪਿਤ ਸੋਚ ਹਮੇਸ਼ਾ ਨੌਜਵਾਨਾਂ ਲਈ ਮਾਰਗ ਦਰਸ਼ਕ ਰਹੀ ਹੈ । ਉਨ੍ਹਾਂ ਅੰਤ ਵਿਚ ਸੋਢੀ ਨੂੰ ਮੁਬਾਰਕਬਾਦ ਦਿੰਦਿਆਂ ਹਰ ਸਹਿਯੋਗ ਦੇਣ ਦਾ ਭਰੋਸਾ ਦਿੱਤਾ ।ਇਸ ਮੌਕੇ ਪਾਰਟੀ ਦੇ ਵੱਡੀ ਗਿਣਤੀ ਵਿਚ ਅਹੁਦੇਦਾਰ ਅਤੇ ਵਰਕਰ ਮੌਜੂਦ ਸਨ ।

**-ਪਰਗਟ ਸਿੰਘ ਬਲ਼ਬੇੜ੍ਹਾ, 9815131870**

# ਜਿਹੜੇ ਰਾਜਨੀਤਿਕ ਲੀਡਰਾਂ ਦੀ ਸ਼ਹਿ 'ਤੇ ਭਰਾ ਹੀ ਭਰਾ ਦੀਆਂ ਲੱਤਾਂ ਖਿੱਚਦਾ ਫਿਰਦਾ

## ਹਾਰਨ ਤੋਂ ਬਾਅਦ ਉਹਨਾਂ ਲੀਡਰਾਂ ਨੂੰ ਮੈਂ ਕੱਖੋਂ ਹੌਲੇ ਹੁੰਦਿਆਂ ਦੇਖਿਆ

ਵਿਚਾਰ ਆਪੋ-ਆਪਣਾ

ਰਾਜਨੀਤੀ ਚ ਆ ਕੇ ਤੁਹਾਡਾ ਪੀਕ ਤੇ ਜਾਣਾ , ਉਸਤੋਂ ਬਾਅਦ ਇੱਕ ਦਿਨ ਕੱਖੋਂ ਹੌਲੇ ਹੋਣਾ ਵੀ ਤੈਅ ਹੀ ਹੁੰਦਾ ।ਉਹ ਲੀਡਰ ਜਿਨਾਂ ਦੇ ਕਹੇ ਤੋਂ ਬਿਨਾਂ ਕਦੇ ਪੱਤਾ ਨਹੀਂ ਸੀ ਹਿਲਦਾ ਹੁੰਦਾ ਸੀ ਪ੍ਰਸ਼ਾਸਨ ਦੇ ਵਿੱਚ , ਚੋਣਾਂ ਹਾਰਨ ਤੋਂ ਬਾਅਦ ਕੱਖੋਂ ਹੌਲੇ ਹੋ ਗਏ ਉਨਾਂ ਦੀਆਂ ਹੀ ਪਾਰਟੀਆਂ ਨੇ ਆਪ ਖੁਦ ਹੀ ਐਸੇ ਲੀਡਰਾਂ ਨੂੰ ਖੁੱਡੇ ਲੈਨ ਲਾਇਆ ।ਰਾਜਨੀਤੀ ਦੇ ਵਿੱਚ ਹਮੇਸ਼ਾ ਇੱਕੋ ਤਰ੍ਹਾਂ ਦਾ ਸਮਾਂ ਇੱਕੋ ਤਰ੍ਹਾਂ ਦੀ ਪਾਵਰ ਨਹੀਂ ਰਹਿੰਦੀ। ਜਦੋਂ ਲੀਡਰਾਂ ਦੀ ਇੱਕੋ ਤਰ੍ਹਾਂ ਦੀ ਪਾਵਰ ਨਹੀਂ ਰਹਿਣੀ ਫਿਰ ਉਹਨਾਂ ਦੀ ਸ਼ਿਹ ਤੇ ਭਰਾ ਆਪਣੇ ਹੀ ਭਰਾਵਾਂ ਦੇ ਕਾਰਜਾਂ ਦੇ ਵਿੱਚ ਲੱਤਾਂ ਕਿਉਂ ਖਿੱਚ ਰਹੇ ਨੇ ?

**-ਪਰਗਟ ਸਿੰਘ ਜ਼ੀਰਕਪੁਰ, 9815131870**

# ਪੰਜਾਬ ਚ ਨਸ਼ਾ ਤਸਕਰੀ, ਲੁੱਟਾਂ ਖੋਹਾਂ ਅਤੇ ਗੁੰਡਾ ਰਾਜ ਐਨ,ਆਰ,ਆਈ 'ਤੇ ਹਮਲਾ ਅਤਿ ਨਿੰਦਨਯੋਗ : ਹਰਪੁਰਾ



ਧੂਰੀ ( ਰਣਜੀਤ ਸਿੰਘ ਪੇਧਨੀ ) ਪਿਛਲੇ ਦਿਨੀ ਅੰਮ੍ਰਿਤਸਰ ਨੇੜੇ ਮਾਨਾਂਵਾਲਾ ਨੇੜੇ ਇੱਕ ਐਨ.ਆਰ.ਆਈ. ਨੌਜਵਾਨ ਦੇ ਘਰ ਵਿੱਚ ਆ ਕੇ ਉਸ ਉੱਤੇ ਗੋਲੀਆਂ ਮਾਰ ਕੇ ਗੰਭੀਰ ਜਖਮੀ ਕਰਨ ਦੀ ਘਟਨਾ ਨੇ ਪੂਰੇ ਪੰਜਾਬ ਅਤੇ ਪੰਜਾਬੀਆਂ ਸੁਰੱਖਿਆ ਦੀ ਸਵਾਲੀਆ ਚਿੰਨ ਲਗਾ ਦਿੱਤਾ ਹੈ, ਉੱਥੇ ਹੀ ਇਸ ਘਟਨਾ ਨੇ ਪੰਜਾਬ ਸਰਕਾਰ ਵਲੋਂ ਕੀਤੇ ਜਾ ਰਹੇ ਪੰਜਾਬੀਆਂ ਦੀ ਸੁਰੱਖਿਆ ਦੇ ਵਾਇਦਿਆਂ ਅਤੇ ਅਮਨ ਕਾਨੂੰਨ ਵਰਗੀ ਸਥਿਤੀ ਦੀਆ ਧੱਜੀਆਂ ਉਡਾ ਦਿੱਤੀਆਂ ਹਨ। ਇਨਾ ਵਿਚਾਰਾਂ ਦਾ ਪ੍ਰਗਟਾਵਾ ਉੱਘੇ ਸਮਾਜ ਸੇਵੀ ਜਸਵੰਤ ਸਿੰਘ ਹਰਪੁਰਾ ਯੂ,ਐਸ,ਏ ਨੇ ਕੀਤਾ। ਉਨ੍ਹਾਂ ਕਿਹਾ ਕਿ ਇਸ ਘਟਨਾ ਤੋਂ ਇਲਾਵਾ ਬੀਤੇ ਦਿਨੀ ਰਾਜਪੁਰਾ ਨੇੜੇ ਲਵਾਰਿਸ ਬੈਗ ਵਿੱਚ ਦੇਸੀ ਪਿਸਤੌਲਾਂ ਦਾ ਮਿਲਣਾ, ਬਟਾਲਾ ਨੇੜੇ ਸੈਰ ਤੋਂ ਵਾਪਿਸ ਆ ਰਹੇ ਕੱਪੜਾ ਵਪਾਰੀ ਤੇ ਅੰਨੇਵਾਹ ਗੋਲੀਆਂ ਚਲਾਈਆਂ, ਕਪੂਰਥਲਾ ਨੇੜੇ ਅੱਠ ਸਾਲ ਦੀ ਬੱਚੀ ਨਾਲ ਬਲਾਤਕਾਰ, ਮੋਗਾ ਨੇੜੇ ਘਰ ਵਿੱਚ ਅਕੱਲੀ ਰਹਿੰਦੀ ਮਹਿਲਾ ਦੀ ਤੇਜਧਾਰ ਹਥਿਆਰਾਂ ਨਾਲ ਮੌਤ ਦੇ ਘਾਟ ਉਤਾਰ ਦਿੱਤਾ ਤੇ ਬਟਾਲਾ ਨੇੜੇ ਪੁਲਿਸ ਅਤੇ ਗੈਂਗਸਟਰਾਂ ਵਿੱਚਕਾਰ ਫਾਇਰਿੰਗ ਹੋਣਾ, ਖਰੜ ਨੇੜਲੇ ਪਿੰਡ ਚੰਦੋ ਵਿੱਖੇ ਇਕ ਨੌਜਵਾਨ ਨੂੰ ਗੋਲੀਆਂ ਮਾਰ ਕੇ ਦਿਨ ਦਿਹਾੜੇ ਮਾਰ ਦੇਣਾ, ਡੇਰਾ ਬਾਬਾ ਨਾਨਕ ਨੇੜੇ ਖੇਤਾਂ ਨੂੰ ਪਾਣੀ ਲਗਾ ਕੇ ਆ ਰਹੇ ਕਿਸਾਨ ਨੂੰ ਗੋਲੀਆਂ ਮਾਰ ਕੇ ਮਾਰ ਦੇਣਾ। ਇਨ੍ਹਾਂ ਘਟਨਾ ਤੋਂ ਇਲਾਵਾ ਪੰਜਾਬ ਵਿੱਚ ਫਰੌਤੀਆਂ, ਨਸ਼ਾ ਤਸਕਰੀ, ਦਿਨ ਪਰ ਦਿਨ ਜਿੱਥੇ ਵੱਧਦੀ ਜਾ ਰਹੀ ਹੈ,ਉੱਥੇ ਹੀ ਕਿੰਨ ਮਾਵਾਂ ਦੇ ਪੁੱਤਰ ਤੇ ਭੈਣਾ ਦੇ ਭਰਾ ਰੋਜਾਨਾ ਨਸ਼ੇ ਕਾਰਨ ਮਰ ਰਹੇ ਹਨ। ਉਨਾਂ ਕਿਹਾ ਕਿ ਪੰਜਾਬ ਵਿੱਚ ਇਸ ਸਮੇਂ ਸਥਿਤੀ ਬਹੁਤ ਜ਼ਿਆਦਾ ਨਾਜ਼ੁਕ ਅਤੇ ਖ਼ਸਤਾ ਬਣੀ ਹੋਈ ਹੈ, ਜਿਸ ਕਾਰਨ ਅੱਜ ਸੂਬੇ ਦੀ ਆਮ ਆਦਮੀ ਸਰਕਾਰ ਤੋਂ ਇਸ ਸਮੇਂ ਸਮੂਹ ਪੰਜਾਬੀਆਂ ਦੇ ਮਨ ਅਤੇ ਦਿਮਾਗ ਵਿੱਚ ਆਪਣੀ ਸੁਰੱਖਿਆ ਨੂੰ ਲੈ ਕੇ ਡਰ ਦਾ ਮਾਹੌਲ ਬਣਿਆ ਹੋਇਆ ਹੈ।

### ਅੰਮ੍ਰਿਤਧਾਰੀ ਕਿਸਾਨ ਆਗੂਆਂ ਨੂੰ ਹਵਾਈ ਅੱਡੇ 'ਤੇ ਰੋਕ ਕੇ

# ਭਾਰਤ ਸਰਕਾਰ ਨੇ ਸਾਡੇ ਧਰਮ 'ਤੇ ਹਮਲਾ ਕੀਤਾ : ਸਿੱਖ ਯੂਥ ਫੈ.ਡਰੇਸ਼ਨ ਭਿੰਡਰਾਂਵਾਲਾ

**ਅੰਮ੍ਰਿਤਸਰ, 27 ਅਗਸਤ (ਆਵਾਜ਼ਿ ਕੌਮ ਬਿਊਰੋ)**-ਅੰਮ੍ਰਿਤਧਾਰੀ ਕਿਸਾਨ ਆਗੂਆਂ ਨੂੰ ਦਿੱਲੀ ਹਵਾਈ ਅੱਡੇ 'ਤੇ ਕਿਰਪਾਨ ਪਹਿਨੀ ਕਾਰਨ ਰੋਕਣਾ ਅਤੇ ਤਾਮਿਲਨਾਡੂ ਜਾਣ ਵਾਸਤੇ ਜਹਾਜ਼ 'ਤੇ ਨਾ ਚੜ੍ਹਨ ਦੇਣ ਦੀ ਘਟਨਾ 'ਤੇ ਸਖ਼ਤ ਪ੍ਰਤੀਕਰਮ ਕਰਦਿਆਂ ਸਿੱਖ ਯੂਥ ਫੈ.ਡਰੇਸ਼ਨ ਭਿੰਡਰਾਂਵਾਲਾ ਦੇ ਕੌਮੀ ਪ੍ਰਧਾਨ ਭਾਈ ਰਣਜੀਤ ਸਿੰਘ ਦਮਦਮੀ ਟਕਸਾਲ ਨੇ ਕਿਹਾ ਕਿ ਨਰਿੰਦਰ ਮੋਦੀ ਦੀ ਅਗਵਾਈ ਵਾਲੀ ਕੇਂਦਰ ਸਰਕਾਰ ਨੇ ਇੱਕ ਸਾਜਿਸ਼ ਤਹਿਤ ਇਹ ਸਾਡੇ ਧਰਮ 'ਤੇ ਹਮਲਾ ਕੀਤਾ ਹੈ ਜਿਸ ਨੂੰ ਹਰਗਿਜ਼ ਬਰਦਾਸ਼ਤ ਨਹੀਂ ਕੀਤਾ ਜਾ ਸਕਦਾ। ਉਹਨਾਂ ਕਿਹਾ ਕਿ ਇਸ ਘਟਨਾ ਰਾਹੀਂ ਭਾਜਪਾ ਸਰਕਾਰ ਨੇ ਕੇਵਲ ਕਿਸਾਨ ਆਗੂਆਂ ਭਾਈ ਬਲਦੇਵ ਸਿੰਘ ਸਿਰਸਾ ਅਤੇ ਭਾਈ ਜਗਜੀਤ ਸਿੰਘ ਡੱਲੇਵਾਲ ਨੂੰ ਹੀ ਜ਼ਲੀਲ ਨਹੀਂ ਕੀਤਾ ਬਲਕਿ ਸਮੁੱਚੀ ਕੌਮ ਦੀ ਤੌਹੀਨ ਕੀਤੀ ਹੈ। ਇਹ ਕਿਰਪਾਨ ਸਾਨੂੰ ਸਾਡੇ ਗੁਰੂ ਨੇ ਬਖ਼ਸ਼ੀ ਹੈ, ਪੰਜ ਕਕਾਰਾਂ ਵਿੱਚ ਸ਼ਾਮਲ ਹੋਣ ਕਾਰਨ ਇਹ ਸਾਡਾ ਅੰਗ ਹੈ, ਕਿਰਪਾਨ ਉੱਤੇ ਪਾਬੰਦੀ ਲਗਾ ਕੇ ਸਰਕਾਰ ਨੇ ਸੰਵਿਧਾਨਿਕ ਹੱਕਾਂ 'ਤੇ ਵੀ ਡਾਕਾ ਮਾਰਿਆ ਹੈ। ਭਾਈ ਰਣਜੀਤ ਸਿੰਘ ਦਮਦਮੀ ਟਕਸਾਲ ਨੇ ਕਿਹਾ ਕਿ ਭਾਰਤ ਵਿੱਚ ਕਦੇ ਸਾਡੀ ਕਿਰਪਾਨ 'ਤੇ, ਕਦੇ ਦਸਤਾਰ 'ਤੇ, ਕਦੇ ਕੜੇ ਉੱਤੇ, ਕਦੇ ਪੰਜਾਬੀ ਬੋਲੀ ਲਿਖਣ-ਬੋਲਣ 'ਤੇ ਪਾਬੰਦੀ ਲੱਗਦੀ ਹੈ ਤੇ ਸਾਨੂੰ ਵਾਰ-ਵਾਰ ਗ਼ੁਲਾਮੀ ਦਾ ਅਹਿਸਾਸ ਕਰਵਾਇਆ ਜਾ ਰਿਹਾ ਹੈ। ਉਹਨਾਂ ਕਿਹਾ ਕਿ ਪਿਛਲੇ ਸਾਲਾਂ ਵਿੱਚ ਬੇਅੰਤ ਅਜਿਹੀਆਂ ਘਟਨਾਵਾਂ ਵਾਪਰੀਆਂ ਹਨ ਜਦੋਂ ਹਵਾਈ ਅੱਡਿਆਂ, ਰੇਲਵੇ ਸਟੇਸ਼ਨਾਂ, ਸਕੂਲਾਂ ਅਤੇ ਹੋਰ ਸਰਕਾਰੀ ਅਦਾਰਿਆਂ ਵਿੱਚ ਸਿੱਖਾਂ ਨੂੰ ਕਿਰਪਾਨ, ਦਸਤਾਰ ਅਤੇ ਕੜਾ ਪਹਿਨਿਆ ਹੋਣ ਕਾਰਨ ਜਲੀਲ ਕੀਤਾ ਗਿਆ। ਉਹਨਾਂ ਕਿਹਾ ਕਿ ਭਾਰਤ ਸਰਕਾਰ ਸਾਡੇ ਸਿੱਖੀ ਸਰੂਪ, ਵਿਲੱਖਣ ਹੋਂਦ-ਹਸਤੀ, ਕਕਾਰਾਂ, ਪਹਿਰਾਵੇ, ਧਰਮ, ਬੋਲੀ, ਇਤਿਹਾਸ ਤੇ ਸੱਭਿਆਚਾਰ ਨੂੰ ਖ਼ਤਮ ਕਰਨਾ ਚਾਹੁੰਦੀ ਹੈ ਪਰ ਸਿੱਖੀ ਜੁੱਗੋ ਜੁੱਗ ਅਟੱਲ ਹੈ। ਭਾਈ ਰਣਜੀਤ ਸਿੰਘ ਦਮਦਮੀ ਟਕਸਾਲ ਨੇ ਕਿਸਾਨ ਆਗੂਆਂ ਨੂੰ ਅਪੀਲ ਕੀਤੀ ਕਿ ਉਹ ਕਿਸਾਨੀ ਹੱਕਾਂ ਦੇ ਨਾਲ-ਨਾਲ ਪੰਥ ਅਤੇ ਪੰਜਾਬ ਦੀ ਆਜ਼ਾਦੀ ਲਈ ਵੀ ਸੰਘਰਸ਼ਸ਼ੀਲ ਹੋਣ ਕਿਉਂਕਿ ਸੂਬਾ ਅਤੇ ਕੇਂਦਰ ਸਰਕਾਰ ਪੰਜਾਬ ਦੀ ਨੌਜਵਾਨੀ ਅਤੇ ਕਿਸਾਨੀ ਨੂੰ ਖ਼ਤਮ ਕਰਨ 'ਤੇ ਤੁਲੀ ਹੋਈ ਹੈ। ਉਹਨਾਂ ਕਿਹਾ ਕਿ ਹਿੰਦੂਤਵੀ ਸਰਕਾਰ ਇਹ ਭੁੱਲ ਚੁੱਕੀ ਹੈ ਕਿ ਇਸ ਕਿਰਪਾਨ ਦੇ ਨਾਲ ਹੀ ਸਿੱਖਾਂ ਨੇ ਮੁਗਲਾਂ, ਪਠਾਣਾ, ਅਫ਼ਗ਼ਾਨਾਂ ਅਤੇ ਹਿੰਦੂ ਪਹਾੜੀ ਰਾਜਿਆਂ ਨਾਲ ਟੱਕਰ ਲਈ ਸੀ ਅਤੇ ਅਬਦਾਲੀ ਦੀ ਚੁੰਗਲ ਵਿੱਚੋਂ 30 ਹਜ਼ਾਰ ਹਿੰਦੂ ਲੜਕੀਆਂ ਛੁਡਾ ਕੇ ਲਿਆਂਦੀਆਂ ਸਨ। ਇਸੇ ਕਿਰਪਾਨ ਦੇ ਨਾਲ ਹੀ ਅੰਗਰੇਜ਼ਾਂ ਨੂੰ ਭਜਾ ਕੇ ਭਾਰਤੀਆਂ ਨੂੰ ਆਜ਼ਾਦ ਕਰਵਾਇਆ ਸੀ ਤੇ 1947 ਤੋਂ ਰਾਜ ਸੱਤਾ ਹੱਥ ਆਉਂਦੇ ਸਾਰ ਹੀ ਹਿੰਦੂ ਹਾਕਮ ਐਨੇ ਅਕ੍ਰਿਤਘਣ ਬਣ ਚੁੱਕੇ ਹਨ ਕਿ ਇਹਨਾਂ ਨੇ ਦੇਸ਼ ਪੰਜਾਬ ਦੀ ਵੰਡ ਕਰਵਾ ਕੇ 10 ਲੱਖ ਪੰਜਾਬੀ ਕਤਲ ਕਰਵਾ ਦਿੱਤੇ, ਸਾਡੇ ਜਾਨੋਂ ਪਿਆਰੇ ਗੁਰਧਾਮ ਵਿਛੜ ਗਏ, ਸਿੱਖਾਂ ਨੂੰ ਜਰਾਇਮ ਪੇਸ਼ਾ ਕੌਮ ਐਲਾਨਿਆ, ਪੰਜਾਬੀ ਬੋਲਦੇ ਇਲਾਕੇ ਅਤੇ ਦਰਿਆਈ ਪਾਣੀਆਂ ਦੇ ਹੱਕ ਖੋਹੇ, ਰਾਜਧਾਨੀ ਚੰਡੀਗੜ੍ਹ ਖੋਹੀ ਅਤੇ ਪੰਜਾਬ ਵਿੱਚੋਂ ਹਿਮਾਚਲ ਅਤੇ ਹਰਿਆਣਾ ਕੱਢ ਕੇ ਲੰਗੜਾ-ਲੂਲਾ ਪੰਜਾਬ ਬਣਾ ਦਿੱਤਾ, ਜੂਨ 1984 'ਚ ਸ੍ਰੀ ਦਰਬਾਰ ਸਾਹਿਬ ਅਤੇ ਸ੍ਰੀ ਅਕਾਲ ਤਖ਼ਤ ਸਾਹਿਬ 'ਤੇ ਫ਼ੌਜੀ ਹਮਲਾ ਕੀਤਾ, ਨਵੰਬਰ 1984 ਵਿੱਚ ਦੇਸ਼ ਭਰ 'ਚ ਸਿੱਖਾਂ ਦਾ ਕਤਲੇਆਮ ਕੀਤਾ, ਇੱਕ ਲੱਖ ਸਿੱਖਾਂ ਨੂੰ ਝੂਠੇ ਪੁਲਿਸ ਮੁਕਾਬਲਿਆਂ 'ਚ ਸ਼ਹੀਦ ਕੀਤਾ ਅਤੇ ਅੱਜ ਵੀ ਪੰਜਾਬ ਦੀ ਨੌਜਵਾਨੀ ਨੂੰ ਨਸ਼ਿਆਂ ਰਾਹੀਂ ਅਤੇ ਕਿਸਾਨਾਂ ਨੂੰ ਖ਼ੁਦਕੁਸ਼ੀਆਂ ਰਾਹੀਂ ਮਾਰਿਆ ਜਾ ਰਿਹਾ ਹੈ। ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀਆਂ ਲਗਾਤਾਰ ਬੇਅਦਬੀਆਂ ਹੋ ਰਹੀਆਂ ਨੇ, ਸਜ਼ਾਵਾਂ ਪੂਰੀਆਂ ਕਰਨ ਦੇ ਬਾਵਜੂਦ ਵੀ ਬੰਦੀ ਸਿੰਘਾਂ ਨੂੰ ਰਿਹਾਅ ਨਹੀਂ ਕੀਤਾ ਜਾ ਰਿਹਾ, ਭਾਰਤੀ ਸਟੇਟ ਵੱਲੋਂ ਹਰ ਦਿਨ ਸਿੱਖਾਂ ਨੂੰ ਪੀੜ-ਸੰਤਾਪ ਦਿੱਤਾ ਜਾਂਦਾ ਹੈ ਜਿਸ ਤੋਂ ਨਿਜ਼ਾਤ ਪਾਉਣ ਲਈ ਸਿੱਖਾਂ ਨੂੰ ਪੰਜਾਬ ਦੀ ਆਜ਼ਾਦੀ ਵੱਲ ਕਦਮ ਵਧਾਉਣ ਦੀ ਲੋੜ ਹੈ।



**ਕਦੇ ਕਿਰਪਾਨ, ਕਦੇ ਕੜਾ, ਕਦੇ ਦਸਤਾਰ, ਕਦੇ ਪੰਜਾਬੀ ਬੋਲੀ 'ਤੇ ਪਾਬੰਦੀ ਲੱਗਣੀ ਗ਼ੁਲਾਮੀ ਦਾ ਅਹਿਸਾਸ : ਭਾਈ ਰਣਜੀਤ ਸਿੰਘ ਦਮਦਮੀ ਟਕਸਾਲ**

### 30 ਅਗਸਤ ਨੂੰ ਜਨਮਦਿਨ 'ਤੇ ਵਿਸ਼ੇਸ਼

# ਮਹਾਨ ਕੋਸ਼ ਦੇ ਰਚੇਤਾ ਸ਼੍ਰੋਮਣੀ ਵਿਦਵਾਨ ਭਾਈ ਕਾਨ੍ਹ ਸਿੰਘ ਨਾਭਾ



**ਸਿੱਖ ਧਾਰਮਿਕ** ਗ੍ਰੰਥਾਂ, ਦੂਜੇ ਧਰਮਾਂ ਦੇ ਧਾਰਮਿਕ ਗ੍ਰੰਥਾਂ ਅਧਿਆਤਮਕ ਵਿਚਾਰਧਾਰਾ ਨੂੰ ਅਸਲ ਰੂਪ ਵਿੱਚ ਜਾਨਣ ਲਈ ਜਿਹੜਾ ਕਾਰਜ ਭਾਈ ਕਾਨ੍ਹ ਸਿੰਘ ਨਾਭਾ ਨੇ ਕੀਤਾ, ਉਸਦਾ ਅੱਜ ਤੱਕ ਬਦਲ ਨਹੀਂ। ਇਹ ਸਮੁੱਚਾ ਕਾਰਜ ਉਨ੍ਹਾਂ 20 ਵੀਂ ਸਦੀ ਦੇ ਪਹਿਲੇ ਅੱਧ ਵਿੱਚ ਸੰਪੂਰਨ ਕੀਤਾ। ਬਹੁਤ ਸਾਰੇ ਧਾਰਮਿਕ ਗ੍ਰੰਥਾਂ ਦੇ ਰਚੇਤਾ ਭਾਈ ਕਾਨ੍ਹ ਸਿੰਘ ਨਾਭਾ ਨੂੰ " ਮਹਾਨ ਕੋਸ਼ " ਦੀ ਰਚਨਾ ਕਰਕੇ ਜੋ ਪ੍ਰਸਿੱਧੀ ਪ੍ਰਾਪਤ ਹੋਈ, ਇਸ ਵੱਡੇ ਕਾਰਜ ਕਰਕੇ ਭਵਿੱਖ ਵਿੱਚ ਵੀ ਉਨ੍ਹਾਂ ਨੂੰ ਅਜਿਹਾ ਸਤਿਕਾਰ ਮਿਲਦਾ ਰਹੇਗਾ। ਆਪ ਦਾ ਜਨਮ 30 ਅਗਸਤ 1861 ਈ. ਵਿੱਚ ਪਟਿਆਲਾ ਰਿਆਸਤ ਦੇ ਪਿੰਡ ਸਬਜ-ਬਨੇਰਾ ਵਿੱਚ ਭਾਈ ਨਾਰਾਇਣ ਸਿੰਘ ਦੇ ਘਰ ਮਾਤਾ ਹਰਿ ਕੌਰ ਦੀ ਕੁੱਖੋਂ ਹੋਇਆ। ਆਪ ਜੀ ਦੇ ਪਿਤਾ ਜੀ ਉਸ ਸਮੇਂ ਨਾਭਾ ਸ਼ਹਿਰ ਦੇ ਪ੍ਰਸਿੱਧ ਧਾਰਮਿਕ ਅਸਥਾਨ ਗੁਰਦੁਆਰਾ ਬਾਬਾ ਅਜੈਪਾਲ ਸਿੰਘ ਦੇ ਪ੍ਰਬੰਧਕ ਵਜੋਂ ਡਿਊਟੀ ਨਿਭਾਉਂਦੇ ਸਨ। ਪਿਤਾ ਜੀ ਦੇ ਪ੍ਰਭਾਵ ਕਾਰਨ ਉਨ੍ਹਾਂ ਮੁੱਢਲੀ ਗੁਰਮਤਿ ਸਿੱਖਿਆ ਭਾਈ ਰੂਪ ਸਿੰਘ ਤੋਂ ਅਤੇ ਸੰਸਕ੍ਰਿਤ ਬਾਵਾ ਕਲਿਆਣ ਦਾਸ ਤੋਂ ਪ੍ਰਾਪਤ ਕੀਤੀ। ਨਾਭਾ ਸਿਆਸਤ ਦੇ ਵਿਦਵਾਨ ਉਨ੍ਹਾਂ ਦੇ ਪਿਤਾ ਜੀ ਦਾ ਬਹੁਤ ਸਤਿਕਾਰ ਕਰਦੇ ਸਨ, ਇਸ ਕਰਕੇ 5 ਕੁ ਸਾਲ ਦੀ ਉਮਰ ਵਿਚ ਹੀ ਘਰ ਆਉਣ-ਜਾਣ ਵਾਲੇ ਵਿਦਵਾਨਾਂ ਦੀ ਸੰਗਤ ਕਰਕੇ ਉਹ ਵਿਦਵਾਨਾਂ 'ਚ ਸਤਿਕਾਰੇ ਜਾਣ ਲੱਗੇ। ਇਸ ਤੋਂ ਅੱਗਲੇ ਦੋ ਤਿੰਨ ਸਾਲ ਉਨ੍ਹਾਂ ਦਿੱਲੀ, ਲਖਨਊ ਅਤੇ ਲਾਹੌਰ ਰਹਿ ਕੇ ਫਾਰਸੀ ਅਤੇ ਅੰਗਰੇਜ਼ੀ ਦੀ ਤਾਲੀਮ ਹਾਸਿਲ ਕੀਤੀ।

ਭਾਈ ਕਾਨ੍ਹ ਸਿੰਘ ਨਾਭਾ ਨੇ ਭਰ ਜਵਾਨੀ ਤੱਕ ਪੰਜਾਬੀ, ਹਿੰਦੀ, ਉਰਦੂ, ਸੰਸਕ੍ਰਿਤ, ਫਾਰਸੀ ਅਤੇ ਅੰਗ੍ਰੇਜ਼ੀ ਛੇ ਭਾਸ਼ਾਵਾਂ 'ਤ ਮੁਹਾਰਤ ਹਾਸਲ ਕਰ ਲਈ। ਉਨ੍ਹਾਂ ਦੇ ਜਵਾਨੀ ਦੇ ਦਿਨਾਂ 'ਚ ਸਿੰਘ ਸਭਾ ਲਹਿਰ ਦੀ ਸਰਗਰਮੀਆਂ ਸ਼ੁਰੂ ਹੋ ਗਈਆਂ ਸਨ। 1883 ਈ. ਵਿੱਚ ਉਨ੍ਹਾਂ ਪ੍ਰੋ. ਗੁਰਮੁੱਖ ਸਿੰਘ ਤੋਂ ਪ੍ਰਭਾਵਿਤ ਹੋ ਕੇ ਆਪਣੀਆਂ ਰਚਨਾਵਾਂ ਵਿੱਚ ਸਿੱਖ ਧਰਮ ਨੂੰ ਨਿਵੇਕਲੇ ਧਰਮ ਵਜੋਂ ਪ੍ਰਚਾਰਨਾ ਅਰੰਭ ਕੀਤਾ। 1884 ਈ. ਵਿੱਚ ਜਦੋਂ ਆਪ ਵਾਪਸ ਨਾਭਾ ਵਿਖੇ ਪੁੱਜੇ ਤਾਂ ਮਹਾਰਾਜ ਨਾਭਾ ਨੇ ਉਨ੍ਹਾਂ ਦੀ ਯੋਗਤਾ ਅਨੁਸਾਰ ਉਨ੍ਹਾਂ ਨੂੰ ਰਾਜ ਸਰਕਾਰ ਦੇ ਪ੍ਰਬੰਧਕੀ ਢਾਂਚੇ ਵਿੱਚ ਲੈ ਆਂਦਾ। ਉਹ ਨਾਭਾ ਹਾਈ ਕੋਰਟ ਦੇ ਜੱਜ, ਮੈਂਬਰ ਜੁਡੀਸ਼ੀਅਲ ਕੌਂਸਲ ਨਾਭਾ, ਪੁਲੀਟੀਕਲ ਏਜੰਸੀ ਦੇ ਵਕੀਲ ਵਜੋਂ ਪਟਿਆਲਾ ਵਿਚ ਤੈਨਾਤ ਰਹੇ। ਇਕ ਸਮੇਂ ਭਾਈ ਸਾਹਿਬ ਟਿੱਕਾ ਰਿਪੁਦਮਨ ਸਿੰਘ ਦੇ ਉਸਤਾਦ ਵੀ ਰਹੇ। ਇਸ ਦੌਰਾਨ ਆਪ ਕੀ ਵਾਰ ਇੰਗਲੈਂਡ ਵੀ ਗਏ।

ਭਾਈ ਕਾਨ੍ਹ ਸਿੰਘ ਨਾਭਾ ਨੇ ਕੋਸ਼ ਨੂੰ ਸੰਪੂਰਨਤਾ ਦੇਣ ਵਾਲੇ ਮਹਾਨ ਵਿਦਵਾਨਾਂ ਵਿੱਚ ਮਹੰਤ ਭਾਈ ਬਿਸ਼ਨ ਸਿੰਘ, ਪੰਡਿਤ ਕ੍ਰਿਸ਼ਨ ਦਾਸ ਉਦਾਸੀ, ਪ੍ਰੋ. ਤੇਜਾ ਸਿੰਘ, ਪ੍ਰਿੰਸੀਪਲ ਧਰਮਾਨੰਤ ਸਿੰਘ, ਮਹਾਰਾਜਾ ਦਲਜੀਤ ਸਿੰਘ ਕਪੂਰਥਲਾ, ਮੁਕੰਦ ਸਿੰਘ ਇੰਜੀਨੀਅਰ ਸ਼ਿਮਲਾ, ਭਾਈ ਮੋਹਨ ਸਿੰਘ ਵੈਦਾ ਤਰਨਤਾਰਨ, ਭਾਈ ਧਰਮ ਸਿੰਘ ਵੈਦ, ਨੰਦ ਸਿੰਘ ਸ਼ਿਮਲਾ, ਮੌਲਵੀ ਹਕੀਮ ਮਿਰਜ਼ਾ ਮੁਹੰਮਦ ਬਨੌਲਾ, ਕਰਮ ਸਿੰਘ ਹਿਸਟੋਰੀਅਨ, ਲਾਲਾ ਧਨੀ ਰਾਮ ਚਾਤ੍ਰਿਕ ਵਰਗੇ ਮਹਾਪਰਸ਼ਾਂ ਦੀ ਨੇਕ ਨੀਤੀ ਨਾਲ ਕੀਤੀ ਸਖ਼ਤ ਮਿਹਨਤ ਦਾ ਜ਼ਿਕਰ ਕੀਤਾ ਹੈ। ਕੋਸ਼ ਨੂੰ ਸੰਪੂਰਨਤਾ ਦੇਣ ਲਈ ਭਾਈ ਸਾਹਿਬ ਦਾ ਆਪਣਾ ਸਕੱਤਰੇਤ ਸੀ। ਅਸਲ ਵਿੱਚ ਕੋਸ਼ ਨੂੰ ਮੌਜੂਦਾ ਰੂਪ ਦੇਣ ਲਈ ਸੈਂਕੜੇ ਮਹਾਪੁਰਸ਼ਾਂ, ਵਿਦਵਾਨਾਂ ਦੀ ਸਖ਼ਤ ਮਿਹਨਤ ਤੇ ਲਗਨ ਨੂੰ ਕਦੇ ਵੀ ਅੱਖੋਂ ਪਰੋਖੇ ਨਹੀਂ ਕੀਤਾ ਜਾ ਸਕਦਾ। ਇਸ ਦੀ ਛਪਾਈ ਲਈ ਮਹਾਰਾਜਾ ਫ਼ਰੀਦਕੋਟ ਰਾਜਾ ਬ੍ਰਿਜਇੰਦਰ ਸਿੰਘ ਨੇ ਜ਼ਿੰਮੇਵਾਰੀ ਲਈ ਸੀ ਪਰ ਮਹਾਰਾਜਾ ਪਹਿਲਾਂ ਹੀ ਇਸ ਸੰਸਾਰ ਨੂੰ ਅਲਵਿਦਾ ਆਖ ਗਏ। ਮਹਾਰਾਜਾ ਰਿਪੁਦਮਨ ਦੇ ਨਾਭਾ ਦੀ ਗੱਦੀ ਤੋਂ ਲਹਿ ਜਾਣ ਕਾਰਨ ਨਾਭਾ ਸਰਕਾਰ ਨੇ ਵੀ ਸਹਾਇਤਾ ਦੇਣ ਤੋਂ ਇਨਕਾਰ ਕਰ ਦਿੱਤਾ। ਢੇਰ ਸਾਰੇ ਯਤਨਾਂ ਪਿਛੋਂ ਇਸ ਮਹਾਨ ਕੋਸ਼ ਨੂੰ ਛਾਪਣ ਮਹਾਰਜਾ ਭੁਪਿੰਦਰ ਸਿੰਘ ਪਟਿਆਲਾ ਨੇ ਇਕਵੰਜਾ ਹਜ਼ਾਰ ਦੇਣਾ ਪ੍ਰਵਾਨ ਕੀਤਾ। ਅਕਤੂਬਰ 1927 ਵਿੱਚ ਅੰਮ੍ਰਿਤਸਰ ਦੀ ਇਕ ਪ੍ਰੈੱਸ ਤੋਂ ਇਹ " ਮਹਾਨ ਕੋਸ਼ " ਛਪਣਾ ਸ਼ੁਰੂ ਹੋਇਆ ਅਤੇ ਅਪ੍ਰੈਲ 1930 ਵਿੱਚ ਇਹ ਕਾਰਜ ਮੁਕੰਮਲ ਹੋਇਆ। ਇਸ ਤੋਂ ਪਿਛੋਂ 3335 ਪੰਨਿਆਂ ਦੇ ਇਸ ਕੋਸ਼ ਨੂੰ ਚਾਰ ਜਿਲਦਾਂ ਵਿੱਚ ਤਿਆਰ ਕੀਤਾ ਗਿਆ ਅਤੇ ਇਸ ਦੀ ਕੀਮਤ 110 ਰੁਪਏ ਰੱਖੀ ਗਈ। ਇਸ ਉਪਰੰਤ 30 ਸਾਲ ਬਾਅਦ 1960 ਵਿੱਚ ਇੱਕੋ ਜਿਲਦ 'ਚ ਭਾਸ਼ਾ ਵਿਭਾਗ ਪੰਜਾਬ ਨੇ ਇਸ ਨੂੰ ਮੁੜ ਛਾਪਿਆ ਅਤੇ 3335 ਪੰਨਿਆਂ ਨੂੰ 835 ਪੰਨਿਆਂ ਵਿਚ ਸਮੁੱਚੇ ਮੈਟ੍ਰਿਕ ਨੂੰ ਸਮੋ ਦਿੱਤਾ ਅਤੇ ਇਸ ਤੋਂ ਬਿਨਾਂ ਭਾਈ ਸਾਹਿਬ ਵਲੋਂ ਕੀਤੇ ਨਵੇਂ ਵਾਧੇ ਦੇ 90 ਪੰਨੇ ਹੋਰ ਜੋੜ ਦਿੱਤੇ ਗਏ। ਇਸ ਨਵੇਂ ਛਪੇ ਮਹਾਕੋਸ਼ 'ਚ 21 ਪੰਨਿਆਂ ਦੀ ਆਰੰਭਲ ਸਮੱਗਰੀ ਸ਼ਾਮਿਲ ਕਰਨ ਤੋਂ ਇਲਾਵਾ ਲਗਭਗ ਛੇ ਦਰਜਨ ਤਸਵੀਰਾਂ ਅਤੇ ਪੁਰਾਤਨ ਨਕਸ਼ੇ ਵੀ ਛਾਪੇ ਗਏ। ਇਸ ਦੀ ਕੀਮਤ ਵੀ ਕੇਵਲ 42 ਰੁਪਏ ਰੱਖੀ ਗਈ। ਇਸ ਤੋਂ ਪਿੱਛੋਂ ਇਸਦੇ ਕਈ ਸੰਸਕਰਨ ਛਪ ਚੁਕੇ ਹਨ। ਨੈਸ਼ਨਲ ਬੁੱਕ ਸ਼ਾਪ ਦਿੱਲੀ ਨੇ ਵੀ ਇਸ ਨੂੰ ਪ੍ਰਕਾਸ਼ਿਤ ਕੀਤਾ ਹੈ।

ਇਸ ਮਹਾਨ ਵਿਦਵਾਨ ਦੀ ਇਸ ਖੋਜ ਭਰਪੂਰ ਰਚਨਾ ' ਮਹਾਨ ਕੋਸ਼ ' ਨੂੰ ਅੱਜ ਤੱਕ ਅਧਿਕਾਰਤ ਰਚਨ ਵਜੋਂ ਪ੍ਰਵਾਨ ਕੀਤਾ ਜਾਂਦਾ ਹੈ ਕਿਉਂਕਿ ਸਿੱਖ ਧਰਮ, ਸਾਹਿਤ, ਇਤਿਹਾਸ ਵਿੱਚ ਕੌਮ ਦੀਆਂ ਰੀਤੀ-ਰਿਵਾਜਾਂ, ਸੱਭਿਆਚਾਰਕ ਦੇਣ ਸਬੰਧੀ ਇਸ ਤੋਂ ਪਹਿਲਾਂ ਕੋਈ ਵੀ ਇਨਸਾਈਕਲੋਪੀਡੀਆ ਨਹੀਂ ਸੀ ਮਿਲਦਾ ਪਰ ਇਸ ਮਹਾਨ ਰਚਨਾ ਨੂੰ ਅਜੋਕੇ ਸਮੇਂ ਮੁਤਾਬਿਕ ਵਾਪਰੀਆਂ ਇਤਿਹਾਸਕ ਘਟਨਾਵਾਂ ਅਤੇ ਕੌਮੀ ਦੁਖਾਂਤਾ ਨੂੰ ਮੁੜ ਸ਼ਾਮਿਲ ਕਰਕੇ ਛਾਪਣ ਅਤੇ ਸਮੇਂ ਦੇ ਹਾਣ ਦਾ ਬਨਾਉਣ ਦੇ ਯਤਨਾਂ ਦੀ ਲੋੜ ਹੈ। ਭਾਈ ਕਾਨ੍ਹ ਸਿੰਘ ਨਾਭਾ ਦੀਆਂ ਹੋਰ ਮਹੱਤਵਪੂਰਨ ਰਚਨਾਵਾਂ ਵਿੱਚ ' ਗੁਰਮਤਿ ਪ੍ਰਭਾਕਰ ' ' ਗੁਰਮਤਿ ਸੁਧਾਕਰ ' ' ਗੁਰਛੰਦ ਦਿਵਾਕਰ ' ਗੁਰ ਸ਼ਬਦ ਅਲੰਕਾਰ, ਚੰਡੀ ਦੀ ਵਾਰ ਸਟੀਕ, 'ਗੁਰਮਤਿ ਮਾਰਤੰਡ' ਸ਼੍ਰੀ ਗੁਰੂ ਮਹਿਮਾ ਰਚਨਾਵਲੀ ਵੀ ਗੁਰਮਤਿ ਦੇ ਵੱਖ-ਵੱਖ ਵਿਸ਼ਿਆਂ ਉਪਰ ਰੌਸ਼ਨੀਆਂ ਪਾਉਂਦੀਆਂ ਹਨ। ਇਸ ਤੋਂ ਇਲਾਵਾ ਡਾ. ਰਛਪਾਲ ਕੌਰ ਨੇ 1983 ਵਿੱਚ ਭਾਈ ਕਾਨ੍ਹ ਸਿੰਘ ਨਾਭਾ ਦੇ ਅਪ੍ਰਕਾਸ਼ਿਤ ਸਫ਼ਰਨਾਮੇ ਵੀ ਪੁਸਤਕ ਰੂਪ ਵਿੱਚ ਪਾਠਕਾਂ ਦੇ ਸਨਮੁੱਖ ਪੇਸ਼ ਕਰਕੇ ਨਿੱਗਰ ਯੋਗਦਾਨ ਪਾਇਆ ਹੈ। ਭਾਈ ਕਾਨ੍ਹ ਸਿੰਘ ਨਾਭਾ ਨੂੰ ਚੀਫ ਖਾਲਸਾ ਦੀਵਾਨ ਵਲੋਂ 21ਵੀਂ ਸਿੱਖ ਐਜੂਕੇਸ਼ਨਲ ਕਾਨਫਰੰਸ ਦੀ ਪ੍ਰਧਾਨਗੀ ਵੀ ਸੌਂਪੀ ਗਈ ਸੀ। 1932 ਈ. ਵਿੱਚ ਹਿੰਦੋਸਤਾਨ ਦੀ ਬਰਤਾਨਵੀ ਸਰਕਾਰ ਵਲੋਂ ਭਾਈ ਕਾਨ੍ਹ ਸਿੰਘ ਨਾਭਾ ਸਰਦਾਰ ਬਹਾਦਰ ਦੇ ਖਿਤਾਬ ਨਾਲ ਸਨਮਾਨਿਤ ਕੀਤਾ ਗਿਆ। ਸਿੱਖ ਕੌਮ ਦਾ ਇਹ ਨਾਮਵਰ ਸ਼੍ਰੋਮਣੀ 23 ਨਵੰਬਰ 1938 ਈ. ਨੂੰ ਨਾਭਾ ਵਿਖੇ ਸਾਨੂੰ ਸਦੀਵੀਂ ਵਿਛੋੜਾ ਦੇ ਗਿਆ। ਭਾਈ ਸਾਹਿਬ ਸਿੱਖ ਸਾਹਿਤ, ਸਿੱਖ ਇਤਿਹਾਸ ਅਤੇ ਸੱਭਿਆਚਾਰ ਨੂੰ ਦਿੱਤੇ ਨਿੱਗਰ ਯੋਗਦਾਨ ਸਦਕਾ ਹਮੇਸ਼ਾ ਅਮਰ ਰਹਿਣਗੇ।



**-ਭਗਵਾਨ ਸਿੰਘ ਜੌਹਲ**

bhagwansinghjohal@gmail.com
Mob :- (+91 ) - 98143-24040



ਬਾਬਾ ਬੇਅੰਤ ਸਿੰਘ ਬੇਰ ਕਲਾਂ ਲੰਗਰਾਂ ਵਾਲੇ ਧਰਮ ਪ੍ਰਚਾਰ ਲਹਿਰ ਤਹਿਤ ਇੰਗਲੈਂਡ ਪਹੁੰਚੇ ਹੋਏ ਹਨ ਜੀ, ਤਿੰਨ ਟਾਈਮ ਕਥਾ ਕਰ ਰਹੇ ਹਨ ਜੀ, ਗੁਰਦੁਆਰਾ ਬਾਬਾ ਸੰਗ ਜੀ ਸਮੈਥਿਕ ਵਿਖੇ ਸਵੇਰੇ ਧੰਨ ਧੰਨ ਸਿਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਲੜੀਵਾਰ ਕਥਾ ਅਤੇ ਦੁਪਹਿਰ ਬਾਅਦ ਸਿਰੀ ਸੂਰਜ ਪ੍ਰਕਾਸ਼ ਜੀ ਦੀ ਕਥਾ ਦੀ ਸੇਵਾ ਨਿਭਾਅ ਰਹੇ ਹਨ।

(ਫੋਟੋ ਤੇ ਵੇਰਵਾ : ਆਵਾਜ਼ਿ ਕੌਮ ਬਿਊਰੋ)

---

# ਸ਼ਹੀਦ ਭਾਈ ਜਸ਼ਜੀਤ ਸਿੰਘ ਜੰਮੂ ਦੇ ਪਿਤਾ ਜੀ ਦੇ ਅਕਾਲ ਚਲਾਣੇ 'ਤੇ ਫੈਡਰੇਸ਼ਨ ਭਿੰਡਰਾਂਵਾਲਾ ਵੱਲੋਂ ਦੁੱਖ ਦਾ ਪ੍ਰਗਟਾਵਾ



**ਅੰਮ੍ਰਿਤਸਰ, 27 ਅਗਸਤ (ਆਵਾਜ਼ਿ ਕੌਮ ਬਿਊਰੋ)**-ਵੀਹਵੀਂ ਸਦੀ ਦੇ ਮਹਾਨ ਸਿੱਖ, ਜਰਨੈਲਾਂ ਦੇ ਜਰਨੈਲ ਅਤੇ ਦਮਦਮੀ ਟਕਸਾਲ ਦੇ ਚੌਦ੍ਹਵੇਂ ਮੁਖੀ ਅਮਰ ਸ਼ਹੀਦ ਸੰਤ ਗਿਆਨੀ ਜਰਨੈਲ ਸਿੰਘ ਜੀ ਖ਼ਾਲਸਾ ਭਿੰਡਰਾਂਵਾਲਿਆਂ ਦੀ ਸ਼ਾਨ ਅਤੇ ਸਤਿਕਾਰ ਨੂੰ ਬਰਕਰਾਰ ਰੱਖਦਿਆਂ ਸ਼ਹਾਦਤ ਦਾ ਜਾਮ ਪੀਣ ਵਾਲੇ ਅਮਰ ਸ਼ਹੀਦ ਭਾਈ ਜਸ਼ਜੀਤ ਸਿੰਘ ਜੰਮੂ ਦੇ ਪਿਤਾ ਜੀ ਸ. ਨਿਰਬੀਰ ਸਿੰਘ ਅੱਜ ਚੜ੍ਹਾਈ ਕਰ ਗਏ ਹਨ। ਉਹਨਾਂ ਦੇ ਪਰਿਵਾਰਿਕ ਮੈਂਬਰਾਂ ਨੇ ਸਿੱਖ ਯੂਥ ਫੈਡਰੇਸ਼ਨ ਭਿੰਡਰਾਂਵਾਲਾ ਦੇ ਕੌਮੀ ਪ੍ਰਧਾਨ ਭਾਈ ਰਣਜੀਤ ਸਿੰਘ ਦਮਦਮੀ ਟਕਸਾਲ ਨੂੰ ਤੁਰੰਤ ਇਹ ਜਾਣਕਾਰੀ ਦਿੱਤੀ। ਪੱਤਰਕਾਰਾਂ ਨੂੰ ਜਾਣਕਾਰੀ ਦਿੰਦਿਆਂ ਭਾਈ ਰਣਜੀਤ ਸਿੰਘ ਦਮਦਮੀ ਟਕਸਾਲ ਨੇ ਦੱਸਿਆ ਕਿ ਸ਼ਹੀਦ ਭਾਈ ਜਸ਼ਜੀਤ ਸਿੰਘ ਜੰਮੂ ਦੇ ਮਾਤਾ-ਪਿਤਾ ਜੀ ਨੂੰ ਦਾਸ ਕੁਝ ਦਿਨ ਪਹਿਲਾਂ ਹੀ ਉਹਨਾਂ ਦੇ ਘਰ ਪਿੰਡ ਚੌਹਾਲਾ, ਜੰਮੂ ਜਾ ਕੇ ਮਿਲਿਆ ਸੀ ਤੇ ਫਿਰ ਜਦੋਂ ਮਾਤਾ ਜੀ ਦਾ ਸ੍ਰੀ ਅੰਮ੍ਰਿਤਸਰ ਵਿਖੇ ਅੱਖਾਂ ਦਾ ਅਪ੍ਰੇਸ਼ਨ ਹੋਇਆ ਤਾਂ ਉਸ ਦਿਨ ਵੀ ਪਰਿਵਾਰ ਨਾਲ ਮੁਲਾਕਾਤ ਹੋਈ, ਬਾਪੂ ਜੀ ਨਾਲ ਅਕਸਰ ਹੀ ਫੋਨ 'ਤੇ ਗੱਲ ਹੁੰਦੀ ਰਹਿੰਦੀ ਸੀ, ਅੱਜ ਉਹਨਾਂ ਦਾ ਅਕਾਲ ਚਲਾਣਾ ਸੁਣ ਕੇ ਡਾਢਾ ਦੁੱਖ ਲੱਗਾ, ਉਹ ਕੁਝ ਸਰੀਰਕ ਬਿਮਾਰੀਆਂ ਨਾਲ ਜੂਝ ਰਹੇ ਸਨ ਅਤੇ ਮੋਟਾਪਾ ਵੀ ਕਾਫੀ ਵੱਧ ਚੁੱਕਾ ਸੀ। ਗੁਰੂ ਸਾਹਿਬ ਉਹਨਾਂ ਨੂੰ ਚਰਨਾਂ 'ਚ ਨਿਵਾਸ ਤੇ ਪਰਿਵਾਰ ਨੂੰ ਭਾਣਾ ਮੰਨਣ ਦਾ ਬਲ ਬਖ਼ਸ਼ਣ। ਭਾਈ ਰਣਜੀਤ ਸਿੰਘ ਦਮਦਮੀ ਟਕਸਾਲ ਨੇ ਦੱਸਿਆ ਕਿ ਇਸ ਤੋਂ ਪਹਿਲਾਂ ਬਾਪੂ ਜੀ ਦੇ ਦੋਵੇਂ ਪੁੱਤਰ ਸੰਸਾਰ 'ਤੇ ਨਹੀਂ ਰਹੇ, ਇੱਕ ਪੁੱਤਰ ਸ਼ਹੀਦ ਹੋ ਗਿਆ ਅਤੇ ਦੂਸਰਾ ਗਾਇਬ ਹੋ ਗਿਆ, ਹੁਣ ਸਿਰਫ਼ ਇੱਕ ਪੁੱਤਰੀ ਹੀ ਹੈ ਜੋ ਆਸਟ੍ਰੇਲੀਆ ਵਿੱਚ ਰਹਿੰਦੀ ਹੈ। ਉਹਨਾਂ ਦੱਸਿਆ ਕਿ ਜੰਮੂ ਵਿੱਚ ਜੂਨ 1984 ਦੇ ਘੱਲੂਘਾਰੇ ਨਾਲ ਸਬੰਧਤ ਇੱਕ ਮਹਾਨ ਸ਼ਹੀਦੀ ਸਮਾਗਮ ਤੋਂ ਪਹਿਲਾਂ ਸੰਤ ਜਰਨੈਲ ਸਿੰਘ ਖਾਲਸਾ ਭਿੰਡਰਾਂਵਾਲਿਆਂ ਦੀ ਤਸਵੀਰ ਉਤਾਰਨ ਦੇ ਵਿਰੋਧ 'ਚ ਭਾਈ ਜਸ਼ਜੀਤ ਸਿੰਘ ਜੰਮੂ ਨੇ ਜੰਮੂ ਪੁਲਿਸ ਵਿਰੁੱਧ ਜੂਝ ਕੇ 4 ਜੂਨ 2015 ਨੂੰ ਗੋਲੀ ਲੱਗਣ ਨਾਲ ਸ਼ਹੀਦੀ ਪ੍ਰਾਪਤ ਕੀਤੀ ਸੀ ਤੇ ਸ਼ਹੀਦਾਂ ਦਾ ਮਾਣ-ਸਤਿਕਾਰ ਕਾਇਮ ਰੱਖਿਆ ਸੀ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਐਮਰਜੰਸੀ ਫਿਲਮ ਦੀ ਰਿਲੀਜ਼ ਰੋਕੀ ਜਾਵੇ ਨਹੀਂ ਤਾਂ ਇਸਦੇ ਨਤੀਜੇ ਅਤੇ

# ਅੰਜਾਮ ਲਈ ਸਿੱਖ ਕੌਮ ਨਹੀਂ ਹੋਵੇਗੀ ਜ਼ਿੰਮੇਵਾਰ : ਬੀਬੀ ਰਣਜੀਤ ਕੌਰ



**ਨਵੀਂ ਦਿੱਲੀ 28 ਅਗਸਤ (ਮਨਪ੍ਰੀਤ ਸਿੰਘ ਖਾਲਸਾ):-** ਦਿੱਲੀ ਦੀਆਂ ਸਿੱਖ ਜਥੇਬੰਦੀਆਂ ਨੇ ਮਿਲਕੇ ਇੱਕ ਇੱਕਠ ਕਰਕੇ ਵੇਸਟ ਦਿੱਲੀ ਦੇ ਡੀਸੀਪੀ ਨਾਲ ਕੰਗਣਾ ਰਣੌਤ ਦੀ ਫਿਲਮ "ਐਮਰਜੈਂਸੀ" ਨੂੰ ਸਿਨੇਮਾਘਰਾਂ ਵਿਚ ਇਸ ਦੇ ਪ੍ਰਦਰਸ਼ਨ ਨੂੰ ਰੋਕਣ ਬਾਬਤ ਇੱਕ ਮੰਗ ਪੱਤਰ ਦਿੱਤਾ ਨਾਲ ਹੀ ਕਿਹਾ ਕਿ ਸਿੱਖਾਂ ਦੀਆਂ ਭਾਵਨਾਵਾਂ ਨੂੰ ਵੇਖਦੇ ਹੋਏ ਫਿਲਮ ਤੇ ਪਾਬੰਦੀ ਲਗਾਈ ਜਾਵੇ । ਮੰਗ ਪੱਤਰ ਦੇਣ ਲਈ ਹਾਜਿਰ ਸੰਗਤਾਂ ਨੂੰ ਡੀਸੀਪੀ ਨੇ ਪੂਰਨ ਵਿਸ਼ਵਾਸ ਦਿੱਤਾ ਕੀ ਉਹ ਜਲਦ ਹੀ ਸੈਂਸਰ ਬੋਰਡ ਨੂੰ ਇਸ ਬਾਬਤ ਲਿਖਤੀ ਪੱਤਰ ਦੇਣਗੇ ।ਮੀਡੀਆ ਨਾਲ ਗੱਲਬਾਤ ਕਰਦਿਆਂ ਸ਼੍ਰੋਮਣੀ ਅਕਾਲੀ ਦਲ ਦਿੱਲੀ ਇਕਾਈ ਦੇ ਮਹਿਲਾ ਵਿੰਗ ਦੇ ਮੁੱਖੀ ਬੀਬੀ ਰਣਜੀਤ ਕੌਰ ਨੇ ਦਸਿਆ ਕਿ ਇਹ ਫਿਲਮ ਸਿੱਖ ਇਤਿਹਾਸ ਨੂੰ ਤੋੜ ਮਰੋੜ ਕੇ ਪੇਸ਼ ਕਰ ਰਹੀ ਹੈ ਤੇ 20ਵੀਂ ਸਦੀ ਦੇ ਮਹਾਨ ਸਿੱਖ ਸੰਤ ਜਰਨੈਲ ਸਿੰਘ ਜੀ ਭਿੰਡਰਾਂਵਾਲਿਆ ਦਾ ਕਿਰਦਾਰ ਅਤੇ ਤੱਥ ਗਲਤ ਪੇਸ਼ ਕਰਣ ਦੇ ਨਾਲ ਸਮੁੱਚੇ ਸਿੱਖ ਕੌਮ ਨੂੰ ਦੋਸ਼ੀ ਠਹਿਰਾਣ ਦੀ ਕੋਸ਼ਿਸ਼ ਕੀਤੀ ਗਈ ਹਰ ਤੇ ਸਿੱਖਾਂ ਨੂੰ ਵੱਖਵਾਦੀ ਦੱਸਿਆ ਗਿਆ ਹੈ। ਉਹਨਾਂ ਕਿਹਾ ਕਿ ਇਸ ਤੋਂ ਸਪਸ਼ਟ ਹੈ ਕਿ ਕੰਗਣਾ ਰਣੌਤ ਦੇ ਮਨ ਵਿਚ ਅਤੇ ਦਿਲ ਵਿਚ ਸਿੱਖਾਂ ਪ੍ਰਤੀ ਕਿੰਨੀ ਨਫਰਤ ਫੈਲੀ ਹੋਈ ਹੈ। ਪੰਥ ਅੰਦਰ ਇਸ ਫਿਲਮ ਵਿਰੁੱਧ ਵੱਡਾ ਰੋਸ਼ ਪ੍ਰਗਟ ਹੋ ਰਿਹਾ ਹੈ ਤੇ ਦੇਸ਼ ਦੇ ਕਈ ਰਾਜਾਂ ਅੰਦਰ ਮੁਜਾਹਿਰੇ ਹੋਣ ਦਾ ਪਤਾ ਲਗਿਆ ਹੈ ।ਉਨ੍ਹਾਂ ਕਿਹਾ ਕਿ ਜ਼ੇਕਰ ਇਹ ਫਿਲਮ ਸਿਨੇਮਾਘਰਾਂ ਅੰਦਰ ਲਗਦੀ ਹੈ ਤਾਂ ਦੇਸ਼ ਦਾ ਭਾਈਚਾਰਕ ਮਾਹੌਲ ਖਰਾਬ ਹੋ ਸਕਦਾ ਹੈ ਇਸ ਲਈ ਸਰਕਾਰ ਅਤੇ ਫਿਲਮ ਸੈਂਸਰ ਬੋਰਡ ਨੂੰ ਇਸ ਤੇ ਤੁਰੰਤ ਪਾਬੰਦੀ ਲਗਾਣੀ ਚਾਹੀਦੀ ਹੈ ।ਉਹਨਾਂ ਕਿਹਾ ਕਿ ਅਸੀਂ ਸੈਂਸਰ ਬੋਰਡ ਨੂੰ ਅਪੀਲ ਕਰਦੇ ਹਾਂ ਕਿ ਇਸ ਫਿਲਮ ਦੀ ਰਿਲੀਜ਼ ਰੋਕੀ ਜਾਵੇ ਨਹੀਂ ਤਾਂ ਇਸਦੇ ਨਤੀਜੇ, ਇਸਦੇ ਅੰਜਾਮ ਲਈ ਸਿੱਖ ਕੌਮ ਜ਼ਿੰਮੇਵਾਰ ਨਹੀਂ ਹੋਵੇਗੀ। ਇਸ ਮੌਕੇ ਉਨ੍ਹਾਂ ਨਾਲ ਯੂਥ ਆਗੂ ਰਮਨਦੀਪ ਸਿੰਘ ਸੋਨੂੰ, ਗੁਰਪ੍ਰੀਤ ਸਿੰਘ ਰਿੰਟਾ, ਅਵਨੀਤ ਸਿੰਘ ਰਾਇਸਨ, ਗੁਰਦੁਆਰਾ ਸ਼੍ਰੋਮਣੀ ਸਿੱਖ ਸੰਗਤ ਦੇ ਪ੍ਰਧਾਨ ਗੁਰਮੀਤ ਸਿੰਘ, ਸਿੱਖ ਸਟੂਡੈਂਟ ਫੈਡਰੇਸ਼ਨ ਵਲੋਂ ਅਵਤਾਰ ਸਿੰਘ ਮਾਖਣ ਸਮੇਤ ਵੱਖ ਵੱਖ ਗੁਰਦੁਆਰੇ ਸਾਹਿਬਾਨ ਦੇ ਪ੍ਰਧਾਨ ਅਤੇ ਵਡੀ ਗਿਣਤੀ ਅੰਦਰ ਸੰਗਤ ਹਾਜਿਰ ਸਨ।

### ਦੋਹਾ ਕਤਰ 'ਚ ਪੁਲਿਸ ਪਾਸੋਂ ਵਾਪਸ ਲਏ

# ਪਾਵਨ ਸਰੂਪ ਭਾਰਤ ਲਿਆਵੇ ਕੇਂਦਰ ਸਰਕਾਰ- ਐਡਵੋਕੇਟ ਧਾਮੀ



ਨਵੀਂ ਦਿੱਲੀ, 28 ਅਗਸਤ (ਮਨਪ੍ਰੀਤ ਸਿੰਘ ਖਾਲਸਾ):- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਦੋਹਾ ਕਤਰ ਅੰਦਰ ਸਥਾਨਕ ਪੁਲਿਸ ਪਾਸੋਂ ਭਾਰਤ ਦੇ ਵਿਦੇਸ਼ ਮੰਤਰਾਲੇ ਵੱਲੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਦੋ ਪਾਵਨ ਸਰੂਪ ਵਾਪਸ ਲੈਣ ਦਾ ਸਵਾਗਤ ਕਰਦਿਆਂ, ਇਹ ਪਾਵਨ ਸਰੂਪ ਭਾਰਤ ਲਿਆਉਣ ਦੀ ਮੰਗ ਕੀਤੀ ਹੈ। ਸ਼੍ਰੋਮਣੀ ਕਮੇਟੀ ਨੂੰ ਭਾਰਤ ਦੇ ਵਿਦੇਸ਼ ਮੰਤਰਾਲੇ ਵੱਲੋਂ ਇੱਕ ਈ-ਮੇਲ ਰਾਹੀਂ ਇਸ ਸਬੰਧੀ ਭੇਜੀ ਗਈ ਜਾਣਕਾਰੀ ਮਗਰੋਂ ਐਡਵੋਕੇਟ ਧਾਮੀ ਨੇ ਕਿਹਾ ਕਿ ਇਹ ਚੰਗੀ ਗੱਲ ਹੈ ਕਿ ਪਾਵਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਅਦਬ ਸਤਿਕਾਰ ਨੂੰ ਵੇਖਦਿਆਂ ਕੇਂਦਰ ਸਰਕਾਰ ਨੇ ਸੰਜੀਦਗੀ ਨਾਲ ਕਾਰਵਾਈ ਕੀਤੀ ਹੈ। ਉਨ੍ਹਾਂ ਕਿਹਾ ਕਿ ਇਹ ਮਾਮਲਾ ਸਿੱਖ ਕੌਮ ਦੀਆਂ ਧਾਰਮਿਕ ਭਾਵਨਾਵਾਂ ਨਾਲ ਜੁੜਿਆ ਹੋਇਆ ਹੋਣ ਕਰਕੇ ਬੇਹੱਦ ਸੰਜੀਦਾ ਹੈ। ਭਾਰਤ ਸਰਕਾਰ ਨੇ ਜਿੱਥੇ ਇਸ 'ਤੇ ਆਪਣੀ ਜਿੰਮੇਵਾਰੀ ਨਾਲ ਨਿਭਾਈ ਹੈ, ਉੱਥੇ ਹੀ ਹੁਣ ਇਸ ਉੱਤੇ ਅਗਲੀ ਕਾਰਵਾਈ ਕਰਦਿਆਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਦੋਵੇਂ ਪਾਵਨ ਸਰੂਪ ਭਾਰਤ ਲਿਆਂਦੇ ਜਾਣ। ਉਨ੍ਹਾਂ ਕਿਹਾ ਕਿ ਦੋਹਾ ਕਤਰ ਅੰਦਰ ਪੁਲਿਸ ਪਾਸੋਂ ਵਾਪਸ ਲਏ ਗਏ ਪਾਵਨ ਸਰੂਪ ਸ਼੍ਰੋਮਣੀ ਕਮੇਟੀ ਨੂੰ ਸੌਂਪੇ ਜਾਣੇ ਚਾਹੀਦੇ ਹਨ ਤਾਂ ਜੋ ਇਨ੍ਹਾਂ ਦੀ ਅਦਬ ਸਤਿਕਾਰ ਸਹਿਤ ਸੇਵਾ ਸੰਭਾਲ ਕੀਤੀ ਜਾ ਸਕੇ ਜਾ ਸਕੇ।

### ਕੰਗਨਾ ਰਣੌਤ ਦੀ ਫਿਲਮ "ਐਮਰਜੈਂਸੀ" ਵਿੱਚ ਸਿੱਖਾਂ ਦੀ ਅਣਉਚਿਤ ਪੇਸ਼ਕਾਰੀ ਦੇ ਖਿਲਾਫ

# ਫਿਲਮ ਦੇ ਬਾਈਕਾਟ ਅਤੇ ਪਾਬੰਦੀ ਦੀ ਮੰਗ : ਮਹਾਰਾਸ਼ਟਰ ਸਿੱਖ ਐਸੋਸੀਏਸ਼ਨ



**ਨਵੀਂ ਦਿੱਲੀ 28 ਅਗਸਤ (ਮਨਪ੍ਰੀਤ ਸਿੰਘ ਖਾਲਸਾ):-** ਮਹਾਰਾਸ਼ਟਰ ਸਿੱਖ ਐਸੋਸੀਏਸ਼ਨ ਨੇ ਕੰਗਨਾ ਰਣੌਤ ਦੀ ਨਿਰਦੇਸ਼ਿਤ ਫਿਲਮ ਵਿੱਚ ਸਿੱਖਾਂ ਦੀ ਅਣਉਚਿਤ ਪੇਸ਼ਕਾਰੀ ਦੇ ਖਿਲਾਫ ਅਪੀਲ ਕੀਤੀ ਅਤੇ ਕੰਗਨਾ ਰਣੌਤ ਸਟਾਰਰ "ਐਮਰਜੈਂਸੀ" ਨੂੰ ਲੈ ਕੇ ਚਿੰਤਾਜਨਕ ਜਾਣਕਾਰੀ ਮਿਲੀ ਹੈ। ਪਤਾ ਲੱਗਾ ਹੈ ਕਿ ਇਸ ਫਿਲਮ ਵਿੱਚ ਸਿੱਖ ਕੌਮ ਪ੍ਰਤੀ ਡੂੰਘੀ ਇਤਰਾਜ਼ਯੋਗ ਅਤੇ ਅਪਮਾਨਜਨਕ ਸਮੱਗਰੀ ਹੈ। ਫਿਲਮ ਵਿੱਚ ਸਿੱਖ ਪਾਤਰਾਂ ਦਾ ਅਣਉਚਿਤ ਚਿਤਰਣ ਅਤੇ ਇਤਿਹਾਸਕ ਘਟਨਾਵਾਂ ਨੂੰ ਤੋੜ-ਮਰੋੜ ਕੇ ਪੇਸ਼ ਕਰਨਾ ਨਾ ਸਿਰਫ ਗਲਤ ਹੈ ਸਗੋਂ ਸਿੱਖਾਂ ਦੀਆਂ ਭਾਵਨਾਵਾਂ ਨੂੰ ਠੇਸ ਪਹੁੰਚਾਉਣ ਵਾਲਾ ਵੀ ਹੈ । ਸਾਡੇ ਇਤਿਹਾਸ ਨੂੰ ਵਿਗਾੜਨ ਜਾਂ ਸਾਡੇ ਸੱਭਿਆਚਾਰ ਦਾ ਅਪਮਾਨ ਕਰਨ ਦੀ ਕੋਈ ਵੀ ਕੋਸ਼ਿਸ਼ ਨਾ ਸਿਰਫ਼ ਸਿੱਖ ਭਾਈਚਾਰੇ ਦਾ, ਸਗੋਂ ਉਨ੍ਹਾਂ ਸਾਰੀਆਂ ਕਦਰਾਂ-ਕੀਮਤਾਂ ਦਾ ਵੀ ਅਪਮਾਨ ਹੈ, ਜਿਨ੍ਹਾਂ ਦਾ ਅਸੀਂ ਸਤਿਕਾਰ ਕਰਦੇ ਹਾਂ। ਅਸੀਂ ਬੋਰਡ ਨੂੰ ਬੇਨਤੀ ਕਰਦੇ ਹਾਂ ਕਿ ਉਹ ਉਨ੍ਹਾਂ ਫਿਲਮਾਂ ਨੂੰ ਸਰਟੀਫਿਕੇਟ ਨਾ ਦੇਣ ਜਿਨ੍ਹਾਂ ਦੀ ਸਮੱਗਰੀ ਇਤਿਹਾਸਕ ਤੱਥਾਂ ਨੂੰ ਵਿਗਾੜਦੀ ਹੈ ਅਤੇ ਨਕਾਰਾਤਮਕ ਵਿਸ਼ਵਾਸਾਂ ਨੂੰ ਉਤਸ਼ਾਹਿਤ ਕਰਦੀ ਹੈ।

ਨਾਲ ਹੀ, ਅਸੀਂ ਮਹਾਰਾਸ਼ਟਰ ਅਤੇ ਦੇਸ਼ ਭਰ ਦੇ ਸਿੱਖ ਭਾਈਚਾਰੇ ਦੇ ਨਾਲ-ਨਾਲ ਨਿਆਂ ਅਤੇ ਸੱਚ ਦੇ ਸਾਰੇ ਸਮਰਥਕਾਂ ਨੂੰ ਇਸ ਫਿਲਮ ਦਾ ਬਾਈਕਾਟ ਕਰਨ ਦੀ ਅਪੀਲ ਕਰਦੇ ਹਾਂ। ਸਾਨੂੰ ਕਿਸੇ ਵੀ ਪਲੇਟਫਾਰਮ ਜਾਂ ਮਾਧਿਅਮ ਦਾ ਸਮਰਥਨ ਨਹੀਂ ਕਰਨਾ ਚਾਹੀਦਾ ਜੋ ਸਾਡੇ ਧਰਮ ਦੇ ਵਿਰੁੱਧ ਹਾਨੀਕਾਰਕ ਹੋਵੇ, ਜਦੋਂ ਕਿ ਅਸੀਂ ਪ੍ਰਗਟਾਵੇ ਦੀ ਆਜ਼ਾਦੀ ਦਾ ਸਨਮਾਨ ਕਰਦੇ ਹਾਂ, ਇਹ ਜ਼ਰੂਰੀ ਹੈ ਕਿ ਇਹ ਆਜ਼ਾਦੀ ਖਾਸ ਤੌਰ 'ਤੇ ਇਤਿਹਾਸਕ ਅਤੇ ਧਾਰਮਿਕ ਵਿਸ਼ਿਆਂ ਦੇ ਸੰਦਰਭ ਵਿੱਚ ਵਰਤੀ ਜਾਵੇ। ਫਿਲਮ ਨਿਰਮਾਤਾਵਾਂ ਦੀ ਜ਼ਿੰਮੇਵਾਰੀ ਬਣਦੀ ਹੈ ਕਿ ਉਹ ਅਜਿਹੇ ਵਿਸ਼ਿਆਂ ਨੂੰ ਸਾਵਧਾਨੀ ਅਤੇ ਇਮਾਨਦਾਰੀ ਨਾਲ ਨਜਿੱਠਣ, ਇਹ ਯਕੀਨੀ ਬਣਾਉਣ ਕਿ ਉਨ੍ਹਾਂ ਦੇ ਕੰਮ ਨਾਲ ਕਿਸੇ ਨੂੰ ਨੁਕਸਾਨ ਜਾਂ ਨਕਾਰਾਤਮਕ ਭਾਵਨਾਵਾਂ ਨਾ ਹੋਣ।

ਜੇਕਰ ਅਧਿਕਾਰੀ ਕਾਰਵਾਈ ਨਹੀਂ ਕਰਦੇ ਹਨ, ਤਾਂ ਮਹਾਰਾਸ਼ਟਰ ਸਿੱਖ ਐਸੋਸੀਏਸ਼ਨ ਕੋਲ ਭਾਈਚਾਰੇ ਦੀ ਇੱਜ਼ਤ ਦੀ ਰਾਖੀ ਅਤੇ ਅਜਿਹੀ ਸਮੱਗਰੀ ਦੇ ਫੈਲਾਅ ਨੂੰ ਰੋਕਣ ਲਈ ਸਾਰੇ ਕਾਨੂੰਨੀ ਵਿਕਲਪ ਹਨ। ਆਓ ਰਲ ਕੇ ਇਹ ਸਪੱਸ਼ਟ ਸੁਨੇਹਾ ਦੇਈਏ ਕਿ ਸਿੱਖ ਕੌਮ ਸਾਡੇ ਧਰਮ ਦੀ ਬੇਅਦਬੀ ਜਾਂ ਸਾਡੇ ਇਤਿਹਾਸ ਨੂੰ ਗਲਤ ਢੰਗ ਨਾਲ ਪੇਸ਼ ਕਰਨ ਨੂੰ ਬਰਦਾਸ਼ਤ ਨਹੀਂ ਕਰੇਗੀ।

# ਡਾ.ਸੋਨਲ ਰਾਏ ਵੱਲੋਂ ਔਰਤਾਂ ਦੀ ਮਾਨਸਿਕ ਸਿਹਤ ਸੰਬੰਧੀ ਸੈਮੀਨਾਰ ਕਰਵਾਇਆ ਗਿਆ





**ਚੌਕ ਮਹਿਤਾ, 28 ਅਗਸਤ (ਬਾਬਾ ਸੁਖਵੰਤ ਸਿੰਘ ਚੰਨਣਕੇ )** - ਵੇਲ ਬੀਇੰਗ ਮਾਇਡ ਐਂਡ ਬਾਡੀ ਕਲੀਨਿਕ ਅਤੇ ਆਲ ਇੰਡਿਆ ਵੂਮੈਨ ਕਾਨਫਰੰਸ ਦੇ ਸਹਿਯੋਗ ਨਾਲ ਅੰਮ੍ਰਿਤਸਰ ਦੀ ਪ੍ਰਸਿੱਧ ਡਾਕਟਰ ਡਾ.ਸੋਨਲ ਰਾਏ ਵੱਲੋਂ ਔਰਤਾਂ ਦੀ ਮਾਨਸਿਕ ਸਿਹਤ ਅਤੇ ਕਲਿਆਣਾ ਦੇ ਮੁੱਦੇ ਤੇ ਇੱਕ ਵਿਸ਼ੇਸ਼ ਸੈਮੀਨਾਰ ਕਰਵਾਇਆ ਗਿਆ ।ਜਿਸ ਵਿੱਚ ਮੁੱਖ ਮਹਿਮਾਨ ਆਲ ਇੰਡਿਆ ਵੂਮੈਨ ਕਾਨਫਰੰਸ ਦੀ ਪ੍ਰਧਾਨ ਸ਼੍ਰੀਮਤੀ ਪੂਨਮ ਮਹਾਜਨ ਸਨ ।ਇਸ ਸੈਮੀਨਾਰ ਦਾ ਮੁੱਖ ਉਦੇਸ਼ ਔਰਤਾਂ ਦੇ ਮਾਨਸਿਕ ਸਿਹਤ ਸੰਬੰਧੀ ਗੰਭੀਰ ਮੁੱਦਿਆਂ ਤੇ ਖੁੱਲ੍ਹੀ ਚਰਚਾ ਕਰਨਾ ਅਤੇ ਇੰਨ੍ਹਾਂ ਦੇ ਹੱਲ ਦੇ ਲਈ ਪੇਸ਼ੇਵਰ ਮਦਦ ਦੀ ਲੋੜ ਅਤੇ ਜਾਗਰੂਕਤਾ ਲਿਆਣਾ ਸੀ ਡਾ.ਸੋਨਲ ਰਾਏ ਜਿਹੜੀ ਕੀ ਸਿਹਤ ਦੇ ਖੇਤਰ ਵਿੱਚ ਇੱਕ ਅਨੁਭਵੀ ਅਤੇ ਸਨਮਾਨਿਤ ਡਾਕਟਰ ਹਨ ਨੇ ਅਪਣੀ ਟੀਮ ਦੇ ਨਾਲ ਇਸ ਪਹਿਲ ਦੀ ਅਗਵਾਈ ਕੀਤੀ ਉਨ੍ਹਾਂ ਦੀ ਟੀਮ ਵਿੱਚ ਹੀਨਾ ਹਾਂਡਾ,ਹੀਨਾ ਸਹਿਗਲ,ਨਿਸ਼ਾ ਨੰਦਾ ਆਦਿ ਸ਼ਾਮਿਲ ਸਨ ਇੰਨ੍ਹਾਂ ਸਾਰਿਆਂ ਨੇ ਔਰਤਾਂ ਦੀ ਮਾਨਸਿਕ ਸਿਹਤ ਨੂੰ ਬੇਹਤਰ ਬਨਾਉਣ ਦੇ ਲਈ ਵਿਆਪਕ ਦ੍ਰਿਸ਼ਟੀਕੋਣ ਪੇਸ਼ ਕੀਤਾ.ਡਾ.ਸੋਨਲ ਰਾਏ ਨੇ ਅਪਣੇ ਅਨੁਭਵ ਨੂੰ ਸਾਂਝਾ ਕਰਦੇ ਹੋਏ ਦੱਸਿਆ ਕਿ ਕਿਵੇਂ ਅੱਜ ਦੀਆਂ ਮਹਿਲਾਵਾਂ ਘਰ ਅਤੇ ਅਪਣੇ ਦਫਤਰਾਂ ਵਿੱਚ ਮਾਨਸਿਕ ਸਵਸਥ ਨਾਲ ਜੁੜੀਆਂ ਵੱਖ-ਵੱਖ ਚੁਣੌਤੀਆਂ ਦਾ ਸਾਹਮਣਾ ਕਰਦੀਆਂ ਹਨ ।ਇਸ ਮੌਕੇ ਉਨ੍ਹਾਂ ਚਿੰਤਾ,ਮਾਨਸਿਕ ਦਬਾਅ ਅਤੇ ਹੋਰ ਮਾਨਸਿਕ ਵਿਕਾਰਾਂ ਦੇ ਨਾਲ ਲੱਛਣਾਂ ਦੀ ਪਹਿਚਾਣ ਕਰਨ ਦੇ ਤਰੀਕੇ,ਉਨ੍ਹਾ ਦੇ ਸ਼ੁਰੂਆਤੀ ਸੰਕੇਤ ਅਤੇ ਇਲਾਜ਼ ਦੇ ਲਈ ਪੇਸ਼ੇਵਰ ਮਦਦ ਲੈਣ ਦੀ ਲੋੜ ਤੇ ਜ਼ੋਰ ਦਿੱਤਾ ਕਿਉਂਕਿ ਔਰਤਾਂ ਨੂੰ ਘਰ ਅਤੇ ਅਪਣੇ ਕੰਮ ਕਰਨ ਵਾਲੇ ਸਥਾਨ ਤੇ ਮਾਨਸਿਕ ਸਿਹਤ ਨਾਲ ਜੁੜੇ ਵੱਖ-ਵੱਖ ਸੰਘਰਸ਼ ਅਤੇ ਪ੍ਰੇਸ਼ਾਨੀਆਂ ਦਾ ਸਾਹਮਣਾ ਕਰਨਾ ਪੈਂਦਾ ਹੈ ।ਡਾ.ਸੋਨਲ ਰਾਏ ਅਤੇ ਉਨ੍ਹਾ ਦੀ ਟੀਮ ਦੇ ਮਾਰਗ ਦਰਸ਼ਨ ਨਾਲ ਇਸ ਸੈਮੀਨਾਰ ਵਿੱਚ ਮਹਿਲਾਵਾਂ ਨੂੰ ਸ਼ਸ਼ਕਤ ਬਨਾਉਣ ਦੀ ਦਿਸ਼ਾ ਵਿੱਚ ਮਹੱਤਵਪੂਰਨ ਕਦਮ ਉਠਾਏ ਅਤੇ ਮਾਨਸਿਕ ਸਵਸਥ ਦੇ ਪ੍ਰਤੀ ਜਾਗਰੂਕਤਾ ਅਤੇ ਸਮਰਥਨ ਦੇ ਖੇਤਰ ਵਿੱਚ ਇੱਕ ਨਵੀਂ ਸ਼ੁਰੂਆਤ ਕੀਤੀ।

# ਕੰਗਨਾ ਰਨੌਤ ਦੀ ਫਿਲਮ " ਐਮਰਜੈਂਸੀ" ਦੇਸ਼ ਅੰਦਰ ਦੂਜੀਆਂ ਕੌਮਾਂ ਸਾਹਮਣੇ ਸਿੱਖ ਕੌਮ ਨੂੰ ਬਦਨਾਮ ਕਰਨ ਦੀ ਵੱਡੀ ਸਾਜ਼ਸ਼ : ਸ਼ਾਤ,ਪਪਰਾਲੀ ਕੌਮੀ ਪ੍ਰਧਾਨ

ਫਿਰੋਜ਼ਪੁਰ, ਅਗੱਸਤ (ਸੁਖਮੰਦਰ ਸ਼ਾਤ):- ਭਾਈ ਨੱਥਾ ਭਾਈ ਅੱਬਦੁੱਲਾ ਅੰਤਰਰਾਸ਼ਟਰੀ ਸਮੂਹ ਢਾਡੀ ਸਭਾ ਦੇ ਨੌਜਵਾਨ ਆਗੂ ਸੁਖਮੰਦਰ ਸਿੰਘ ਸ਼ਾਤ,ਭਾਈ ਮਲਕੀਤ ਸਿੰਘ ਪਪਰਾਲੀ ਅੰਤਰਰਾਸ਼ਟਰੀ ਕੌਮੀ ਪ੍ਰਧਾਨ ਨੇ





ਮੀਡੀਆ ਨੂੰ ਜਾਰੀ ਬਿਆਨ 'ਚ ਦਸਿਆ ਕਿ ਵਿਵਾਦਮਈ ਕਲਾਕਾਰ ਤੇ ਮੰਡੀ, ਹਿਮਾਚਲ ਤੋਂ ਭਾਜਪਾ ਸਾਂਸਦ ਕੰਗਨਾ ਰਨੌਤ ਦੀ 6 ਸਤੰਬਰ ਦੇ ਦਿਨ ਰਿਲੀਜ਼ ਹੋਣ ਵਾਲੀ ਫਿਲਮ 'ਐਮਰਜੈਂਸੀ' ਖਿਲਾਫ ਦੇਸ਼ ਵਿਦੇਸਾ.ਅਤੇ ਪੰਜਾਬ ਦੇ ਸਿੱਖਾਂ ਵਿਚ ਸਖਤ ਰੋਸ ਹੈ। ਕੰਗਨਾ ਰਣੌਤ ਵਲੋਂ ਐਮਰਜੈਂਸੀ ਫ਼ਿਲਮ ਬਣਾਉਣ ਦੀ ਵੱਡੀ ਸਾਜ਼ਸ਼ ਦਾ ਹਿੱਸਾ ਹੈ ।ਸ਼ਾਤ ਤੇ ਪਪਰਾਲੀ ਨੇ ਦਸਿਆ ਕਿ ਭਾਰਤ ਨੂੰ ਆਜ਼ਾਦੀ ਦਵਾਉਣ ਅਤੇ ਐਮਰਜੈਂਸੀ ਖਿਲਾਫ ਮੋਰਚੇ ਲਾ ਕੇ, ਇੰਦਰਾ ਗਾਂਧੀ ਨੂੰ ਚੈਲੰਜ ਕਰਨ ਵਿਚ ਸਿੱਖ ਕੌਮ ਦਾ ਵੱਡਾ ਹਿੱਸਾ ਹੈ, ਪ੍ਰੰਤੂ ਕੰਗਨਾ ਦੀ ਫਿਰਕੂ ਪ੍ਰਸਤ ਸੋਚ ਉਹ ਘਟਨਾਵਾਂ ਦੇਸ਼ ਤੋਂ ਛੁਪਾਉਣਾ ਚਾਹੁੰਦੀ ਹੈ ।ਸ਼ਾਤ ਪਪਰਾਲੀ ਨੇ ਦਸਿਆ ਕਿ ਭਾਈ ਨੱਥਾ ਭਾਈ ਅੱਬਦੁੱਲਾ ਅੰਤਰਰਾਸ਼ਟਰੀ ਸਮੂਹ ਢਾਡੀ ਗ੍ਰੰਥੀ ਸਭਾ ਕਦੇ ਵੀ ਪੰਜਾਬ ਵਿਚ ਫਿਲਮ ਨੂੰ ਸਿਨੇਮਾ ਘਰਾਂ ਅੰਦਰ ਨਹੀਂ ਲੱਗਣ ਦੇਵੇਗਾ। ਉਹਨਾਂ ਦਸਿਆ ਕਿ 14 ਅਗੱਸਤ ਨੂੰ 'ਯੂਟੂਬ' 'ਤੇ ਰਿਲੀਜ਼ ਕੀਤੇ ਗਏ ਫਿਲਮ ਦੇ ਟ੍ਰੇਲਰ 'ਚ ਸ਼ਹੀਦ ਸੰਤ ਜਰਨੈਲ ਸਿੰਘ ਭਿੰਡਰਾਂਵਾਲਿਆਂ ਦੀ ਗ.ਲਤ ਪੇਸ਼ਕਾਰੀ ਕਰਦਿਆਂ ਇੰਦਰਾ ਗਾਂਧੀ ਵਲੋਂ ਸੰਤਾਂ ਨੂੰ ਉਭਾਰਨਾ ਫਿਲਮਾਇਆ ਗਿਆ ਹੈ ।ਇਹ ਕੰਗਨਾ ਦੀ ਸਿੱਖ ਕੌਮ ਨੂੰ ਦੇਸ਼ ਅੰਦਰ ਦੂਜੀਆਂ ਕੌਮਾਂ ਸਾਹਮਣੇ ਬਦਨਾਮ ਕਰਕੇ ਸਿੱਖਾਂ ਖਿਲਾਫ ਫਿਰਕੂ ਮਾਹੌਲ ਪੈਦਾ ਕਰੇਗੀ ਉਹਨਾਂ ਕਿਹਾ ਕਿ ਦਿੱਲੀ ਦੀਆਂ ਸਰੱਹਦਾਂ 'ਤੇ ਲੱਗੇ ਕਿਸਾਨ ਅੰਦੋਲਨ ਦੌਰਾਨ ਕਿਸਾਨਾਂ ਤੇ ਪੰਜਾਬ ਖਿਲਾਫ ਫਿਰਕੂ ਬਿਆਨ ਦੇਣ ਵਾਲੀ ਆਪਣੀ ਸਾਂਸਦ ਅਤੇ ਉਸਦੀ ਫਿਲਮ ਸੰਬੰਧੀ ਭਾਜਪਾ ਦੀ ਕੇਂਦਰੀ ਲੀਡਰਸ਼ਿਪ ਨੂੰ ਛੇਤੀ ਆਪਣਾ ਸਟੈਂਡ ਸਪਸ਼ਟ ਕਰਨਾ ਚਾਹੀਦਾ ਹੈ ।ਉਹਨਾਂ ਦਸਿਆ ਕਿ ਸ਼੍ਰੋਮਣੀ ਗੁਰਦਵਾਰਾ ਪ੍ਰਬੰਧਕ ਕਮੇਟੀ ਫਿਲਮ ਵਿਚ ਸਿੱਖਾਂ ਦੇ ਕਿਰਦਾਰ ਦੀ ਗ.ਲਤ ਪੇਸ਼ਕਾਰੀ ਸਬੰਧੀ ਰੋਸ ਪ੍ਰਦਰਸ਼ਨ ਕਰਕੇ। ਪੰਜਾਬ ਦੀ ਮਾਨ ਸਰਕਾਰ ਨੂੰ ਪੰਜਾਬ ਵਿੱਚ ਇਸ ਫਿਲਮ ਨੂੰ ਬੈਨ ਕਰਨ ਦੀ ਮੰਗ ਕਰੇ,ਮਾਨ ਸਰਕਾਰ ਨੂੰ ਜਲਦ ਇਸ ਫਿਲਮ ਨੂੰ ਪੰਜਾਬ ਵਿੱਚ ਬੈਨ ਕਰਨ ਦਾ ਬਿਆਨ ਜਾਰੀ ਕਰਨਾ ਚਾਹੀਦਾ ਹੈ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

## ਗੁਰਨਾਮ ਸਿੰਘ ਮਹਾਲਮ ਨੂੰ ਇੰਟਰਨੈਸ਼ਨਲ ਪੰਥਕ ਦਲ ਕਿਸਾਨ ਬਚਾਓ ਮੋਰਚਾ ਦਾ

# ਸੂਬਾ ਸੀ. ਮੀਤ ਪ੍ਰਧਾਨ ਲਾਇਆ ਗਿਆ



### ਸਬ ਟਾਈਟਲ, ਗੁਰਨਾਮ ਸਿੰਘ ਦੀਆਂ ਸਮਾਜ ਪ੍ਰਤੀ ਸੇਵਾਵਾਂ ਨੂੰ ਦੇਖਦਿਆਂ ਸਿੰਘ ਸਾਹਿਬ ਨੇ ਦਿੱਤੀ ਵੱਡੀ ਜ਼ੁੰਮੇਵਾਰੀ

ਫਿਰੋਜ਼ਪੁਰ, 28 ਅਗਸਤ ( ਸੁਖਮੰਦਰ ਸਿੰਘ ਸ਼ਾਤ )-ਇੰਟਰਨੈਸ਼ਨਲ ਪੰਥਕ ਦਲ ਦੇ ਸਰਪ੍ਰਸਤ ਸਿੰਘ ਸਾਹਿਬ ਗਿਆਨੀ ਜਸਵੀਰ ਸਿੰਘ ਰੋਡੇ ਜਿਹਨਾ ਨੇ ਜਥੇਬੰਦੀ ਦੀ ਮਹੀਨਾਵਾਰ ਮੀਟਿੰਗ ਵਿੱਚ ਜਥੇਬੰਦੀ ਦਾ ਵਿਸਥਾਰ ਕਰਦਿਆਂ ਫਿਰੋਜ਼ਪੁਰ ਤੋਂ ਗੁਰਨਾਮ ਸਿੰਘ ਮਹਾਲਮ ਨੂੰ ਕਿਸਾਨ ਬਚਾਓ ਮੋਰਚਾ ਦਾ ਸੂਬਾ ਸੀਨੀਅਰ ਮੀਤ ਪ੍ਰਧਾਨ ਲਾਇਆ ਗਿਆ। ਉਹਨਾਂ ਨੇ ਗੁਰਨਾਮ ਸਿੰਘ ਨੂੰ ਸਿਰੋਪਾਓ ਦੇ ਕੇ ਜਥੇਬੰਦੀ ਦੀ ਜ਼ੁਮੇਵਾਰੀ ਦਿੱਤੀ ।ਇਸ ਸਮੇਂ ਗੁਰਨਾਮ ਸਿੰਘ ਨੇ ਵੀ ਵਿਸ਼ਵਾਸ਼ ਦਿਵਾਇਆ ਗਿਆ ਕਿ ਜੋ ਜ਼ੁਮੇਵਾਰੀ ਜਥੇਬੰਦੀ ਵੱਲੋਂ ਦਿੱਤੀ ਗਈ ਹੈ। ਉਸ ਨੂੰ ਮੈ ਤਨ ਦੇਹੀ ਨਾਲ ਨਿਭਾਵਾਂਗਾ ਤੇ ਜਥੇਬੰਦੀ ਨੂੰ ਅੱਗੇ ਲੈ ਕੇ ਜਾਵੇਗਾ। ਇਸ ਸਮੇਂ ਸਿੰਘ ਸਾਹਿਬ ਗਿਆਨੀ ਜਸਵੀਰ ਸਿੰਘ ਰੋਡੇ, ਜਥੇਦਾਰ ਸਵਰਨਜੀਤ ਸਿੰਘ, ਚਰਨਜੀਤ ਸਿੰਘ ਜੱਸੋਵਾਲ, ਸਤਨਾਮ ਸਿੰਘ ਵੱਲੀਆ,ਕਿਰਪਾ ਸਿੰਘ, ਦਰਸ਼ਨ ਸਿੰਘ ਮੰਡ,ਬਾਬਾ ਜੋਗਿੰਦਰ ਸਿੰਘ,ਪਿੱਪਲ ਸਿੰਘ, ਪਰਮਿੰਦਰ ਸਿੰਘ ਪਲਾਰ,ਚਾਨਣ ਸਿੰਘ ਸਰਪੰਚ, ਦਲੀਪ ਸਿੰਘ, ਜਸਵੀਰ ਸਿੰਘ, ਗੁਰਦੀਪ ਸਿੰਘ ਸੰਧੂ ਸੰਗਰੂਰ,ਗੁਰਦੇਵ ਸਿੰਘ, ਰਜਿੰਦਰ ਸਿੰਘ ਨਿੱਕਾ ਸੰਗਰੂਰ ਆਦਿ ਹਾਜ਼ਰ ਸਨ।

## ਮੁਲਾਜ਼ਮਾਂ ਤੇ ਪੈਨਸ਼ਨਰਾਂ ਨੇ

# ਡਿਪਟੀ ਕਮਿਸ਼ਨਰ ਦਫਤਰ ਮੂਹਰੇ ਕੀਤੀ ਵਿਸ਼ਾਲ ਰੈਲੀ




ਫ਼ਿਰੋਜ਼ਪੁਰ,28 ਅਗਸਤ (ਮਨੋਹਰ ਲਾਲ):— ਜਾਇੰਟ ਫਰੰਟ ਦੇ ਸੱਦੇ ਤੇ ਮੁਲਾਜ਼ਮਾਂ ਤੇ ਪੈਨਸ਼ਨਰਾਂ ਨੇ ਡਿਪਟੀ ਕਮਿਸ਼ਨਰ ਫਿਰੋਜ਼ਪੁਰ ਦੇ ਦਫਤਰ ਸਾਹਮਣੇ ਵਿਸ਼ਾਲ ਰੈਲੀ ਕਰਨ ਉਪਰੰਤ ਮੁੱਖ ਮੰਤਰੀ ਪੰਜਾਬ ਦੇ ਲਾਰਿਆਂ ਦੀ ਪੰਡ ਫੂਕੀ। ਇਸ ਰੈਲੀ ਵਿੱਚ ਪੈਨਸ਼ਨਰ ਤੇ ਵੱਖ—ਵੱਖ ਵਿਭਾਗਾਂ ਦੇ ਮੁਲਾਜ਼ਮ ਤੇ ਭਰਾਤਰੀ ਜਥੇਬੰਦੀਆਂ ਦੇ ਆਗੂ ਵੱਡੀ ਗਿਣਤੀ ਵਿੱਚ ਸ਼ਾਮਿਲ ਹੋਏ। ਰੈਲੀ ਨੂੰ ਪੈਨਸ਼ਨਰ ਕਨਫਡਰੇਸ਼ਨ ਦੇ ਸੂਬਾਈ ਆਗੂ ਕਿੱਕਰ ਸਿੰਘ, ਜ਼ਿਲ੍ਹਾ ਪ੍ਰਧਾਨ ਕਿਸ਼ਨ ਚੰਦ ਜਾਗੋਵਾਲੀਆ, ਜਨਰਲ ਸਕੱਤਰ ਪ੍ਰਤਾਪ ਸਿੰਘ ਢਿਲੋਂ, ਵਾਟਰ ਸਪਲਾਈ ਸੀਵਰੇਜ ਬੋਰਡ ਜੱਥੇਬੰਦੀ ਦੇ ਆਗੂ ਗੁਰਮੀਤ ਸਿੰਘ ਔਲਖ, ਇਕਬਾਲ ਸਿੰਘ ਜੰਗਲਾਤ ਵਰਕਰਜ ਯੂਨੀਅਨ ਦੇ ਆਗੂ ਬਲਬੀਰ ਸਿੰਘ ਗੋਖੀਵਾਲਾ, ਕਰਮਚਾਰੀ ਦਲ ਦੇ ਆਗੂ ਬਲਬੀਰ ਸਿੰਘ ਕੰਬੋਜ, ਗੁਰਨਾਮ ਸਿੰਘ ਤੇ ਡਾ. ਪਰਦੀਪ ਰਾਣਾ ਪੈਨਸ਼ਨ ਆਗੂ, ਜਨਤਕ ਜਥੇਬੰਦੀਆਂ ਦੇ ਸਾਂਝੇ ਮੋਰਚੇ ਦੇ ਆਗੂ ਸੁਰਿੰਦਰ ਸਿਘ ਨੇ ਸੰਬੋਧਨ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਮੁਲਾਜ਼ਮਾਂ ਤੇ ਪੈਨਸ਼ਨਰਾਂ ਦੀਆਂ ਮੰਗਾਂ ਮੰਨਣ ਦੀ ਬਜਾਏ ਝੂਠੇ ਲਾਰੇ ਲਾਏ ਜਾ ਰਹੇ ਹਨ, ਜਾਇੰਟ ਫਰੰਟ ਦੇ ਆਗੂਆਂ ਨੂੰ ਵਾਰ—ਵਾਰ ਮੀਟਿੰਗ ਦਾ ਸਮਾਂ ਦੇ ਕੇ ਮੀਟਿੰਗਾਂ ਨੂੰ ਟਾਲਿਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਠੇਕਾ ਭਰਤੀ, ਆਉਟਸੋਰਸ, ਡੈਲੀ ਮੁਲਾਜ਼ਮਾਂ ਨੂੰ ਪੱਕਾ ਕੀਤਾ ਜਾਵੇ ਤੇ ਠੇਕਾ ਭਰਤੀ ਬੰਦ ਕੀਤੀ ਜਾਵੇ, 2.59 ਗੁਣਾਕ ਨਾਲ ਪੈਨਸ਼ਨਰ ਦੀ ਪੈਨਸ਼ਨ ਰੀਵਾਈਜ ਕੀਤੀ ਜਾਵੇ, ਮਹਿੰਗਾਈ ਭੱਤੇ ਦੀਆਂ ਕਿਸ਼ਤਾਂ ਰਲੀਜ਼ ਕੀਤੀਆਂ ਜਾਣ, ਮੈਡੀਕਲ ਭੱਤੇ ਵਿੱਚ ਵਾਧਾ ਕੀਤਾ ਜਾਵੇ ਤੇ ਕੈਸਲੈਸ ਮੈਡੀਕਲ ਸਕੀਮ ਸੋਧ ਕੇ ਲਾਗੂ ਕੀਤੀ ਜਾਵੇ, ਵੱਖ—ਵੱਖ ਵਿਭਾਗਾਂ ਵਿਚ ਖਾਲੀ ਪਈਆਂ ਅਸਾਮੀਆਂ ਨੂੰ ਭਰਿਆ ਜਾਵੇ, ਛੇਵੇਂ ਤਨਖਾਹ ਕਮਿਸ਼ਨ ਦਾ ਬਕਾਇਆ ਤੇ ਮਹਿੰਗਾਈ ਭੱਤੇ ਦੀਆਂ ਕਿਸ਼ਤਾਂ ਦਾ ਬਕਾਇਆ ਰਲੀਜ਼ ਕੀਤਾ ਜਾਵੇ ਆਦਿ ਮੰਗਾਂ ਦਾ ਨਿਪਟਾਰਾ ਜਲਦ ਨਾ ਕੀਤਾ ਤਾਂ ਵਿਧਾਨ ਸਭਾ ਦੇ ਸੈਸ਼ਨ ਦੌਰਾਨ 3 ਸਤੰਬਰ ਨੂੰ ਮੁਲਾਜ਼ਮਾਂ ਤੇ ਪੈਨਸ਼ਨਰਾਂ ਦੇ ਜਾਇੰਟ ਫਰੰਟ ਵਲੋਂ ਚੰਡੀਗੜ੍ਹ ਵਿਖੇ ਵਿਸ਼ਾਲ ਰੈਲੀ ਕਰਨ ਉਪਰੰਤ ਵਿਧਾਨ ਸਭਾ ਵੱਲ ਮਾਰਚ ਕੀਤਾ ਜਾਵੇਗਾ। ਇਸ ਸਮੇਂ ਪ੍ਰਮੋਦ ਗੋਗਾ, ਮਿਹਰ ਸਿੰਘ, ਨੰਦ ਲਾਲ ਧਵਨ, ਗਗਨਦੀਪ ਸਿੰਘ ਸਾਗਾ, ਸੰਦੀਪ ਅਟਵਾਲ, ਦਲਜੀਤ ਸਿੰਘ, ਗਗਨਦੀਪ ਕਪੂਰ ਸੀਵਰੇਜ ਬੋਰਡ, ਜ਼ੀਰੇ ਤੋਂ ਮਾਂ. ਜੰਗੀਰ ਸਿੰਘ, ਚੰਨਣ ਸਿੰਘ, ਬਖਸ਼ੀਸ਼ ਸਿੰਘ, ਜੋਗਿੰਦਰ ਸਿੰਘ ਝੱਤਰਾ, ਹਰਜੀਤ ਸਿੰਘ, ਐਨ.ਆਰ.ਐਮ.ਯੂ ਦੇ ਆਗੂ ਅਮਨਦੀਪ, ਮਨੀਸ਼ ਕੁਲਵੰਤ ਸਿੰਘ, ਅਜੇ ਕੁਮਾਰ, ਡੀ.ਸੀ ਦਫਤਰ ਤੋਂ ਰਜਿੰਦਰ ਕੁਮਾਰ, ਅਵਤਾਰ ਸਿੰਘ ਬਾਠ, ਕਰਮਚਾਰੀ ਦਲ ਦੇ ਤਰਸੇਮ ਬੇਦੀ, ਰਣਬੀਰ ਸਿੰਘ ਕੁੱਕੂ, ਸੁਖਦੇਵ ਸਿੰਘ, ਸ਼ਹੀਦ ਭਗਤ ਸਿੰਘ ਸਟੇਟ ਟੈਕਨੀਕਲ ਯੂਨੀਵਰਸਿਟੀ ਤੋਂ ਗੁਰਮੀਤ ਸਿੰਘ, ਬਲਕਰਨ ਸਿੰਘ, ਮੱਲਾਂਵਾਲਾ ਬਰਾਂਚ ਤੋਂ ਮੁਖਤਿਆਰ ਸਿੰਘ, ਵਿਜੇ ਕੁਮਾਰ ਰਾਣਾ, ਮਹਿੰਗਾ ਸਿੰਘ, ਕਰਮ ਸਿੰਘ ਹਰਾਜ ਆਦਿ ਸ਼ਾਮਲ ਹੋਏ।

# ਲੱਕੜ ਚੋਰਾਂ, ਸ਼ਿਕਾਰੀ ਗਿਰੋਹ ਤੇ ਲੈਂਡ ਮਾਫੀਏ ਤੋਂ ਰਾਖੀ ਕਰਦੇ ਸ਼ਹੀਦ ਹੋਏ ਮੁਲਾਜ਼ਮਾਂ ਦੀ ਯਾਦ ਵਿਚ 11 ਸਤੰਬਰ ਨੂੰ ਹੋਵੇਗਾ ਸਮਾਗਮ

ਫ਼ਿਰੋਜ਼ਪੁਰ, 28 ਅਗਸਤ (ਮਨੋਹਰ ਲਾਲ) :— ਪੰਜਾਬ ਫੌਰੈਸਟ ਪੈਨਸ਼ਨਰ ਐਸੋਸੀਏਸ਼ਨ ਵੱਲੋਂ ਸਰਕਾਰੀ ਸੰਪਤੀ ਦੀ ਸਾਂਭ—ਸੰਭਾਲ ਕਰਦੇ ਮੁਲਾਜ਼ਮਾਂ ਦੀ ਯਾਦ ਵਿਚ ਹੋਵੇਗਾ ਸਮਾਗਮ। ਇਸ ਸਬੰਧੀ ਜਾਣਕਾਰੀ ਸਾਂਝੀ ਕਰਦਿਆਂ ਐਸੋਸੀਏਸ਼ਨ ਦੇ ਸੂਬਾ ਪ੍ਰਧਾਨ ਜਗਤਾਰ ਸਿੰਘ ਸਰਵਾਨਾ, ਜਨਰਲ ਸਕੱਤਰ ਮੋਹਿੰਦਰ ਸਿੰਘ ਧਾਲੀਵਾਲ ਨੇ ਦੱਸਿਆ ਕਿ ਰੁੱਖਾਂ, ਜੰਗਲੀ ਜੀਵਾਂ ਅਤੇ ਸਰਕਾਰੀ ਜ਼ਮੀਨਾਂ ਦੀ ਲੱਕੜ ਚੋਰਾਂ, ਸ਼ਿਕਾਰੀ ਗਿਰੋਹ ਅਤੇ ਲੈਂਡ ਮਾਫੀਆ ਤੋਂ ਰਾਖੀ ਕਰਦੇ ਸ਼ਹੀਦ ਹੋਏ ਵਣ ਮੁਲਾਜ਼ਮ, ਅਫ਼ਸਰ ਸਾਹਿਬਾਨ ਅਤੇ ਵਣ ਵਿਭਾਗ ਦੇ ਮਜ਼ਦੂਰਾਂ ਦੀ ਯਾਦ ਵਿੱਚ ਹਰ ਸਾਲ 11 ਸਤੰਬਰ ਨੂੰ ਕੌਮੀ ਪੱਧਰ ਦਾ ਵਣ ਸ਼ਹੀਦੀ ਦਿਵਸ ਸਾਲ 2005 ਵਿੱਚ ਭੋਪਾਲ ਮੱਧ ਪ੍ਰਦੇਸ਼ ਵਿਚ ਮਨਾ ਕੇ ਸ਼ੁਰੂ ਕੀਤਾ ਗਿਆ ਸੀ, ਜਿਸ ਵਿੱਚ ਕੇਂਦਰੀ ਵਣ ਮੰਤਰੀ ਸ੍ਰੀ ਨਮੋ ਨਰਾਇਣ ਮਿਨਾ ਵਿਸ਼ੇਸ਼ ਤੌਰ ਤੇ ਸ਼ਾਮਲ ਹੋਏ। ਉਨ੍ਹਾਂ ਦੱਸਿਆ ਕਿ ਇਹ ਵਣ ਸ਼ਹੀਦੀ ਦਿਵਸ ਹਰ ਸਾਲ ਅਲਗ—ਅਲਗ ਰਾਜ ਵਿੱਚ ਆਲ ਇੰਡੀਆ ਫਾਰੈਸਟ ਆਫਿਸਰ ਫੈਡਰੇਸ਼ਨ ਦੇ ਆਦੇਸ਼ ਤੇ ਰਾਜ ਦੇ ਵਣ ਕਰਮਚਾਰੀਆਂ ਅਧਿਕਾਰੀਆਂ ਆਏ ਮਜ਼ਦੂਰਾਂ ਦੇ ਸਹਯੋਗ ਨਾਲ ਮਨਾਇਆ ਜਾਂਦਾ ਹੈ ਇਸ ਸਾਲ ਇਹ ਵਣ ਸ਼ਹੀਦੀ ਦਿਵਸ ਸ੍ਰੀਮਤੀ ਅੰਮ੍ਰਿਤਾ ਦੇਵੀ ਜੌ ਰੁੱਖਾਂ ਦੀ ਰਾਖੀ ਕਰਦੇ ਪਰਿਵਾਰ ਅਤੇ ਇਲਾਕੇ ਦੇ 363 ਲੋਕਾਂ ਸਮੇਤ ਸ਼ਹੀਦ ਹੋ ਗਏ ਸਨ ਦੇ ਨਾਮ ਤੇ ਅਬੋਹਰ ਦੇ ਨਜਦੀਕ ਸੀਤੋਗੁਨੋ ਵਿਖੇ ਬਣੇ ਅੰਮ੍ਰਿਤਾ ਦੇਵੀ ਪਾਰਕ ਵਿਚ ਮਨਾਇਆ ਜਾਵੇਗਾ। ਉਨ੍ਹਾਂ ਦੱਸਿਆ ਕਿ ਇਸ ਦੀ ਤਿਆਰੀ ਸਬੰਧੀ 2 ਸਤੰਬਰ ਨੂੰ ਪੰਜਾਬ ਫੋਰੈਸਟ ਪੈਨਸ਼ਨਰ ਐਸੋਸੀਏਸ਼ਨ ਵਣ ਵਿਭਾਗ ਦੇ ਅਧਿਕਾਰੀਆਂ ਕਰਮਚਾਰੀਆਂ ਅਤੇ ਜੰਗਲੀ ਜੀਵ ਸੁਰੱਖਿਆ ਸਭਾ ਬਿਸ਼ਨੋਈ ਸਮਾਜ ਦੇ ਅਹੁਦੇਦਾਰਾਂ ਦੀ ਮੀਟਿੰਗ ਹੋਵੇਗੀ। ਉਨ੍ਹਾਂ ਦੱਸਿਆ ਕਿ ਇਸ ਮੀਟਿੰਗ ਵਿਚ ਆਲ ਇੰਡੀਆ ਫਾਰੈਸਟ ਆਫਿਸਰ ਫੈਡਰੇਸ਼ਨ ਦੇ ਜਨਰਲ ਸਕੱਤਰ ਕਮਲ ਸਿੰਘ ਯਾਦਵ ਵਿਸ਼ੇਸ਼ ਤੌਰ ਤੇ ਸ਼ਾਮਲ ਹੋਣਗੇ।

# ਹਰਪਾਲ ਸਿੰਘ ਭੁੱਲਰ ਦੇ ਅਚਾਨਕ ਅਕਾਲ ਚਲਾਣੇ ਤੇ ਪਰਿਵਾਰ ਨਾਲ ਮੈਂਬਰ ਪਾਰਲੀਮੈਂਟ, ਪਰਮਿੰਦਰ ਸਿੰਘ ਪਿੰਕੀ ਤੇ ਰਿੰਕੂ ਗਰੋਵਰ ਨੇ ਕੀਤਾ ਦੁੱਖ ਦਾ ਇਜ਼ਹਾਰ



ਫ਼ਿਰੋਜ਼ਪੁਰ, 28 ਅਗਸਤ (ਮਨੋਹਰ ਲਾਲ) :— ਵਿਸ਼ਵ ਭਾਈ ਮਰਦਾਨਾ ਯਾਦਗਾਰੀ ਕੀਰਤਨ ਦਰਬਾਰ ਸੁਸਾਇਟੀ ਦੇ ਪ੍ਰਧਾਨ ਹਰਪਾਲ ਸਿੰਘ ਭੁੱਲਰ ਦੇ ਅਚਾਨਕ ਅਕਾਲ ਚਲਾਣਾ ਕਰਨ ਤੇ ਐਮ.ਪੀ ਸ਼ੇਰ ਸਿੰਘ ਘੁਬਾਇਆ, ਸਾਬਕਾ ਵਿਧਾਇਕ ਪਰਮਿੰਦਰ ਸਿੰਘ ਪਿੰਕੀ ਅਤੇ ਮਿਊਂਸੀਪਲ ਕਮੇਟੀ ਦੇ ਪ੍ਰਧਾਨ ਰਿੰਕੂ ਗਰੋਵਰ ਨੇ ਪਰਿਵਾਰ ਨਾਲ ਕੀਤਾ ਦੁੱਖ ਦਾ ਇਜਹਾਰ। ਅੱਜ ਫ਼ਿਰੋਜ਼ਪੁਰ ਪੁੱਜੇ ਮੈਂਬਰ ਪਾਰਲੀਮੈਂਟ ਅਤੇ ਸ: ਪਰਮਿੰਦਰ ਸਿੰਘ ਪਿੰਕੀ ਨੇ ਸ੍ਰੀ ਹਰਪਾਲ ਸਿੰਘ ਭੁੱਲਰ ਦੇ ਲੜਕੇ ਜਗਜੀਤ ਸਿੰਘ ਭੁੱਲਰ ਅਤੇ ਪਰਿਵਾਰ ਨਾਲ ਦੁੱਖ ਸਾਂਝਾ ਕਰਦਿਆਂ ਕਿਹਾ ਕਿ ਸ: ਭੁੱਲਰ ਨਾਲ ਉਨ੍ਹਾਂ ਦਾ 20—25 ਸਾਲ ਪੁਰਾਣਾ ਪਿਆ ਹੈ। ਗੱਲਬਾਤ ਕਰਦਿਆਂ ਸ਼ੇਰ ਸਿੰਘ ਘੁਬਾਇਆ ਨੇ ਕਿਹਾ ਕਿ ਜਦੋਂ ਐਮ.ਪੀ ਦਾ ਇਲੈਕਸ਼ਨ ਲੜਿਆ ਸੀ ਤਾਂ ਇਨ੍ਹਾਂ ਵੱਧ—ਚੜ੍ਹ ਕੇ ਸਹਿਯੋਗ ਦਿੱਤਾ ਸੀ ਅਤੇ ਭਾਈ ਮਰਦਾਨਾ ਯਾਦਗਾਰ ਦੀ ਫਾਈਲ ਵੀ ਮੈਨੂੰ ਦਿੱਤੀ ਅਤੇ ਮੈਂ ਸ: ਸੁਖਬੀਰ ਸਿੰਘ ਬਾਦਲ ਰਾਹੀਂ ਇਹ ਯਾਦਗਾਰ ਪਾਸ ਕਰਵਾਈ ਸੀ। ਉਨ੍ਹਾਂ ਕਿਹਾ ਕਿ ਸ੍ਰੀ ਹਰਪਾਲ ਸਿੰਘ ਭੁੱਲਰ ਬਹੁਤ ਹੀ ਜੁੰਮੇਵਾਰ ਅਤੇ ਦਲੇਰ ਇਨਸਾਨ ਸਨ, ਜਿਨ੍ਹਾਂ ਸੁਸਾਇਟੀ ਨੂੰ ਵਿਸ਼ਵ ਪੱਧਰ ਉਪਰ ਲੈ ਕੇ ਗਏ ਹਨ। ਸ੍ਰੀ ਪਰਮਿੰਦਰ ਸਿੰਘ ਪਿੰਕੀ ਨੇ ਕਿਹਾ ਕਿ ਮੈਂ ਇਨ੍ਹਾਂ ਨੂੰ ਲੰਬੇ ਅਰਸੇ ਤੋਂ ਜਾਣਦਾ ਹਾਂ, ਸ਼ੁਰੂ ਤੋਂ ਹੀ ਸੇਵਾ ਵਾਲੇ ਇਨਸਾਨ ਹਨ, ਜਿਸ ਨੂੰ ਮੱਦਦ ਦੀ ਲੋੜ ਹੁੰਦੀ ਸੀ, ਉਸ ਦੀ ਮੱਦਦ ਸ੍ਰੀ ਹਰਪਾਲ ਸਿੰਘ ਭੁੱਲਰ ਦਿਲੋਂ ਕਰਦੇ ਸਨ ਅਤੇ ਉਹ ਹਮੇਸ਼ਾ ਹੀ ਸਾਡੇ ਦਿਲਾਂ ਵਿਚ ਰਹਿਣਗੇ। ਪਰਿਵਾਰ ਨਾਲ ਦੁੱਖ ਸਾਂਝਾ ਕਰਦਿਆਂ ਪ੍ਰਧਾਨ ਨਗਰ ਕੌਂਸਲ ਰਿੰਕੂ ਗਰੋਵਰ ਨੇ ਕਿਹਾ ਕਿ ਜਗਜੀਤ ਸਿੰਘ ਭੁੱਲਰ ਨਾਲ ਸਾਡੇ ਪਰਿਵਾਰਕ ਸਬੰਧ ਵੀ ਹਨ ਅਤੇ ਸ: ਹਰਪਾਲ ਸਿੰਘ ਭੁੱਲਰ ਦੇ ਜਾਣ ਨਾਲ ਸਾਡੇ ਇਲਾਕੇ ਨੂੰ ਬਹੁਤ ਵੱਡਾ ਘਾਟਾ ਪਿਆ ਹੈ।

# ਕਿਰਤੀ ਕਿਸਾਨ ਯੂਨੀਅਨ ਵੱਲੋਂ ਮਲੇਰਕੋਟਲਾ ਪੁਲਿਸ ਵੱਲੋਂ ਕਿਸਾਨਾਂ ਉੱਪਰ ਕੀਤੇ ਗਏ ਲਾਠੀਚਾਰਜ ਕੀਤੀ ਗਈ ਨਿਖੇਧੀ

ਧੂਰੀ ( ਰਣਜੀਤ ਸਿੰਘ ਪੇਧਨੀ ) ਕਿਰਤੀ ਕਿਸਾਨ ਯੂਨੀਅਨ ਵੱਲੋਂ ਮਲੇਰਕੋਟਲਾ ਪੁਲਿਸ ਦੁਆਰਾ ਭਾਰਤਮਾਲਾ ਪ੍ਰੋਜੈਕਟ ਵਿੱਚ ਆਈਆਂ ਜਮੀਨਾਂ ਦਾ ਧੱਕੇ ਨਾਲ ਕਬਜ਼ਾ ਲੈਣ ਦਾ ਵਿਰੋਧ ਵਿੱਚ ਕਰ ਰਹੇ ਭਾਰਤੀ ਕਿਸਾਨ ਯੂਨੀਅਨ ਉਗਰਾਹਾਂ ਦੇ ਕਾਰਕੂਨਾਂ ਉੱਪਰ ਲਾਠੀ ਚਾਰਜ ਕਰਨ ਦੀ ਨਿਖੇਦੀ ਕਰਦੀ ਹੈ। ਇਸ ਮੌਕੇ ਪ੍ਰੈਸ ਨੂੰ ਬਿਆਨ ਜਾਰੀ ਕਰਦਿਆਂ ਕਿਰਤੀ ਕਿਸਾਨ ਯੂਨੀਅਨ ਦੇ ਜ਼ਿਲ੍ਹਾ ਆਗੂ ਰੁਪਿੰਦਰ ਸਿੰਘ ਚੌਂਦਾ ਅਤੇ ਬਲਾਕ ਪ੍ਰਧਾਨ ਮਾਨ ਸਿੰਘ ਸਦੋਪੁਰ ਨੇ ਕਿਹਾ ਕਿ ਕੇਂਦਰ ਸਰਕਾਰ ਦੇ ਇਸ਼ਾਰੇ ਤੇ ਪੰਜਾਬ ਸਰਕਾਰ ਵੱਲੋਂ ਭਾਰਤਮਾਲਾ ਪ੍ਰੋਜੈਕਟ ਲਈ ਕਿਸਾਨਾਂ ਦੀਆਂ ਮੰਗਾਂ ਨੂੰ ਦਰਕਿਨਾਰ ਕਰਕੇ ਪੁਲਿਸ ਬਲ ਦਾ ਪ੍ਰਯੋਗ ਕਰਕੇ ਧੱਕੇ ਨਾਲ ਜਮੀਨਾਂ ਕਬਜਾਈਆਂ ਜਾ ਰਹੀਆਂ ਹਨ। ਉਨਾਂ ਦੋਸ਼ ਲਾਇਆ ਕਿ ਸਰਕਾਰ ਜਿੱਥੇ ਉਪਜਾਊ ਜਮੀਨਾਂ ਕੌਡੀਆਂ ਦੇ ਭਾਅ ਲੈ ਰਹੀ ਹੈ ਉਥੇ ਹੀ ਪਾਣੀ ਦੀ ਨਿਕਾਸੀ, ਜਮੀਨਾਂ ਦਾ ਦੁਫਾੜ ਹੋਣਾ, ਖੇਤਾਂ ਨੂੰ ਜਾਂਦੇ ਰਸਤਿਆਂ ਦਾ ਬੰਦ ਹੋਣਾ ਆਦਿ ਮੰਗਾਂ ਦਾ ਕੋਈ ਠੋਸ ਹੱਲ ਨਹੀਂ ਕਰ ਰਹੀ ਹੈ। ਬਲਕਿ ਧੱਕੇ ਨਾਲ ਕਿਸਾਨਾਂ ਦੀਆਂ ਜਮੀਨਾਂ ਦਾ ਕਬਜ਼ਾ ਕਰ ਰਹੀ ਹੈ।

ਇਸੇ ਲੜੀ ਤਹਿਤ ਪਿਛਲੇ ਦਿਨੀ ਪਿੰਡ ਰਾਣਵਾਂ ਵਿੱਚ ਮਲੇਰਕੋਟਲਾ ਪੁਲਿਸ ਵੱਲੋਂ ਧੱਕੇ ਨਾਲ ਜਮੀਨ ਦਾ ਕਬਜ਼ਾ ਲੈ ਲਿਆ ਗਿਆ ਸੀ, ਜਿਸ ਦੇ ਵਿਰੋਧ ਵਜੋਂ ਅੱਜ ਭਾਰਤੀ ਕਿਸਾਨ ਯੂਨੀਅਨ ਉਗਰਾਹਾ ਦੀ ਅਗਵਾਈ ਹੇਠ ਵੱਡੀ ਗਿਣਤੀ ਕਿਸਾਨ ਰਾਣਵਾਂ ਸ਼ਾਂਤਮਈ ਢੰਗ ਨਾਲ ਇਕੱਤਰ ਹੋਣ ਲਈ ਜਾ ਰਹੇ ਸਨ ਤਾਂ ਪੁਲੀਸ ਦੁਆਰਾ ਉਹਨਾਂ ਨੂੰ ਰਸਤੇ ਵਿੱਚ ਰੋਕ ਕੇ ਉਹਨਾਂ ਤੇ ਲਾਠੀਚਾਰਜ ਕੀਤਾ ਗਿਆ। ਉਨਾਂ ਕਿਹਾ ਕਿ ਕਿਰਤੀ ਕਿਸਾਨ ਯੂਨੀਅਨ ਪੁਲਿਸ ਦੀ ਇਸ ਕਾਰਵਾਈ ਦੀ ਨਿਖੇਦੀ ਕਰਦੀ ਹੈ ਅਤੇ ਪੰਜਾਬ ਸਰਕਾਰ ਨੂੰ ਚੇਤਾਵਨੀ ਦਿੰਦੀ ਹੈ ਕਿ ਜਲਦ ਤੋਂ ਜਲਦ ਭਾਰਤ ਮਾਲਾ ਪ੍ਰੋਜੈਕਟ ਨਾਲ ਸੰਬੰਧਿਤ ਕਿਸਾਨਾਂ ਦੀਆਂ ਮੰਗਾਂ ਨੂੰ ਪੂਰਾ ਕੀਤਾ ਜਾਵੇ। ਇਸ ਮੌਕੇ ਕਿਰਤੀ ਕਿਸਾਨ ਯੂਨੀਅਨ ਵੱਲੋਂ ਐਲਾਨ ਕੀਤਾ ਗਿਆ ਕਿ ਪੰਜਾਬ ਸਰਕਾਰ ਦੀ ਸ਼ਿਹ ਤੇ ਪੁਲਿਸ ਦੁਆਰਾ ਕੀਤੀ ਗਈ ਇਸ ਕਾਰਵਾਈ ਦੇ ਵਿਰੋਧ ਵਿੱਚ ਕੱਲ ਨੂੰ ਮਲੇਰਕੋਟਲਾ ਵਿਖੇ ਪ੍ਰਦਰਸ਼ਨ ਕੀਤਾ ਜਾਵੇਗਾ ਅਤੇ ਪੰਜਾਬ ਸਰਕਾਰ ਅਤੇ ਕੇਂਦਰ ਸਰਕਾਰ ਦਾ ਪੁਤਲਾ ਫੂਕਿਆ ਜਾਵੇਗਾ।

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091063
International Newspaper & WEB TV

ਭਾਈ ਮਨਜੀਤ ਸਿੰਘ ਭੋਮਾ ਨੇ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਨੂੰ ਸੌਂਪਿਆ ਪੱਤਰ

# ਸੁਖਬੀਰ ਸਿੰਘ ਬਾਦਲ ਨੂੰ ਪ੍ਰਧਾਨਗੀ ਤੋਂ ਹਟਾਕੇ ਉਸਨੂੰ ਪੰਥ ਵਿਰੋਧੀ ਕਾਰਿਆਂ ਕਰਕੇ ਪੰਥ ਚੋਂ ਛੇਕਿਆ ਜਾਵੇ ਅਤੇ ਸ ਪ੍ਰਕਾਸ਼ ਸਿੰਘ ਬਾਦਲ ਕੋਲੋਂ ਫ਼ਕਰੇ ਕੌਮ ਅਵਾਰਡ ਵਾਪਸ ਲਿਆ ਜਾਵੇ



ਬਹੁਤ ਹੀ ਪਰਮ ਸਤਿਕਾਰ ਯੋਗ ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ ਜੀ

ਬਹੁਤ ਹੀ ਪਰਮ ਸਤਿਕਾਰ ਯੋਗ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ
ਸ੍ਰੀ ਅੰਮ੍ਰਿਤਸਰ ਸਾਹਿਬ,
ਵਾਹਿਗੁਰੂ ਜੀ ਕਾ ਖਾਲਸਾ। ਵਾਹਿਗੁਰੂ ਜੀ ਕੀ ਫ਼ਤਹਿ।।

**ਵਿਸ਼ਾ :- ਸੁਖਬੀਰ ਸਿੰਘ ਬਾਦਲ ਨੂੰ ਪ੍ਰਧਾਨਗੀ ਤੋਂ ਹਟਾਕੇ ਉਸਨੂੰ ਪੰਥ ਵਿਰੋਧੀ ਕਾਰਿਆਂ ਕਰਕੇ ਪੰਥ ਚੋਂ ਛੇਕਿਆ ਜਾਵੇ ਅਤੇ ਸ ਪ੍ਰਕਾਸ਼ ਸਿੰਘ ਬਾਦਲ ਕੋਲੋਂ ਫ਼ਕਰੇ ਕੌਮ ਅਵਾਰਡ ਵਾਪਸ ਲਿਆ ਜਾਵੇ।**

ਸਿੰਘ ਸਾਹਿਬ ਜਥੇਦਾਰ ਗਿਆਨੀ ਰਘਬੀਰ ਸਿੰਘ ਜੀਓ , ਅਸੀਂ ਆਪ ਜੀ ਦੇ ਧਿਆਨ ਵਿੱਚ ਲਿਆਉਣਾ ਚਾਹੁੰਦੇ ਹਾਂ ਕਿ ਪਿਛਲੇ ਲੰਮੇ ਸਮੇਂ ਤੋਂ ਮਰਹੂਮ ਪ੍ਰਕਾਸ਼ ਸਿੰਘ ਬਾਦਲ ਅਤੇ ਸੁਖਬੀਰ ਸਿੰਘ ਬਾਦਲ ਦੀ ਅਗਵਾਈ ਵਿੱਚ ਖਾਲਸਾ ਪੰਥ ਦਾ ਵੱਡਾ ਨੁਕਸਾਨ ਹੋ ਰਿਹਾ ਹੈ। ਬਾਦਲ ਪਰਿਵਾਰ ਅਤੇ ਅਕਾਲੀ ਦਲ ਬਾਦਲ ਦਲ ਨੇ ਸ਼ਹੀਦ ਜਥੇਦਾਰ ਭਾਈ ਗੁਰਦੇਵ ਸਿੰਘ ਕਾਉਂਕੇ ਦੇ ਕਤਲ ਦੀ ਤਿਵਾੜੀ ਰਿਪੋਰਟ ਦਬਾਈ ਰੱਖੀ ਅਤੇ ਇਨਸਾਫ ਨਹੀਂ ਹੋਣ ਦਿੱਤਾ।

ਬਾਦਲ ਦਲ ਨੇ ਨਕੋਦਰ ਕਾਂਡ ਦੇ ਸ਼ਹੀਦਾਂ ਦੇ ਦੋਸ਼ੀਆਂ ਨੂੰ ਵੀ ਬਚਾਈ ਰੱਖਿਆ। ਇਹਨਾਂ ਨੇ ਸੰਨ 1999 ਵਿੱਚ ਵਾਜਪਾਈ ਸਰਕਾਰ ਸਮੇਂ ਬੰਦੀ ਸਿੰਘਾਂ ਦੀਆਂ ਰਿਹਾਈਆਂ ਇਹ ਕਹਿ ਕੇ ਰੁਕਵਾਈਆਂ ਕਿ ਇਸ ਨਾਲ ਪੰਜਾਬ ਦੀ ਅਮਨ ਕਾਨੂੰਨ ਦੀ ਵਿਵਸਥਾ ਖਰਾਬ ਹੋਵੇਗੀ। ਸ ਪ੍ਰਕਾਸ਼ ਸਿੰਘ ਬਾਦਲ ਨੇ ਪ੍ਰੋਫੈਸਰ ਦਵਿੰਦਰਪਾਲ ਸਿੰਘ ਭੁੱਲਰ ਨੂੰ ਅੱਤਵਾਦੀ ਕਿਹਾ ਅਤੇ ਸੁਖਬੀਰ ਸਿੰਘ ਬਾਦਲ ਨੇ ਨਵੰਬਰ 2015 ਵਿੱਚ ਭਾਈ ਜਗਤਾਰ ਸਿੰਘ ਹਵਾਰਾ ਨੂੰ ਕਾਤਲ ਕਿਹਾ।

ਆਵਾਜ਼ਿ ਕੌਮ AWAZE QAUM International Newspaper & WEB TV

ਬਾਦਲ ਸਰਕਾਰ ਸਮੇਂ 13 ਅਪ੍ਰੈਲ 1978 ਨੂੰ ਵੀ 13 ਸਿੰਘਾਂ ਦੀਆਂ ਸ਼ਹਾਦਤਾਂ ਹੋਈਆਂ ਅਤੇ ਬਾਦਲ ਸਰਕਾਰ ਵਿੱਚ ਹੀ ਭਾਈ ਕਮਲਜੀਤ ਸਿੰਘ ਸੁਨਾਮ, ਭਾਈ ਜਸਪਾਲ ਸਿੰਘ ਚੌੜ ਸਿੱਧਵਾਂ, ਭਾਈ ਦਰਸ਼ਨ ਸਿੰਘ ਲੁਹਾਰਾ ਦੀਆਂ ਸ਼ਹਾਦਤਾਂ ਹੋਈਆਂ। ਬਹਿਬਲ ਕਲਾਂ ਗੋਲੀ ਕਾਂਡ ਵਿੱਚ ਭਾਈ ਕ੍ਰਿਸ਼ਨ ਭਗਵਾਨ ਸਿੰਘ, ਭਾਈ ਗੁਰਜੀਤ ਸਿੰਘ ਸਰਾਵਾਂ ਆਦਿ ਸਿੰਘਾਂ ਦੀਆਂ ਸ਼ਹੀਦੀਆਂ ਹੋਈਆਂ।

ਸੰਨ 2015 ਵਿੱਚ ਬਾਦਲ ਦਲ ਦੀ ਸਰਕਾਰ ਸਮੇਂ ਪਿੰਡ ਬੁਰਜ ਜਵਾਹਰਕੇ ਤੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਪਾਵਨ ਸਰੂਪ ਚੋਰੀ ਹੋਇਆ, ਡੇਰਾ ਸਿਰਸਾ ਪ੍ਰੇਮੀਆਂ ਨੇ ਪੋਸਟਰ ਲਗਾ ਕੇ ਸਿੱਖਾਂ ਨੂੰ ਵੰਗਾਰਿਆ ਕਿ ਤੁਹਾਡਾ ਗੁਰੂ ਸਾਡੇ ਕੋਲ ਹੈ ਜੇਕਰ ਬਚਾ ਸਕਦੇ ਹੋ ਤਾਂ ਬਚਾ ਲਵੋ। ਫਿਰ ਉਹਨਾਂ ਨੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਅੰਗ ਪਾੜ ਕੇ ਬਰਗਾੜੀ, ਕੋਟਕਪੂਰਾ ਬੇਅਦਬੀਆਂ ਕੀਤੀਆਂ।ਸ ਪ੍ਰਕਾਸ਼ ਸਿੰਘ ਬਾਦਲ ਮੁੱਖ ਮੰਤਰੀ ਅਤੇ ਗ੍ਰਹਿ ਮੰਤਰੀ ਸ ਸੁਖਬੀਰ ਸਿੰਘ ਬਾਦਲ ਨੇ ਦੋਸ਼ੀਆਂ ਨੂੰ ਫੜਨ ਦੀ ਬਜਾਏ ਇਨਸਾਫ ਮੰਗ ਰਹੀਆਂ ਅਤੇ ਸਤਿਨਾਮ ਵਾਹਿਗੁਰੂ ਦਾ ਜਾਪ ਕਰ ਰਹੀਆਂ ਸਿੱਖ ਸੰਗਤਾਂ ਉੱਤੇ ਗੋਲੀ ਚਲਾ ਕੇ ਕਈਆਂ ਨੂੰ ਜਖਮੀ ਅਤੇ ਦੋ ਸਿੰਘਾਂ ਨੂੰ ਸ਼ਹੀਦ ਕਰ ਦਿੱਤਾ ਅਤੇ ਬੇਅਦਬੀ ਲਈ ਉਲਟਾ ਸਿੱਖਾਂ ਨੂੰ ਹੀ ਦੋਸ਼ੀ ਗਰਦਾਨ ਦਿੱਤਾ।

ਸ ਪ੍ਰਕਾਸ਼ ਸਿੰਘ ਬਾਦਲ ਮੁੱਖ ਮੰਤਰੀ ਸ ਸੁਖਬੀਰ ਸਿੰਘ ਬਾਦਲ ਗ੍ਰਹਿ ਮੰਤਰੀ ਨੇ ਆਪਣੀ ਸਰਕਾਰ ਸਮੇਂ ਪੰਜ ਸਿੰਘ ਸਾਹਿਬਾਨਾਂ ਨੂੰ ਮੁੱਖ ਮੰਤਰੀ ਨਿਵਾਸ ਤੇ ਸੱਦਕੇ ਬਲਾਤਕਾਰੀ ਡੇਰਾ ਸਿਰਸਾ ਮੁਖੀ ਗੁਰਮੀਤ ਰਾਮ ਰਹੀਮ ਨੂੰ ਮਾਫ਼ ਕਰਨ ਦੇ ਹੁਕਮ ਚਾੜ੍ਹੇ। ਪੰਜ ਸਿੰਘ ਸਾਹਿਬਾਨਾਂ ਕੋਲੋਂ ਬਿਨਾਂ ਮੰਗਿਆਂ ਰਾਮ ਰਹੀਮ ਨੂੰ ਮੁਆਫ਼ੀ ਦੁਆਈਂ । ਇਸ ਸਾਰੀ ਕਹਾਣੀ ਨੂੰ ਉਸ ਸਮੇਂ ਸਿੰਘ ਸਾਹਿਬ ਗਿਆਨੀ ਗੁਰਮੁਖ ਸਿੰਘ ਜੀ ਨੇ ਪ੍ਰੈਸ ਵਿੱਚ ਬੇਨਕਾਬ ਕਰ ਦਿੱਤਾ ਸੀ ਜਿਸ ਦੀਆਂ ਵੀਡੀਓਜ਼ ਅਤੇ ਅਖਬਾਰਾਂ ਦੀਆਂ ਕਾਟਿੰਗਾ ਅੱਜ ਵੀ ਮੌਜੂਦ ਹਨ। ਇਸ ਤੋਂ ਵੱਡੀ ਮੌਕੇ ਦੀ ਗਵਾਹੀ ਹੋਰ ਕੀ ਹੋ ਸਕਦੀ ਹੈ । ਰਾਮ ਰਹੀਮ ਦੀ ਫਿਲਮ ਸਾਰੇ ਪੰਜਾਬ ਵਿੱਚ ਚਲਵਾਈ, ਉਸ ਦੇ ਪ੍ਰੋਗਰਾਮ ਕਰਵਾਏ ਅਤੇ ਪੰਥ ਪ੍ਰਸਤ ਗੁਰਸਿੱਖਾਂ ਤੇ ਜ਼ੁਲਮ ਕੀਤਾ। ਜਦੋਂ ਡੇਰਾ ਸਿਰਸਾ ਮੁਖੀ ਨੂੰ ਸ੍ਰੀ ਅਕਾਲ ਤਖਤ ਸਾਹਿਬ ਤੋਂ ਪੰਥ ਵਿੱਚੋਂ ਛੇਕਿਆ ਹੋਇਆ ਸੀ ਤਾਂ ਸੁਖਬੀਰ ਸਿੰਘ ਬਾਦਲ ਉਸ ਨਾਲ ਮਿਲ ਕੇ ਮੀਟਿੰਗਾਂ ਕਰਦਾ ਰਿਹਾ ਜੋ ਹੁਣ ਬੇਨਕਾਬ ਹੋ ਚੁੱਕੀਆਂ ਹਨ।

ਸ ਸੁਖਬੀਰ ਸਿੰਘ ਬਾਦਲ ਨੇ ਸ੍ਰੀ ਅਕਾਲ ਤਖਤ ਸਾਹਿਬ ਅਤੇ ਜਥੇਦਾਰਾਂ ਦੀ ਸ਼ਾਨ ਨੂੰ ਰੋਲਿਆ ਹੈ, ਸ਼੍ਰੋਮਣੀ ਅਕਾਲੀ ਦਲ ਅਤੇ ਸ਼੍ਰੋਮਣੀ ਕਮੇਟੀ ਦੇ ਵੱਕਾਰ ਨੂੰ ਵੀ ਭਾਰੀ ਸੱਟ ਮਾਰੀ ਹੈ। ਇਹਨਾਂ ਨੇ ਪੰਥਕ ਸਿਧਾਂਤਾਂ ਦਾ ਰੱਜ ਕੇ ਘਾਣ ਕੀਤਾ ਹੈ। ਸੁਖਬੀਰ ਸਿੰਘ ਬਾਦਲ ਨੇ ਗਲਤੀਆਂ ਨਹੀਂ ਬਾਲ ਕੇ ਬੱਜਰ ਪਾਪ ਅਤੇ ਗੁਨਾਹ ਕੀਤੇ ਹਨ ਜੋ ਬਖਸ਼ਣਯੋਗ ਨਹੀਂ ਹਨ।

ਸਿੰਘ ਸਾਹਿਬ ਜੀ ਅਸੀਂ ਦਿੱਲੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਆਪ ਜੀ ਨੂੰ ਅਪੀਲ ਕਰਦੇ ਹਾਂ ਕਿ ਸ੍ਰੀ ਅਕਾਲ ਤਖਤ ਸਾਹਿਬ ਜੀ ਦੀ ਮਰਯਾਦਾ, ਸਿਧਾਂਤਾਂ ਤੇ ਪ੍ਰੰਪਰਾਵਾਂ ਨੂੰ ਮੁੱਖ ਰੱਖਦਿਆਂ ਅਤੇ ਸਿੱਖ ਸੰਗਤਾਂ ਦੀਆਂ ਭਾਵਨਾਵਾਂ ਦੀ ਤਰਜ਼ਮਾਨੀ ਕਰਦਿਆਂ ਸੁਖਬੀਰ ਸਿੰਘ ਬਾਦਲ ਨੂੰ ਖ਼ਾਲਸਾ ਪੰਥ ਵਿੱਚੋਂ ਤੁਰੰਤ ਛੇਕਿਆ ਜਾਵੇ ਅਤੇ ਸ ਪ੍ਰਕਾਸ਼ ਸਿੰਘ ਬਾਦਲ ਕੋਲੋਂ ਫ਼ਕਰੇ- ਏ - ਕੌਮ ਅਵਾਰਡ ਵਾਪਸ ਲਿਆ ਜਾਵੇ। ਆਪ ਜੀ ਦੇ ਧੰਨਵਾਦੀ ਹੋਵਾਂਗਾ।

**ਦਾਸ - ਮਨਜੀਤ ਸਿੰਘ ਭੋਮਾ**
**(ਚੇਅਰਮੈਨ ਧਰਮ ਪ੍ਰਚਾਰ ਕਮੇਟੀ ਪੰਜਾਬ,**
**ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ)**

# ਸਰਕਾਰ ਤੁਹਾਡੇ ਦੁਆਰ ਮੁਹਿੰਮ ਤਹਿਤ ਪਿੰਡ ਘਨੌਰੀ ਕਲਾਂ ਵਿਖੇ ਕੈਂਪ ਲਾਇਆ



ਧੂਰੀ ( ਰਣਜੀਤ ਸਿੰਘ ਪੇਧਨੀ ) ਪੰਜਾਬ ਦੇ ਮੁੱਖ ਮੰਤਰੀ ਸ ਭਗਵੰਤ ਸਿੰਘ ਮਾਨ ਸਰਕਾਰ ਦੀ ਅਗਵਾਈ ਹੇਠ ਸਰਕਾਰ ਤੁਹਾਡੇ ਦੁਆਰ ਮੁਹਿੰਮ ਤਹਿਤ ਅੱਜ ਪਿੰਡ ਘਨੌਰੀ ਕਲਾਂ ਵਿਖੇ ਕੈਂਪ ਲਾਇਆ ਗਿਆ, ਉਸ ਕੈਂਪ ਵਿੱਚ ਪੰਜਾਬ ਸਰਕਾਰ ਦੇ ਸਾਰੇ ਮਹਿਕਮਿਆਂ ਦੇ ਅਫਸਰ ਸਾਹਿਬਾਨ ਅਤੇ ਮੁਲਾਜ਼ਮ ਹਾਜ਼ਰ ਹੋਏ ਇਸ ਕੈਂਪ ਵਿੱਚ ਲੋਕਾਂ ਦੀਆਂ ਸਮੱਸਿਆਂਵਾਂ ਸੁਣੀਆਂ ਗਈਆ ਅਤੇ ਉਨ੍ਹਾਂ ਦਾ ਮੌਕੇ ਤੇ ਹੱਲ ਕੀਤਾ ਗਿਆ।ਇਸ ਮੌਕੇ ਬਲਾਕ ਪ੍ਰਧਾਨ ਸ੍ਰ ਸੁਰਜੀਤ ਸਿੰਘ ਰਾਜੋਮਾਜਰਾ, ਸਾਬਕਾ ਬਲਾਕ ਸੰਮਤੀ ਮੈਂਬਰ ਸ੍ਰ ਗੁਰਮੇਲ ਸਿੰਘ ਚਹਿਲ ਪ੍ਰਧਾਨ ਆਮ ਆਦਮੀ ਪਾਰਟੀ ਇਕਾਈ ਘਨੌਰੀ ਕਲਾਂ, ਮਾਸਟਰ ਕੁਲਵੰਤ ਸਿੰਘ ਘਨੌਰੀ, ਚਰਨਜੀਤ ਸਿੰਘ ਕਾਲੋਂ, ਪੰਚ ਕਰਮਜੀਤ ਸਿੰਘ, ਸਰਪੰਚ ਜਗਰਾਜ ਸਿੰਘ ਧਾਲੀਵਾਲ, ਨੱਥਾ ਸਿੰਘ ਚਹਿਲ, ਸਾਬਕਾ ਪੰਚ ਪ੍ਰਗਟ ਸਿੰਘ ਅਤੇ ਮਿੱਠਾ ਸਿੰਘ ਨੰਬਰਦਾਰ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

29 ਅਗਸਤ ਕੌਮੀ ਖੇਡ ਦਿਵਸ 'ਤੇ ਵਿਸ਼ੇਸ

# ਕੌਮੀ ਖੇਡ ਦਿਵਸ ਮੌਕੇ ਮਿਲਣ ਵਾਲੇ ਖੇਡ ਐਵਾਰਡ : ਮੱਟੂ

**ਚੌਕ ਮਹਿਤਾ, 28 ਅਗਸਤ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਪਿਛਲੇ ਦੋ ਦਹਾਕਿਆਂ ਤੋਂ ਕਈ ਕੌਮੀਂ ਅਤੇ ਰਾਜ-ਪੱਧਰੀ ਐਥਲੀਟ ਪੈਦਾ ਕਰਕੇ ਖੇਡ ਖੇਤਰ ਵਿੱਚ ਆਪਣੀ ਵਿਲੱਖਣ ਪਛਾਣ ਬਣਾ ਕੇ ਭਾਰਤ ਦੇ ਖੇਡ ਨਕਸ਼ੇ ਉੱਪਰ ਆਪਣਾ ਨਾਂਅ ਰੋਸ਼ਨ ਕਰਨ ਵਾਲੀ ਪੰਜਾਬ ਦੀ ਪ੍ਰਸਿੱਧ ਖੇਡ ਸੰਸਥਾ ਸਰਹੱਦ-ਏ-ਪੰਜਾਬ ਸਪੋਰਟਸ ਕਲੱਬ (ਰਜਿ) ਅੰਮ੍ਰਿਤਸਰ ਦੇ ਪ੍ਰਧਾਨ ਗੁਰਿੰਦਰ ਸਿੰਘ ਮੱਟੂ ਨੇ ਵਧੇਰੇ ਜਾਣਕਾਰੀ ਦਿੰਦਿਆਂ ਕਿਹਾ ਕੇ ਕੌਮੀ ਖੇਡ ਦਿਵਸ, 29 ਅਗਸਤ ਨੂੰ ਹਾਕੀ ਦੇ ਜਾਦੂਗਰ ਮੇਜਰ ਧਿਆਨ ਚੰਦ ਦੇ ਜਨਮ ਦਿਵਸ 'ਤੇ ਮਨਾਇਆ ਜਾਂਦਾ ਹੈ । ਕੌਮੀ ਤੇ ਕੌਮਾਂਤਰੀ ਪੱਧਰ 'ਤੇ ਪ੍ਰਾਪਤੀਆਂ ਹਾਸਲ ਕਰਨ ਵਾਲੇ ਖਿਡਾਰੀਆਂ ਨੂੰ ਇਹ ਐਵਾਰਡ ਕੌਮੀ ਖੇਡ ਦਿਵਸ ਮੌਕੇ ਦਿੱਤੇ ਜਾਂਦੇ ਹਨ ।



***ਭਾਰਤ ਰਤਨ ਐਵਾਰਡ***: ਭਾਰਤ ਸਰਕਾਰ ਵੱਲੋਂ ਖਿਡਾਰੀਆਂ ਨੂੰ ਦਿੱਤਾ ਜਾਂਦਾ ਇਹ ਸਰਵਉੱਚ ਐਵਾਰਡ ਹੈ । ਭਾਰਤ ਦੇ ਰਾਸ਼ਟਰਪਤੀ ਵੱਲੋਂ ਭਾਰਤ ਰਤਨ ਐਵਾਰਡ 2 ਜਨਵਰੀ 1954 ਨੂੰ ਸ਼ੁਰੂ ਕੀਤਾ ਗਿਆ । ਇਹ ਐਵਾਰਡ ਮਰਨ ਉਪਰੰਤ ਵੀ ਦਿੱਤਾ ਜਾਂਦਾ ਹੈ । ਪਿੱਪਲ ਦੇ ਪੱਤੇ ਦੇ ਅਕਾਰ ਵਿੱਚ ਬਣੇ ਇਸ ਮੈਡਲ ਦਾ ਅਕਾਰ 1.30 ਡਾਇਆ ਮੀਟਰ ਗੋਲੇ ਵਿੱਚ ਸੋਨੇ ਦਾ ਬਣਿਆ ਹੁੰਦਾ ਹੈ । ਇਸ ਉਪਰ ਸੂਰਜ ਚੜਦਾ ਦਿਖਾਈ ਦਿੰਦਾ ਹੈ । ਸੂਰਜ ਦੇ ਹੇਠਾਂ ਹਿੰਦੀ ਭਾਸ਼ਾ 'ਚ ਭਾਰਤ ਰਤਨ ਲਿਖਿਆ ਹੁੰਦਾ ਹੈ ।

***ਦਰੋਣਾਚਾਰੀਆ ਐਵਾਰਡ*** ਇਹ ਐਵਾਰਡ ਖਿਡਾਰੀਆਂ ਦੇ ਕੋਚਾਂ ਤੇ ਗੁਰੂਆਂ ਨੂੰ ਦਿੱਤਾ ਜਾਂਦਾ ਹੈ । ਸੰਨ 1985 ਵਿੱਚ ਇਸ ਐਵਾਰਡ ਦੀ ਸ਼ੁਰੂਆਤ ਹੋਈ । ਇਹ ਇਕ ਬੁੱਤ ਦੇ ਰੂਪ ਵਿੱਚ ਹੁੰਦਾ ਹੈ , ਇਕ ਸਰਟੀਫਿਕੇਟ ਅਤੇ ਪੰਜ ਲੱਖ ਰੁਪਏ ਦੀ ਰਾਸ਼ੀ ਹੁੰਦੀ ਹੈ । ਇਹ ਇਨਾਮ ਹਜ਼ਾਰਾਂ ਸਾਲਾਂ ਤੋਂ ਗੁਰੂਆਂ ਨੂੰ ਰਾਜਿਆਂ ਮਹਾਰਾਜਿਆਂ ਵੱਲੋਂ ਦਿੱਤਾ ਜਾਂਦਾ ਹੈ ।

***ਰਾਜੀਵ ਗਾਂਧੀ ਖੇਡ ਰਤਨ ਐਵਾਰਡ*** ਇਹ ਐਵਾਰਡ ਵੀ ਮੈਡਲ ਦੀ ਸ਼ਕਲ ਦਾ ਗੋਲ ਹੁੰਦਾ ਹੈ ਅਤੇ 1991-92 ਤੋਂ ਕੌਮਾਂਤਰੀ ਪੱਧਰ 'ਤੇ ਸਰਬਉੱਚ ਪ੍ਰਦਰਸ਼ਨ ਕਰਨ ਵਾਲੇ ਖਿਡਾਰੀਆਂ ਨੂੰ ਦੇਣਾ ਸ਼ੁਰੂ ਕੀਤਾ ਗਿਆ । ਅੱਜ ਤੱਕ 1991 2009 ਤੱਕ 18 ਖਿਡਾਰੀ ਇਸ ਐਵਾਰਡ ਨੂੰ ਪ੍ਰਾਪਤ ਕਰ ਚੁੱਕੇ ਹਨ । ਇਸ ਐਵਾਰਡ ਨੂੰ ਪ੍ਰਾਪਤ ਕਰਨ ਵਾਲੇ ਨੂੰ ਇਕ ਬਲੈਜ਼ਰ ਸਕਾਰਫ ਅਤੇ ਇਨਾਮ ਰਾਸ਼ੀ 1.5 ਲੱਖ ਹੈ । ਇਸ ਐਵਾਰਡ ਨੂੰ ਰਾਜ ਸਰਕਾਰ ਤਜਵੀਜ਼ ਕਰਦੀ ਹੈ ।

***ਅਰਜੁਨਾ ਐਵਾਰਡ*** ਇਹ ਐਵਾਰਡ ਇਕ ਟਰਾਫੀ ਦੀ ਸ਼ਕਲ ਵਿੱਚ ਹੁੰਦਾ ਹੈ । 1961 ਨੂੰ ਸ਼ੁਰੂ ਹੋਏ ਇਸ ਐਵਾਰਡ ਨੂੰ ਪ੍ਰਾਪਤ ਕਰਨ ਲਈ ਅੰਮ੍ਰਿਤਸਰ ਦੇ ਜੰਮਪਲ ਅੰਤਰਰਾਸ਼ਟਰੀ ਐਥਲੀਟ ਗੁਰਬਚਨ ਸਿੰਘ ਰੰਧਾਵਾ ਨੇ ਪਹਿਲੀ ਵਾਰ ਭਾਰਤ ਦੇ ਰਾਸ਼ਟਰਪਤੀ ਕੋਲੋਂ ਪ੍ਰਾਪਤ ਕੀਤਾ । ਟਰਾਫੀ ਨਾਲ ਇਕ ਸਰਟੀਫਿਕੇਟ ਵੀ ਮਿਲਦਾ ਹੈ । ਪੰਜ ਲੱਖ ਰੁਪਏ ਦੀ ਰਾਸ਼ੀ ਵਾਲਾ ਇਹ ਐਵਾਰਡ ਭਾਰਤ ਦੇ ਰਾਸ਼ਟਰਪਤੀ ਵੱਲੋਂ 29 ਅਗਸਤ ਨੂੰ ਰਾਸ਼ਟਰੀ ਖੇਡ ਦਿਵਸ ਮੌਕੇ ਰਾਸ਼ਟਰਪਤੀ ਭਵਨ ਵਿਖੇ ਦਿੱਤਾ ਜਾਂਦਾ ਹੈ ।

***ਪਦਮਸ਼੍ਰੀ ਐਵਾਰਡ*** ਇਹ ਐਵਾਰਡ ਦੀ 2 ਜਨਵਰੀ , 1954 ਨੂੰ ਰਾਸ਼ਟਰਪਤੀ ਵੱਲੋਂ ਸ਼ੁਰੂ ਕੀਤਾ ਗਿਆ । ਇਹ ਮੈਡਲ ਦੀ ਸ਼ਕਲ ਦਾ ਹੁੰਦਾ ਹੈ ਅਤੇ ਇਕ ਇੰਚ ਦਾ ਅੱਠਵਾਂ ਹਿੱਸਾ ਮੋਟਾ ਹੁੰਦਾ ਹੈ । ਇਕ ਪਾਸੇ ਐਵਾਰਡ ਪ੍ਰਾਪਤ ਕਰਨ ਵਾਲੇ ਦਾ ਨਾਂ ਅਤੇ ' ਪਦਮਸ੍ਰੀ ਲਿਖਿਆ ਹੁੰਦਾ ਹੈ । ਇਹ ਕਾਂਸੇ ਦਾ ਬਣਿਆ ਹੁੰਦਾ ਹੈ । ਕੁਝ ਹਿੱਸਾ ਸਟੀਲ ਦਾ ਬਣਿਆ ਹੁੰਦਾ ਹੈ ਅਤੇ ਉਪਰ ਚਾਂਦੀ ਦਾ ਪਾਣੀ ਚੜਿਆ ਹੁੰਦਾ ਹੈ । ਦੂਜੇ ਪਾਸੇ ਐਵਾਰਡ ਪ੍ਰਾਪਤ ਕਰਨ ਵਾਲੇ ਦੇ ਰਾਜ ਦਾ ਨਾਂ ਚਾਂਦੀ ਵਿੱਚ ਲਿਖਿਆ ਹੁੰਦਾ ਹੈ।ਇਹ ਐਵਾਰਡ ਪ੍ਰਾਪਤ ਕਰਨ ਵਾਲੇ ਮਰਦਾਂ ਦੀ ਛਾਤੀ ਦੇ ਖੱਬੇ ਪਾਸੇ ਅਤੇ ਔਰਤਾਂ ਦੇ ਖੱਬੇ ਮੋਢੇ ਉੱਪਰ ਲਗਾਇਆ ਜਾਂਦਾ ਹੈ । ਇਸ ਦੇ ਸਾਰੇ ਹੱਕ ਰਾਸ਼ਟਰਪਤੀ ਕੋਲ ਹੁੰਦੇ ਹਨ ।

***ਪਦਮ ਭੂਸ਼ਨ ਐਵਾਰਡ***: ਇਹ ਐਵਾਰਡ ਰਾਸ਼ਟਰਪਤੀ ਵੱਲੋਂ 2 ਜਨਵਰੀ , 1954 ਨੂੰ ਸ਼ੁਰੂ ਕੀਤਾ ਗਿਆ । ਇਹ 1.34 ਡਾਇਆਮੀਟਰ ਗੋਲ ਅਤੇ ਇਕ ਇੰਚ ਦਾ ਅੱਠਵਾਂ ਹਿੱਸਾ ਮੋਟਾ ਹੁੰਦਾ ਹੈ । ਇਸ ਦੇ ਇਕ ਪਾਸੇ ਕੰਵਲ ਦਾ ਫੁੱਲ ਬਣਿਆ ਹੁੰਦਾ ਹੈ ਅਤੇ ਪ੍ਰਾਪਤ ਕਰਨ ਵਾਲੇ ਦਾ ਨਾਂ ਲਿਖਿਆ ਹੁੰਦਾ ਹੈ । ਦੂਜੇ ਪਾਸੇ ਪ੍ਰਾਪਤ ਕਰਨਵਾਲੇ ਦੇ ਰਾਜ ਦਾ ਨਾਂ ਲਿਖਿਆ ਹੁੰਦਾ ਹੈ । ਇਹ ਐਵਾਰਡ ਸਰਕਾਰੀ ਅਤੇ ਗੈਰ - ਸਰਕਾਰੀ ਅਧਿਕਾਰੀਆਂ ਨੂੰ ਮਿਲ ਸਕਦਾ ਹੈ । ਸਾਲ 1954 ਤੋਂ 200 ਤੱਕ ਇਸ ਐਵਾਰਡ ਨੂੰ 785 ਦੇ ਕਰੀਬ ਸਰਕਾਰੀ ਅਤੇ ਗੈਰ - ਸਰਕਾਰੀ ਅਧਿਕਾਰੀ ਪ੍ਰਾਪਤ ਕਰ ਚੁੱਕੇ ਹਨ ।

***ਮੌਲਾਨਾ ਅਬੁਲ ਕਲਾਮ ਆਜ਼ਾਦ ਟਰਾਫੀ*** ਇਹ ਟਰਾਫੀ 1956-57 ਵਿੱਚ ਰਾਸ਼ਟਰਪਤੀ ਵੱਲੋਂ ਭਾਰਤ ਦੇ ਪਹਿਲੇ ਸਿੱਖਿਆ ਮੰਤਰੀ ਮੌਲਾਨਾ ਅਬੁਲ ਕਲਾਮ ਆਜ਼ਾਦ ਦੇ ਨਾਂ 'ਤੇ ਸ਼ੁਰੂ ਕੀਤੀ ਗਈ ਅਤੇ ਇਹ ਸਿਰਫ ਭਾਰਤ ਦੀ ਉਸ ਯੂਨੀਵਰਸਿਟੀ ਨੂੰ ਦਿੱਤੀ ਜਾਂਦੀ ਹੈ , ਜਿਸ ਨੇ ਖੇਡਾਂ ਦੇ ਖੇਤਰ ਵਿੱਚ ਬਹੁਤ ਵੱਡੀ ਪ੍ਰਾਪਤੀ ਕੀਤੀ ਹੋਵੇ । ਇਹ ਟਰਾਫੀ ਸਭ ਤੋਂ ਲੰਮਾ ਸਮਾਂ 20 ਵਾਰੀ ਗੁਰੂ ਨਾਨਕ ਦੇਵ ਯੂਨੀਵਰਸਿਟੀ ਅੰਮ੍ਰਿਤਸਰ ਕੋਲ ਰਹੀ ਹੈ । ਇਹ ਇਕ ਰਾਸ਼ਟਰੀ ਰਿਕਾਰਡ ਹੈ । 29 ਅਗਸਤ ਨੂੰ ਰਾਸ਼ਟਰੀ ਖੇਡ ਦਿਵਸ ਮੌਕੇ ਜੇਤੂ ਯੂਨੀਵਰਸਿਟੀ ਦੇ ਉਪ - ਕੁਲਪਤੀ ਅਤੇ ਖੇਡ ਮੁਖੀ ਅਸ਼ੋਕਾ ਹਾਲ ਵਿਖੇ ਰਾਸ਼ਟਰਪਤੀ ਕੋਲੋਂ ਇਹ ਟਰਾਫੀ ਅਤੇ ਦਸ ਲੱਖ ਰੁਪਏ ਨਕਦ ਇਨਾਮ ਪ੍ਰਾਪਤ ਕਰਦੇ ਹਨ ।

***ਮੇਜਰ ਧਿਆਨ ਚੰਦ ਐਵਾਰਡ*** ਇਹ ਐਵਾਰਡ ਇਕ ਟਰਾਫੀ ਦੀ ਸ਼ਕਲ ਵਿੱਚ ਹੁੰਦਾ ਹੈ । ਇਹ ਐਵਾਰਡ ਹਾਕੀ ਦੇ ਜਾਦੂਗਰ ਮੇਜਰ ਧਿਆਨ ਚੰਦ ਦੇ ਨਾਂ 'ਤੇ ਉਨ੍ਹਾਂ ਦੀ ਯਾਦ ਨੂੰ ਸਮਰਪਿਤ ਕੀਤਾ ਗਿਆ । ਇਸ ਐਵਾਰਡ ਦੀ ਸ਼ੁਰੂਆਤ ਰਾਸ਼ਟਰਪਤੀ ਵੱਲੋਂ 2002 'ਚ ਕੀਤੀ ਗਈ । 29 ਅਗਸਤ , 1905 ਨੂੰ ਜਨਮੇ ਧਿਆਨ ਚੰਦ ਨੇ ਰਾਸ਼ਟਰੀ ਖੇਡ ਹਾਕੀ ਵਿੱਚ ਆਪਣੀ ਕਲਾ ਅਤੇ ਖੇਡ ਹੁਨਰ ਸਦਕਾ ਹਿਟਲਰ ਵਰਗੇ ਤਾਨਾਸ਼ਾਹ ਨੂੰ ਝੁਕਾ ਦਿੱਤਾ ਸੀ । ਇਸ ਨੂੰ ਪ੍ਰਾਪਤ ਕਰਨ ਵਾਲੇ ਨੂੰ ਪੰਜ ਲੱਖ ਰੁਪਏ ਨਕਦ ਇਨਾਮ ਦਿੱਤਾ ਜਾਂਦਾ ਹੈ।

# ਗੁਰੂ ਗ੍ਰੰਥ ਸਾਹਿਬ ਦੀ ਸੰਪੂਰਨਤਾ ਦਾ ਸਥਾਨ : ਸ੍ਰੀ ਦਮਦਮਾ ਸਾਹਿਬ





**ਦਮਦਮਾ ਸਾਹਿਬ**, ਜੋ ਕਿ ਇਤਿਹਾਸਕ ਕਸਬੇ ਤਲਵੰਡੀ ਸਾਬੋ ਦਾ ਹੀ ਦੂਜਾ ਨਾਂ ਹੈ, ਅਧਿਆਤਮਕ, ਧਾਰਮਿਕ, ਰਾਜਨੀਤਕ ਅਤੇ ਸਮਾਜਿਕ ਮਹੱਤਤਾ ਦਾ ਧਾਰਨੀ ਹੈ। ਇਸ ਨੂੰ 'ਗੁਰੂ ਕੀ ਕਾਸ਼ੀ' ਵਜੋਂ ਵੀ ਜਾਣਿਆ ਜਾਂਦਾ ਹੈ। ਸਿੱਖ ਪੰਥ ਦੇ ਚੌਥੇ ਤਖ਼ਤ ਵਜੋਂ ਮਾਨਤਾ ਪ੍ਰਾਪਤ ਇਸ ਧਰਮੱਗ ਧਰਤੀ ਤੇ ਗੁਰੂ ਨਾਨਕ ਦੇਵ ਜੀ, ਗੁਰੂ ਤੇਗ ਬਹਾਦਰ ਜੀ ਅਤੇ ਗੁਰੂ ਗੋਬਿੰਦ ਸਿੰਘ ਜੀ ਨੇ ਆਪਣੇ ਚਰਨ ਪਾਏ। 'ਗੁਰ ਬਿਲਾਸ ਪਾਤਸ਼ਾਹੀ ਛੇਵੀਂ' ਵਿੱਚ ਅੰਕਿਤ ਹੈ ਕਿ ਇੱਕ ਵਾਰ ਸੰਗਤਾਂ ਨੇ ਗੁਰੂ ਹਰਿਗੋਬਿੰਦ ਸਾਹਿਬ ਨੂੰ ਬੇਨਤੀ ਕੀਤੀ, "ਹਜ਼ੂਰ, ਆਪਨੇ ਪਹਿਲੇ ਸਤਿਗੁਰਾਂ ਵਾਂਗ ਗੁਰਬਾਣੀ ਦਾ ਉਚਾਰਨ ਕਿਉਂ ਨਹੀਂ ਕੀਤਾ?" ਤਾਂ ਗੁਰੂਦੇਵ ਨੇ ਅੰਤਰ- ਧਿਆਨ ਹੋ ਕੇ ਫ਼ਰਮਾਇਆ, "ਅਸੀਂ ਦਸਵੇਂ ਜਾਮੇ ਵਿੱਚ ਤਲਵੰਡੀ ਸਾਬੋ ਵਿਖੇ ਸ੍ਰੀ ਦਮਦਮਾ ਸਾਹਿਬ ਪ੍ਰਗਟ ਕਰਕੇ 'ਗੁਰੂ ਕੀ ਕਾਸ਼ੀ' ਦੀ ਸਥਾਪਨਾ ਕਰਾਂਗੇ ਅਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਪ੍ਰਮਾਣਿਕ ਬੀੜ ਲਿਖਾਂਗੇ:

**ਸੁਣ ਕੇ ਹਮ ਤਾਹਿ ਕੇ ਬੈਨਨ ਕੋ, ਦਮਦਮਾ ਸੁ ਮਾਲਵੇ ਬੀਚ ਸੁਧਾਰੋ।**
**ਢਿਗ ਤਾਹਿ ਤਲਵੰਡੀ ਕੇ ਕਾਸ਼ੀ ਰਚੋਂ ਜਹਿ ਬੈਲ ਪਢੇ ਹੋਏ ਬੁਧ ਉਦਾਰੋ।**
**ਗ੍ਰੰਥ ਉਚਾਰ ਕਰੋਂ ਤਹਾਂ ਬੈਠ ਕੇ, ਬੀੜ ਸੋਊ ਜਗ ਮਾਹਿ ਬਿਥਾਰੋ।**
**ਅਖਰ ਏਕ ਕਾ ਭੇਦ ਧਰੋ ਨਹਿ, ਮਮ ਦਾਸ ਗੁਰੂ ਸਮਰਥ ਬਿਚਾਰੋ।**

ਜਗਤ-ਗੁਰੂ ਬਾਬਾ ਨਾਨਕ ਪਹਿਲੀ ਉਦਾਸੀ ਸਮੇਂ 1515 ਈ. ਵਿਚ ਸਿਰਸੇ ਤੋਂ ਸੁਲਤਾਨਪੁਰ ਜਾਂਦੇ ਹੋਏ ਇਥੇ ਬਿਰਾਜੇ ਸਨ; 159 ਸਾਲ ਪਿੱਛੋਂ 1674 ਈ. ਵਿੱਚ ਗੁਰੂ ਤੇਗ ਬਹਾਦਰ ਜੀ ਨੇ ਇੱਥੇ ਗੁਰੂਸਰ ਸਰੋਵਰ ਦਾ ਟੱਕ ਲਾਇਆ ਅਤੇ ਪੰਜ ਦੁਸ਼ਾਲੇ ਮਿੱਟੀ ਦੇ ਭਰ ਕੇ ਕੱਢੇ; 31 ਸਾਲਾਂ ਬਾਅਦ ਗੁਰੂ ਗੋਬਿੰਦ ਸਿੰਘ ਜੀ ਨੇ 1705 ਈ. ਵਿੱਚ ਜੰਗਾਂ- ਯੁੱਧਾਂ ਪਿੱਛੋਂ ਇਸ ਅਸਥਾਨ ਤੇ ਇੱਕ ਉੱਚੀ ਥੇੜੀ ਤੇ ਆ ਕੇ ਦਮ ਲਿਆ ਅਤੇ ਕਮਰ ਕੱਸਾ ਖੋਲ੍ਹਿਆ। ਇਸ ਅਸਥਾਨ ਤੋਂ ਸਿੱਖ ਸੰਗਤਾਂ ਦੇ ਨਾਂ ਹੁਕਮਨਾਮੇ ਜਾਰੀ ਕੀਤੇ ਅਤੇ 1706 ਈ. ਦੀ ਵਿਸਾਖੀ ਤੇ ਕਰੀਬ ਸਵਾ ਲੱਖ ਲੋਕਾਂ ਨੂੰ ਅੰਮ੍ਰਿਤ ਦੀ ਦਾਤ ਬਖਸ਼ਿਸ਼ ਕੀਤੀ। ਇਸ ਇਲਾਕੇ ਦਾ ਚੌਧਰੀ ਉਨ੍ਹੀਂ ਦਿਨੀਂ ਭਾਈ ਡੱਲਾ ਹੁੰਦਾ ਸੀ, ਜੋ ਦਸਮੇਸ਼ ਪਿਤਾ ਤੋਂ ਅੰਮ੍ਰਿਤ ਦੀ ਦਾਤ ਪ੍ਰਾਪਤ ਕਰਨ ਪਿੱਛੋਂ ਡਲ ਸਿੰਘ ਵਜੋਂ ਜਾਣਿਆ ਗਿਆ। ਇਹ ਨਗਰ ਫਿਲਹਾਲ ਰੇਲਵੇ ਨਾਲ ਨਹੀਂ ਜੁੜਿਆ ਅਤੇ ਬਠਿੰਡਾ- ਰਾਮਾ ਸੜਕ ਉੱਤੇ ਬਠਿੰਡਾ ਤੋਂ 28 ਕਿ.ਮੀ.ਅਤੇ ਰਾਮਾ ਤੋਂ 13 ਕਿ. ਮੀ. ਦੂਰੀ ਤੇ ਸਥਿਤ ਹੈ। ਇਸ ਪਵਿੱਤਰ ਸਰਜ਼ਮੀਨ ਉੱਤੇ ਗੁਰੂ ਗੋਬਿੰਦ ਸਿੰਘ ਜੀ ਨੇ ਕਰੀਬ ਸਵਾ ਸਾਲ ਬਿਸਰਾਮ ਕੀਤਾ ਅਤੇ 1706 ਈ. ਵਿੱਚ ਗੁਰੂ ਗ੍ਰੰਥ ਸਾਹਿਬ ਦੀ ਪ੍ਰਮਾਣਿਕ ਤੇ ਸੰਪੂਰਨ ਬੀੜ ਤਿਆਰ ਕਰਵਾਈ। ਇਸ ਬੀੜ ਨੂੰ ਗੁਰੂ ਸਾਹਿਬ ਨੇ ਆਪਣੀ ਅਧਿਆਤਮਕ ਸ਼ਕਤੀ ਦੁਆਰਾ ਭਾਈ ਮਨੀ ਸਿੰਘ ਦੇ ਹੱਥੋਂ ਲਿਖਵਾਇਆ, ਜਿਸ ਵਿੱਚ ਗੁਰੂ ਤੇਗ ਬਹਾਦਰ ਜੀ ਦੀ ਬਾਣੀ ਅਤੇ ਰਾਗ ਜੈਜਾਵੰਤੀ ਸ਼ਾਮਲ ਕਰਕੇ ਇਸ ਨੂੰ ਸੰਪੂਰਨਤਾ ਪ੍ਰਦਾਨ ਕੀਤੀ। ਇਸੇ ਬੀੜ ਨੂੰ 'ਦਮਦਮੀ ਬੀੜ' ਵਜੋਂ ਜਾਣਿਆ ਜਾਂਦਾ ਹੈ। 'ਪੰਥ ਪ੍ਰਕਾਸ਼' ਦੇ ਕਰਤਾ ਗਿਆਨੀ ਗਿਆਨ ਸਿੰਘ ਨੇ ਗੁਰੂ ਗ੍ਰੰਥ ਸਾਹਿਬ ਦੀ ਸੰਪੂਰਨਤਾ ਬਾਰੇ ਇਉਂ ਅੰਕਿਤ ਕੀਤਾ ਹੈ:

**ਅਬ ਦਰਬਾਰ ਦਮਦਮਾ ਜਹਾਂ। ਤੰਬੂ ਲਗਵਾ ਕੈ ਗੁਰ ਤਹਾਂ।**
**ਮਨੀ ਸਿੰਘ ਕੋ ਲਿਖਨ ਬਠੈ ਕੈ। ਗੁਰੂ ਨਾਨਕ ਕਾ ਧਿਆਨ ਧਰੈ ਕੈ**
**ਨਿਤਪ੍ਰਤਿ ਗੁਰੂ ਉਚਾਰੀ ਜੈਸੇ। ਬਾਣੀ ਲਿਖੀ ਮਨੀ ਸਿੰਘ ਤੈਸੇ।**
**ਬੀੜ ਆਦਿ ਗੁਰ ਗ੍ਰੰਥੈ ਜੇਹੀ। ਕਰੀ ਦਸਮ ਗੁਰ ਤਿਆਰ ਉਜੇਹੀ।**

'ਸਾਹਿਤਯਸ਼ਾਸਤਰੀ' (ਮਰਹੂਮ) ਗਿਆਨੀ ਬਲਵੰਤ ਸਿੰਘ ਕੋਠਾਗੁਰੂ (1933-2019) ਮੁਤਾਬਕ ਇਹ ਬੀੜ ਵੈਸਾਖੀ ਵਾਲੇ ਦਿਨ (1763 ਬਿਕਰਮੀ ਵਿੱਚ) ਲਿਖਣੀ ਆਰੰਭ ਕੀਤੀ ਅਤੇ ਭਾਦਰੋਂ ਵਦੀ ਤੀਜ ਨੂੰ ਸੰਪੂਰਨ ਹੋਈ। ਦਮਦਮੀ ਬੀੜ ਦੀ ਲਿਖਾਈ ਬਾਰੇ ਉਨ੍ਹਾਂ ਨੇ 1736 ਈ. ਵਿਚ ਲਿਖੀ 'ਦੌਰਾ ਸਾਖੀ' ਵਿੱਚੋਂ ਵੀ ਮਹੱਤਵਪੂਰਣ ਹਵਾਲੇ ਦਿੱਤੇ ਹਨ। ਇਸਦੀ ਪੁਸ਼ਟੀ ਗਿਆਨੀ ਗਿਆਨ ਸਿੰਘ ਨੇ ਇਨ੍ਹਾਂ ਪੰਕਤੀਆਂ ਵਿੱਚ ਕੀਤੀ ਹੈ:

**ਅਉਰ ਚਾਰ ਤਿਸ ਪ੍ਰਤੇ ਭਾਏ। ਦੀਪ ਸਿੰਘ ਸ਼ਹੀਦ ਲਿਖਾਏ।**
**ਇੱਕ ਅਕਾਲ ਬੁੰਗੇ ਇੱਕ ਪਟਨੇ। ਤਿਰਤੀ ਹਜ਼ੂਰ ਦਿਯੋ ਹਿੱਤ ਪਢਨੇ।**
**ਚਤਰਥ ਰਾਖਯੋ ਦਮਦਮੇ ਮਾਹਿ। ਬਢ ਬਾਬੇ ਯਹਿ ਚਾਰ ਕਹਾਇ।**

ਅਰਥਾਤ ਕਲਗੀਧਰ ਪਿਤਾ ਦੇ ਹੁਕਮ ਨਾਲ ਬਾਬਾ ਦੀਪ ਸਿੰਘ ਨੇ ਇਸ ਬੀੜ ਦੇ ਚਾਰ ਉਤਾਰੇ ਕੀਤੇ, ਜੋ ਕ੍ਰਮਵਾਰ ਅਕਾਲ ਤਖ਼ਤ ਅੰਮ੍ਰਿਤਸਰ, ਪਟਨਾ ਸਾਹਿਬ, ਹਜ਼ੂਰ ਸਾਹਿਬ ਅਤੇ ਦਮਦਮਾ ਸਾਹਿਬ ਵਿੱਚ ਰੱਖੇ ਗਏ। ਪਿੱਛੋਂ ਬਾਬਾ ਦੀਪ ਸਿੰਘ ਨੇ ਹਿੰਦੀ, ਮਰਾਠੀ, ਉਰਦੂ, ਫ਼ਾਰਸੀ ਤੇ ਅਰਬੀ ਵਿੱਚ ਵੀ ਇਸ ਦਾ ਅਨੁਵਾਦ ਕੀਤਾ।

ਦਮਦਮਾ ਸਾਹਿਬ ਵਿਖੇ ਗੁਰੂ ਗ੍ਰੰਥ ਸਾਹਿਬ ਦੇ ਲੇਖਨ ਬਾਰੇ ਇਤਿਹਾਸ ਵਿੱਚ ਜ਼ਿਕਰ ਆਉਂਦਾ ਹੈ ਕਿ ਅੰਮ੍ਰਿਤ ਵੇਲੇ ਇਸ ਦੀ ਲਿਖਾਈ ਹੁੰਦੀ ਸੀ ਅਤੇ ਸ਼ਾਮ ਨੂੰ ਲਿਖੀ ਬਾਣੀ ਦੀ ਕਥਾ ਕੀਤੀ ਜਾਂਦੀ ਸੀ। ਦਸਮੇਸ਼ ਪਿਤਾ ਖੁਦ ਕਥਾ ਕਰਿਆ ਕਰਦੇ ਸਨ। ਜਿਨ੍ਹਾਂ ਗੁਰਮੁਖਾਂ ਨੇ ਆਦਿ ਤੋਂ ਅੰਤ ਤੱਕ ਕਥਾ ਸ਼੍ਰਵਣ ਕੀਤੀ, ਉਨ੍ਹਾਂ ਨੂੰ ਬ੍ਰਹਮ- ਗਿਆਨੀ ਦੀ ਪਦਵੀ ਨਾਲ ਸਨਮਾਨਿਤ ਕੀਤਾ ਗਿਆ। ਇਨ੍ਹਾਂ ਬ੍ਰਹਮ ਗਿਆਨੀਆਂ ਵਿੱਚ 48 ਗੁਰਮੁਖ ਸਨ: ਭਾਈ ਮਨੀ ਸਿੰਘ ਸ਼ਹੀਦ, ਬਾਬਾ ਦੀਪ ਸਿੰਘ ਸ਼ਹੀਦ, ਬਾਬਾ ਰਾਮ ਸਿੰਘ ਕੁਇਰ, ਬਾਬਾ ਕਾਹਨ ਸਿੰਘ, ਬਾਬਾ ਬਿਨੋਦ ਸਿੰਘ, ਬਾਬਾ ਗੁਰਮੁਖ ਸਿੰਘ ਸ਼ਹੀਦ, ਬਾਬਾ ਦਾਨ ਸਿੰਘ, ਭਾਈ ਧਰਮ ਸਿੰਘ, ਭਾਈ ਪਰਮ ਸਿੰਘ, ਭਾਈ ਸ਼ਮੀਰ ਸਿੰਘ, ਭਾਈ ਨੰਦ ਲਾਲ, ਭਾਈ ਧੰਨਾ ਸਿੰਘ, ਭਾਈ ਦਇਆ ਸਿੰਘ, ਭਾਈ ਜੀਵਾ ਸਿੰਘ, ਭਾਈ ਪਿਆਰਾ ਸਿੰਘ, ਭਾਈ ਬੀਰ ਸਿੰਘ, ਭਾਈ ਧੀਰ ਸਿੰਘ, ਭਾਈ ਸੁੰਦਰ ਸਿੰਘ, ਭਾਈ ਅਮਰ ਸਿੰਘ, ਭਾਈ ਤਾਰਾ ਸਿੰਘ, ਭਾਈ ਜਗਜੀਵਨ ਸਿੰਘ, ਭਾਈ ਗੋਪਾਲ ਸਿੰਘ, ਭਾਈ ਗਿਆਨ ਸਿੰਘ, ਭਾਈ ਬਿਸੰਭਰ ਸਿੰਘ, ਭਾਈ ਹਰਗੋਪਾਲ ਸਿੰਘ, ਭਾਈ ਮਾਨ ਸਿੰਘ, ਭਾਈ ਰਾਏ ਸਿੰਘ, ਭਾਈ ਮੱਖਣ ਸਿੰਘ, ਭਾਈ ਮਦਨ ਸਿੰਘ, ਭਾਈ ਧਰਮ ਸਿੰਘ, ਭਾਈ ਸੁਜਾਨ ਸਿੰਘ, ਭਾਈ ਜੀਵਨ ਸਿੰਘ, ਭਾਈ ਅਕਾਲ ਸਿੰਘ, ਭਾਈ ਪ੍ਰਿਤਪਾਲ ਸਿੰਘ, ਭਾਈ ਦਿਆਲ ਸਿੰਘ, ਭਾਈ ਬਖਤਾਵਰ ਸਿੰਘ, ਭਾਈ ਦੇਵਾ ਸਿੰਘ, ਭਾਈ ਮੇਵਾ ਸਿੰਘ, ਭਾਈ ਗਿਆਨ ਸਿੰਘ, ਭਾਈ ਅਚਲ ਸਿੰਘ, ਰਾਜਾ ਜੈ ਸਿੰਘ, ਰਾਜਾ ਬਿਸ਼ਨ ਸਿੰਘ, ਭਾਈ ਭਾਗ ਸਿੰਘ, ਭਾਈ ਵਸਾਵਾ ਸਿੰਘ, ਭਾਈ ਘਣੀਆ ਸਿੰਘ, ਭਾਈ ਰਾਮ ਸਿੰਘ, ਭਾਈ ਤਰਲੋਕ ਸਿੰਘ ਅਤੇ ਭਾਈ ਮਲਾਗਰ ਸਿੰਘ। ਇਨ੍ਹਾਂ ਗੁਰਸਿੱਖਾਂ ਬਾਰੇ ਗਿਆਨੀ ਗੁਰਬਚਨ ਸਿੰਘ ਭਿੰਡਰਾਂ ਨੇ 'ਗੁਰਮੁਖ ਪ੍ਰਕਾਸ਼' ਵਿੱਚ ਅੰਕਿਤ ਕੀਤਾ ਹੈ:

**ਤਖ਼ਤ ਦਮਦਮੇ ਸੋਂ ਪੜ੍ਹੇ ਅਠਤਾਲੀ ਸਿੰਘ ਰਾਸ।**
**ਅਰਥ ਸੰਪਦਾ ਪਾਠ ਕੀ ਚਲੀ ਤਬੀ ਤੇ ਖਾਸ।**

ਗੁਰੂ ਗ੍ਰੰਥ ਸਾਹਿਬ ਦੀ ਸੰਪੂਰਨਤਾ ਪਿੱਛੋਂ ਗੁਰੂ ਜੀ ਨੇ ਬਚੀਆਂ ਹੋਈਆਂ ਕਲਮਾਂ ਅਤੇ ਸਿਆਹੀ ਆਦਿ ਹੋਰ ਸਮੱਗਰੀ ਲਿਖਣਸਰ ਦੇ ਟੋਭੇ ਵਿੱਚ ਪ੍ਰਵਾਹਿਤ ਕਰਕੇ ਇਸ ਧਰਤੀ ਨੂੰ 'ਗੁਰੂ ਕੀ ਕਾਸ਼ੀ' ਹੋਣ ਦਾ ਵਰਦਾਨ ਦਿੰਦਿਆਂ ਫ਼ੁਰਮਾਇਆ ਸੀ:

**ਇਹ ਹੈ ਪ੍ਰਗਟ ਹਮਾਰੀ ਕਾਸ਼ੀ। ਪੜ੍ਹ ਹੈਂ ਈਹਾਂ ਢੋਰ ਮਤ ਰਾਸੀ।**
**ਲੇਖਕ ਗੁਨੀ ਕਵਿੰਦ ਗਿਆਨੀ। ਬੁਧਿਸਿੰਧੁ ਹ੍ਵੈ ਹੈਂ ਇਤਿਆਨੀ।**
**ਤਿਨ ਕੇ ਕਾਰਨ ਕਲਮ ਗਢ, ਦੇਤ ਪ੍ਰਗਟ ਹਮ ਡਾਰ।**
**ਸਿਖ ਸਖਾ ਸਭ ਪੜ੍ਹੈਂਗੇ, ਹਮਰੇ ਕਈ ਹਜ਼ਾਰ।**

ਚੌਧਰੀ ਡੱਲੇ ਦਾ ਮਾਣ ਤੋੜਨ ਲਈ ਗੁਰੂ ਜੀ ਨੇ ਲਾਹੌਰ ਵਾਸੀ ਭਾਈ ਉਦੈ ਸਿੰਘ ਵੱਲੋਂ ਭੇਟ ਕੀਤੀ ਬੰਦੂਕ ਦੀ ਪਰਖ ਕਰਨ ਲਈ ਉਸਨੂੰ ਆਪਣੇ ਬਰਾੜ ਯੋਧੇ ਭੇਜਣ ਲਈ ਕਿਹਾ। ਪਰ ਡੱਲੇ ਦੇ ਸੈਨਿਕ ਅਣਿਆਈ ਮੌਤ ਮਰਨ ਤੋਂ ਕੋਰਾ ਜਵਾਬ ਦੇ ਗਏ। ਗੁਰੂ ਜੀ ਦਾ ਹੁਕਮ ਮੰਨ ਕੇ ਪਿਓ-ਪੁੱਤਰ ਬਾਬਾ ਬੀਰ ਸਿੰਘ ਤੇ ਬਾਬਾ ਧੀਰ ਸਿੰਘ ਨੇ ਖੁਦ ਨੂੰ ਗੁਰੂ ਜੀ ਦੇ ਸਨਮੁਖ ਪੇਸ਼ ਕੀਤਾ। ਇਨ੍ਹਾਂ ਮਰਜੀਵੜਿਆਂ ਦੀ ਯਾਦ ਵਿੱਚ ਇੱਥੇ ਇੱਕ ਗੁਰਦੁਆਰਾ ਮੌਜੂਦ ਹੈ। ਗੁਰੂ ਜੀ ਦੇ ਦਰਬਾਰ ਵਿੱਚ ਇੱਥੇ ਦਿੱਲੀ ਤੋਂ ਮਾਤਾਵਾਂ (ਮਾਤਾ ਸੁੰਦਰੀ ਤੇ ਮਾਤਾ ਸਾਹਿਬ ਕੌਰ) ਭਾਈ ਮਨੀ ਸਿੰਘ ਸਮੇਤ ਪਹੁੰਚੀਆਂ, ਤਾਂ ਉਨ੍ਹਾਂ ਨੂੰ ਆਪਣੇ ਸਾਹਿਬਜ਼ਾਦੇ ਨਜ਼ਰ ਨਾ ਆਏ। ਗੁਰੂ ਜੀ ਤੋਂ ਪੁੱਛਣ ਤੇ ਦਸਮੇਸ਼ ਪਿਤਾ ਨੇ ਭਰੇ ਦਰਬਾਰ ਵੱਲ ਸੰਕੇਤ ਕਰਕੇ ਫ਼ਰਮਾਇਆ:

**ਇਨ ਪੁਤਰਨ ਕੇ ਸੀਸ ਪਰ, ਵਾਰ ਦੀਏ ਸੁਤ ਚਾਰ।**
**ਚਾਰ ਮੂਏ ਤੋ ਕਿਆ ਹੂਆ, ਜੀਵਤ ਕਈ ਹਜ਼ਾਰ।**

ਉਸ ਯਾਦਗਾਰ ਦਾ ਪ੍ਰਤੀਕ ਇੱਕ ਗੁਰਦੁਆਰਾ (ਜੋ ਮਾਤਾਵਾਂ ਦੇ ਨਾਂ ਤੇ ਹੈ) ਇੱਥੇ ਸੁਭਾਇਮਾਨ ਹੈ। ਗੁਰਦੁਆਰਾ ਜੰਡਸਰ ਸਾਹਿਬ ਉਹ ਸਥਾਨ ਹੈ, ਜਿੱਥੇ ਗੁਰੂ ਜੀ ਨੇ ਜੰਡ ਨਾਲ ਘੋੜਾ ਬੰਨ੍ਹ ਕੇ ਆਪਣੇ ਸੈਨਿਕਾਂ ਨੂੰ ਗੁਪਤ ਖਜ਼ਾਨਾ ਕੱਢ ਕੇ ਤਨਖਾਹਾਂ ਵੰਡੀਆਂ ਸਨ। ਗੁਰਦੁਆਰਾ ਮਹੱਲਸਰ ਵਿਖੇ ਗੁਰੂ ਜੀ ਨੇ ਬੀਰ- ਰਸ ਦਾ ਪ੍ਰਤੀਕ ਮਹੱਲਾ ਖੇਡਿਆ ਸੀ। ਤਖ਼ਤ ਸਾਹਿਬ ਦੇ ਪਹਿਲੇ ਜਥੇਦਾਰ ਬਾਬਾ ਦੀਪ ਸਿੰਘ ਨਾਲ ਸਬੰਧਤ ਤਿੰਨ ਸਥਾਨ ਇੱਥੇ ਮੌਜੂਦ ਹਨ, ਜਿਨ੍ਹਾਂ ਵਿੱਚ ਭੋਰਾ ਸਾਹਿਬ, ਬੁਰਜ ਅਤੇ ਖੂਹ ਸ਼ਾਮਲ ਹਨ।

ਤਖ਼ਤ ਸਾਹਿਬ ਵਿਖੇ ਜੋ ਇਤਿਹਾਸਕ ਨਿਸ਼ਾਨੀਆਂ ਮੌਜੂਦ ਹਨ, ਉਨ੍ਹਾਂ ਵਿੱਚ ਇਤਿਹਾਸਕ ਬੰਦੂਕ, ਅਬਰੇ ਰਹਿਮਤ ਬਾਰ ਸ਼ੀਸ਼ਾ, ਤੇਗਾ ਬਾਬਾ ਦੀਪ ਸਿੰਘ, ਮੋਹਰ ਤਖ਼ਤ ਸਾਹਿਬ ਅਤੇ ਕ੍ਰਿਪਾਨ ਗੁਰੂ ਸਾਹਿਬ ਸ਼ਾਮਿਲ ਹਨ। ਇਸ ਤੋਂ ਬਿਨਾਂ ਭਾਈ ਡੱਲੇ ਦੇ ਖਾਨਦਾਨ ਕੋਲ ਵੀ ਗੁਰੂ- ਬਖ਼ਿਸ਼ਸ਼ ਦੁਆਰਾ ਰੱਖੀਆਂ ਕੁਝ ਦੁਰਲੱਭ ਤੇ ਪਵਿੱਤਰ ਵਸਤਾਂ ਪਈਆਂ ਹਨ, ਜਿਨ੍ਹਾਂ ਵਿੱਚ ਤੇਗਾ, ਸ਼੍ਰੀ ਸਾਹਿਬ, ਵੱਡੀ ਦਸਤਾਰ, ਛੋਟੀ ਦਸਤਾਰ, ਵੱਡਾ ਚੋਲਾ, ਛੋਟਾ ਚੋਲਾ, ਬਾਜ਼ ਦੀ ਡੋਰ, ਰੇਬ ਪਜਾਮਾ, ਮਾਤਾ ਸਾਹਿਬ ਕੌਰ ਦਾ ਰੇਬ ਪਜਾਮਾ ਅਤੇ ਛੋਟੇ ਆਕਾਰ ਦੀ ਬੀੜ ਸ਼ਾਮਿਲ ਹੈ। ਇਨ੍ਹਾਂ ਚੀਜ਼ਾਂ ਦੇ ਦਰਸ਼ਨ ਭਾਈ ਡੱਲ ਸਿੰਘ ਦੇ ਗ੍ਰਹਿ ਵਿਖੇ ਸਵੇਰ ਤੋਂ ਸ਼ਾਮ ਤੱਕ ਸੰਗਤਾਂ ਨੂੰ ਕਰਵਾਏ ਜਾਂਦੇ ਹਨ, ਜਦਕਿ ਕਿਸੇ ਸਮੇਂ ਹਰੇਕ ਚਾਨਣੀ ਦਸਮੀ ਨੂੰ ਹੀ ਇਹ ਵਸਤਾਂ ਵਿਖਾਈਆਂ ਜਾਂਦੀਆਂ ਸਨ।

ਵੀਹ-ਪੱਚੀ ਸਾਲ ਪਹਿਲਾਂ ਤੱਕ ਤਖਤ ਸਾਹਿਬ ਵਿਖੇ ਸੰਗਤਾਂ ਦੀ ਆਮਦ ਬਹੁਤ ਘੱਟ ਸੀ। ਪਰ ਹੁਣ ਵਿਸਾਖੀ ਤੋਂ ਇਲਾਵਾ ਆਮ ਦਿਨਾਂ ਵਿੱਚ ਵੀ ਸੰਗਤਾਂ ਦਾ ਇਕੱਠ ਬਹੁਤ ਹੁੰਦਾ ਹੈ। ਮੱਸਿਆ ਅਤੇ ਐਤਵਾਰ ਦੇ ਦਿਨਾਂ ਵਿੱਚ ਵਿਸ਼ੇਸ਼ ਦੀਵਾਨ ਲੱਗਦੇ ਹਨ ਜਿਸ ਵਿੱਚ ਢਾਡੀ ਤੇ ਕਵੀਸ਼ਰ ਗੁਰੂ-ਜੱਸ ਦਾ ਗਾਇਨ ਕਰਕੇ ਸੰਗਤਾਂ ਨੂੰ ਨਿਹਾਲ ਕਰਦੇ ਹਨ। ਇਨ੍ਹਾਂ ਦਿਨਾਂ ਵਿੱਚ ਇੱਥੇ ਅੰਮ੍ਰਿਤ- ਸੰਚਾਰ ਵੀ ਹੁੰਦਾ ਹੈ।

ਅੱਜ ਤੋਂ ਕਰੀਬ ਤਿੰਨ ਸੌ ਸਾਲ ਪਹਿਲਾਂ ਦਸਮੇਸ਼ ਪਿਤਾ ਨੇ ਜੋ ਵਰਦਾਨ ਇਸ ਬੰਜਰ ਭੂਮੀ ਤੇ ਪਛੜੇ ਇਲਾਕੇ ਨੂੰ ਦਿੱਤੇ ਸਨ, ਉਹ ਸਾਰੇ ਹੀ ਸਹਿਜਤਾ ਅਤੇ ਨਿਰੰਤਰਤਾ ਨਾਲ ਫਲੀਭੂਤ ਹੁੰਦੇ ਨਜ਼ਰ ਆ ਰਹੇ ਹਨ। ਉੱਚ-ਵਿੱਦਿਆ ਦੀ ਸਭ ਤੋਂ ਪਹਿਲੀ ਸੰਸਥਾ ਗੁਰੂ ਕਾਸ਼ੀ ਕਾਲਜ (ਜੋ ਹੁਣ ਪੰਜਾਬੀ ਯੂਨੀਵਰਸਿਟੀ ਗੁਰੂ ਕਾਸ਼ੀ ਕੈਂਪਸ ਦੇ ਨਾਂ ਨਾਲ ਜਾਣਿਆ ਜਾਂਦਾ ਹੈ) ਇੱਥੇ 1964 ਨੂੰ ਸਥਾਪਤ ਹੋਇਆ, 1988 ਵਿੱਚ ਪੰਜਾਬੀ ਯੂਨੀਵਰਸਿਟੀ ਨੇ ਆਪਣਾ ਕੈਂਪਸ ਸਥਾਪਤ ਕੀਤਾ,1977 ਵਿੱਚ ਸ਼੍ਰੋਮਣੀ ਕਮੇਟੀ ਵੱਲੋਂ ਮਾਤਾ ਸਾਹਿਬ ਕੌਰ ਗਰਲਜ਼ ਕਾਲਜ ਦੀ ਸਥਾਪਨਾ ਹੋਈ, ਦੋ ਯੂਨੀਵਰਸਿਟੀਆਂ- ਗੁਰੂ ਕਾਸ਼ੀ ਯੂਨੀਵਰਸਿਟੀ ਅਤੇ ਅਕਾਲ ਯੂਨੀਵਰਸਿਟੀ (ਕ੍ਰਮਵਾਰ 2011 ਅਤੇ 2015) ਤੋਂ ਇਲਾਵਾ ਇੱਥੇ ਸਕੂਲੀ ਪੜ੍ਹਾਈ ਲਈ ਬਹੁਤ ਸਾਰੇ ਸਰਕਾਰੀ ਤੇ ਪ੍ਰਾਈਵੇਟ ਵਿੱਦਿਅਕ ਅਦਾਰੇ 'ਗੁਰੂ ਕੀ ਕਾਸ਼ੀ' ਦੇ ਸੰਕਲਪ ਨੂੰ ਮੂਰਤੀਮਾਨ ਕਰ ਰਹੇ ਹਨ। ਹਰ ਸਾਲ ਗੁਰੂ ਗ੍ਰੰਥ ਸਾਹਿਬ-ਸੰਪੂਰਨਤਾ ਦਿਵਸ ਸਮੇਂ ਇੱਥੇ ਅਖੰਡ ਪਾਠ ਰੱਖਿਆ ਜਾਂਦਾ ਹੈ, ਜਿਸ ਦੌਰਾਨ ਸਕੂਲ/ਕਾਲਜ ਬੱਚਿਆਂ ਦੇ ਸ਼ਬਦ ਗਾਇਨ, ਕਵਿਤਾ, ਵਾਰ, ਕਵੀਸ਼ਰੀ ਆਦਿ ਕਈ ਪ੍ਰਕਾਰ ਦੇ ਮੁਕਾਬਲੇ ਵੀ ਆਯੋਜਿਤ ਕਰਵਾਏ ਜਾਂਦੇ ਹਨ।

**-ਪ੍ਰੋ. ਨਵ ਸੰਗੀਤ ਸਿੰਘ**
**# ਅਕਾਲ ਯੂਨੀਵਰਸਿਟੀ, ਤਲਵੰਡੀ ਸਾਬੋ, (ਬਠਿੰਡਾ)**

ਆਵਾਜ਼ਿ ਕੌਮ AWAZE QAUM International Newspaper & WEB TV

# ਐਮ.ਐਲ.ਐਮ ਪਬਲਿਕ ਸਕੂਲ ਵਿਚ ਲਾਇਆ ਡੈਂਟਲ ਚੈਕਅਪ ਕੈਂਪ

**ਫ਼ਿਰੋਜ਼ਪੁਰ, 28 ਅਗਸਤ (ਮਨੋਹਰ ਲਾਲ)** :— ਜੈਨੇਸਿਸ ਡੈਂਟਲ ਕਾਲਜ ਅਤੇ ਹਸਪਤਾਲ ਫ਼ਿਰੋਜ਼ਪੁਰ ਵੱਲੋਂ ਐਮ.ਐਲ.ਐਮ ਪਬਲਿਕ ਸਕੂਲ ਫ਼ਿਰੋਜ਼ਪੁਰ ਛਾਉਣੀ ਵਿਖੇ ਦੰਦਾਂ ਦਾ ਚੈਕਅਪ ਕੈਂਪ ਲਗਾਇਆ ਗਿਆ। ਇਸ ਕੈਂਪ ਵਿੱਚ ਡਾ: ਸੁਕੀਰਤ ਕੌਰ ਦੀ ਟੀਮ ਵੱਲੋਂ ਸਕੂਲ ਦੇ ਸਾਰੇ ਬੱਚਿਆਂ ਦੇ ਦੰਦਾਂ ਦੀ ਜਾਂਚ ਕੀਤੀ ਗਈ ਅਤੇ ਬੱਚਿਆਂ ਨੂੰ ਬੁਰਸ਼ ਕਰਨ ਦੇ ਸਹੀ ਤਰੀਕੇ ਸਮੇਤ ਦੰਦਾਂ ਨਾਲ ਸਬੰਧਿਤ ਹਰ ਪਰਿਕਾਰ ਦੀ ਜਾਣਕਾਰੀ ਸਾਂਝੀ ਕੀਤੀ। ਉਨ੍ਹਾਂ ਦੱਸਿਆ ਕਿ ਦੰਦਾਂ ਦੀ ਸੰਭਾਲ ਕਿਵੇਂ ਕਰਨੀ ਚਾਹੀਦੀ ਹੈ ਅਤੇ ਖਰਾਬ ਦੰਦ ਕਿਸ ਤਰ੍ਹਾਂ ਕਈ ਬਿਮਾਰੀਆਂ ਦਾ ਕਾਰਨ ਬਣਦੇ ਹਨ। ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਅਨਿਲ ਕੁਮਾਰ ਨੇ ਕਿਹਾ ਕਿ ਬੱਚਿਆਂ ਦੇ ਸਰਵਪੱਖੀ ਵਿਕਾਸ ਵਿੱਚ ਸਰੀਰਕ ਵਿਕਾਸ ਬਹੁਤ ਜ਼ਰੂਰੀ ਹੈ ਅਤੇ ਅੱਜ—ਕੱਲ੍ਹ ਬਹੁਤ ਜਿਆਦਾ ਜੰਕ ਫੂਡ ਖਾਣ ਨਾਲ ਬੱਚਿਆਂ ਨੂੰ ਕੈਵਿਟੀ ਦਾ ਖਤਰਾ ਰਹਿੰਦਾ ਹੈ। ਇਸ ਦੇ ਮੱਦੇਨਜ਼ਰ ਅੱਜ ਦੇ ਯੁੱਗ ਵਿੱਚ ਇਸ ਤਰ੍ਹਾਂ ਦੇ ਕੈਂਪ ਦਾ ਆਯੋਜਨ ਜ਼ਰੂਰੀ ਹੋ ਗਿਆ ਹੈ। ਇਸ ਮੌਕੇ ਬੋਲਦਿਆਂ ਸਕੂਲ ਪ੍ਰਿੰਸੀਪਲ ਨੇ ਕਿਹਾ ਕਿ ਜਿਸ ਤਰ੍ਹਾਂ ਅਸੀਂ ਆਪਣੇ ਸਰੀਰ ਦੇ ਹੋਰ ਅੰਗਾਂ ਦੀ ਜਾਂਚ ਕਰਵਾਉਂਦੇ ਹਾਂ, ਇਸੇ ਤਰ੍ਹਾਂ ਸਾਡੇ ਦੰਦਾਂ ਨੂੰ ਵੀ ਦੰਦਾਂ ਦੇ ਡਾਕਟਰ ਦੁਆਰਾ ਸਮੇਂ—ਸਮੇਂ ਤੇ ਚੈਕਅਪ ਕਰਵਾਉਂਦੇ ਰਹਿਣਾ ਚਾਹੀਦਾ ਹੈ ਅਤੇ ਸਾਡੇ ਦੰਦਾਂ ਦੀ ਸਮੇਂ—ਸਮੇਂ ਤੇ ਜਾਂਚ ਕਰਵਾਉਣੀ ਚਾਹੀਦੀ ਹੈ। ਅੰਤ ਵਿੱਚ ਪੀ.ਆਰ.ਓ ਰਣਜੀਤ ਸਿੰਘ ਅਤੇ ਮਨਜੀਤ ਸਿੰਘ ਵੱਲੋਂ ਸਕੂਲੀ ਬੱਚਿਆਂ ਨੂੰ ਬੁਰਸ਼ ਕਰਨ ਦਾ ਤਰੀਕਾ ਦੱਸਦੇ ਹੋਏ ਬੁਰਸ਼ ਅਤੇ ਟੂਥਪੇਸਟ ਵੰਡੇ ਗਏ।

ਆਵਾਜ਼ਿ ਕੌਮ AWAZE QAUM International Newspaper & WEB TV

